JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

Fair Advice Financial | Care Wealth Management Inc.
RDSP (Registered Disability Savings Plan)
Disabled person who is eligible for Disability Tax Credit.
And who is 49 years old or younger.
By contributing in an RDSP Plan he/she may be eligible to receive up to$90,000 in government bonds & grants.
Contact :
647-951-7900
SUKHWINDER NAHAL CFP, CLU Financial Planner
www.fairadvicefinancial.com
7900 Hurontario St., Suite 308, Brampton, ON, L6Y 0P6

To view our online newspaper visit punjabipost.ca/epaper | Vol 21* Issue 178 | Friday, September 16, 2022 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਫੋਰਡ ਨੇ ਦਿੱਤੀ ਮਹਾਰਾਣੀ ਐਲਿਜ਼ਾਬੈੱਥ ਨੂੰ ਸ਼ਰਧਾਂਜਲੀ

ਓਨਟਾਰੀਓ, 15 ਸਤੰਬਰ (ਪੋਸਟ ਬਿਊਰੋ) : ਬੁੱਧਵਾਰ ਨੂੰ ਓਨਟਾਰੀਓ ਦੇ ਪ੍ਰੀਮੀਅਰ ਡੱਗ ਫੋਰਡ ਨੇ ਮਹਾਰਾਣੀ ਐਲਿਜ਼ਾਬੈੱਥ ਨੂੰ ਸ਼ਰਧਾਂਜਲੀ ਦਿੰਦਿਆਂ ਆਖਿਆ ਕਿ ਔਖੇ ਵੇਲਿਆਂ ਵਿੱਚ ਵੀ ਕਦੇ ਮਹਾਰਾਣੀ ਨੇ ਆਪਣੇ ਲੋਕਾਂ ਦਾ ਸਾਥ ਨਹੀਂ ਛੱਡਿਆ ਤੇ ਹਮੇਸ਼ਾਂ ਉਨ੍ਹਾਂ ਦੇ ਨਾਲ ਖੜ੍ਹਦੀ ਰਹੀ। ਇਸ ਤੋਂ ਇਲਾਵਾ ਉਨ੍ਹਾਂ ਲੋਕਾਂ ਦੀ ਕਈ ਸਾਧਨਾਂ ਰਾਹੀਂ ਅਣਥੱਕ ਸੇਵਾ ਕੀਤੀ।



ਪ੍ਰੋਵਿੰਸ ਦੀ ਵਿਧਾਨਸਭਾ ਵੱਲੋਂ ਮਹਾਰਾਣੀ ਐਲਿਜ਼ਾਬੈੱਥ ਨੂੰ ਬੁੱਧਵਾਰ ਸਵੇਰੇ ਸ਼ਰਧਾਂਜਲੀ ਅਦਾ ਕੀਤੀ ਗਈ। ਪਿਛਲੇ ਵੀਰਵਾਰ ਨੂੰ ਮਹਾਰਾਣੀ ਦੀ ਹੋਈ ਮੌਤ ਤੋਂ ਬਾਅਦ ਬ੍ਰਿਟੇਨ ਵਾਂਗ ਹੀ ਕੈਨੇਡਾ ਵਿੱਚ ਵੀ ਸੋਗ ਦੀ ਲਹਿਰ ਪਾਈ ਜਾ ਰਹੀ ਹੈ। ਇਸ ਮੌਕੇ ਫੋਰਡ ਨੇ ਆਖਿਆ ਕਿ ਮਹਾਰਾਣੀ ਦੀ ਮੌਤ ਕਾਰਨ ਉਹ ਨਿਜੀ ਤੌਰ ਉੱਤੇ ਗਮਜ਼ਦਾ ਹਨ। ਆਪਣੇ ਭਾਸ਼ਣ ਵਿੱਚ ਉਨ੍ਹਾਂ ਆਖਿਆ ਕਿ ਮਹਾਰਾਣੀ ਐਲਿਜ਼ਾਬੈੱਥ ਦਾ ਪ੍ਰਭਾਵ ਕਾਫੀ ਦੂਰ ਤੱਕ ਸੀ। ਆਪਣੇ ਸ਼ਾਸਨਕਾਲ ਦੌਰਾਨ ਉਨ੍ਹਾਂ 600 ਚੈਰਿਟੀਜ਼ ਦੀ ਮਦਦ ਕੀਤੀ। ਉਨ੍ਹਾਂ ਹਰ ਕਿਤੇ ਲੋਕਾਂ ਦੀਆਂ ਜ਼ਿੰਦਗੀਆਂ ਸੰਵਾਰਨ ਲਈ ਅਣਗਿਣਤ ਸਮੇਂ ਵਾਸਤੇ ਕੰਮ ਕੀਤਾ। ਉਨ੍ਹਾਂ ਆਖਿਆ ਕਿ ਉਨ੍ਹਾਂ ਦੇ ਚੇਤਿਆਂ ਵਿੱਚ ਹਮੇਸ਼ਾਂ ਮਹਾਰਾਣੀ ਐਲਿਜ਼ਾਬੈੱਥ ਰਹਿਣ-ਗੇ।

ਫੋਰਡ ਨੇ ਅੱਗੇ ਆਖਿਆ ਕਿ ਸਾਨੂੰ ਸਾਰਿਆਂ ਨੂੰ ਜੋੜ ਕੇ ਰੱਖਣ ਲਈ ਮਹਾਰਾਣੀ ਐਲਿਜ਼ਾਬੈੱਥ ਇੱਕ ਸਾਂਝੀ ਕੜੀ ਸੀ। ਇਸ ਮੌਕੇ ਐਨਡੀਪੀ ਆਗੂ ਪੀਟਰ ਟੈਬੰਜ਼, ਕਿੰਗਫਿਸ਼ਰ ਲੇਕ ਫਰਸਟ ਨੇਸ਼ਨ ਦੇ ਮੈਂਬਰ ਸੋਲ ਮਾਮਾਕਾਵਾ ਨੇ ਵੀ ਮਹਾਰਾਣੀ ਐਲਿਜ਼ਾਬੈੱਥ ਨੂੰ ਸ਼ਰਧਾਂਜਲੀ ਦਿੱਤੀ।

## ਪਾਰਲੀਆਮੈਂਟ ਦੇ ਸਪੈਸ਼ਲ ਸੈਸ਼ਨ ਵਿੱਚ ਟਰੂਡੋ ਤੇ ਐਮਪੀਜ਼ ਨੇ ਮਹਾਰਾਣੀ ਐਲਿਜ਼ਾਬੈੱਥ ਨੂੰ ਦਿੱਤੀ ਸ਼ਰਧਾਂਜਲੀ

ਓਟਵਾ, 15 ਸਤੰਬਰ (ਪੋਸਟ ਬਿਊਰੋ) : ਮਹਾਰਾਣੀ ਐਲਿਜ਼ਾਬੈੱਥ ਦੀ ਯਾਦ ਵਿੱਚ ਰੱਖੇ ਗਏ ਸਪੈਸ਼ਲ ਸੈਸ਼ਨ ਵਿੱਚ ਹਿੱਸਾ ਲੈਣ ਲਈ ਵੀਰਵਾਰ ਨੂੰ ਸ਼ਡਿਊਲ ਤੋਂ ਪਹਿਲਾਂ ਹੀ ਮੈਂਬਰ ਪਾਰਲੀਆਮੈਂਟ ਓਟਵਾ ਪਰਤੇ। ਇਸ ਸੋਗ ਸੈਸ਼ਨ ਵਿੱਚ ਬਹੁਤੇ ਐਮਪੀਜ਼ ਨੇ ਕਾਲੇ ਰੰਗ ਦੇ ਕੱਪੜੇ ਪਾ ਕੇ ਹਿੱਸਾ ਲਿਆ। ਇਸ ਦੌਰਾਨ ਬਾਦਸ਼ਾਹ ਚਾਰਲਸ ਦੇ ਰਾਜਗੱਦੀ ਸਾਂਭਣ ਉੱਤੇ ਖੁਸ਼ੀ ਦਾ ਇਜ਼ਹਾਰ ਵੀ ਕੀਤਾ ਗਿਆ। ਸੋਮਵਾਰ ਨੂੰ ਮਹਾਰਾਣੀ ਦੀ ਯਾਦ ਵਿੱਚ ਕੌਮੀ ਪੱਧਰ ਉੱਤੇ ਕਰਵਾਏ ਜਾ ਰਹੇ ਯਾਦਗਾਰੀ ਸਮਾਰੋਹ ਤੋਂ ਪਹਿਲਾਂ ਹਾਊਸ ਆਫ ਕਾਮਨਜ਼ ਵਿੱਚ ਐਮਪੀਜ਼ ਨੂੰ ਮਹਾਰਾਣੀ ਨੂੰ ਸ਼ਰਧਾਂਜਲੀ ਅਦਾ ਕਰਨ ਦਾ ਇਤਿਹਾ-



ਸਕ ਮੌਕਾ ਦਿੱਤਾ ਗਿਆ। ਇਸ ਮੌਕੇ ਕਈ ਐਮਪੀਜ਼ ਵੱਲੋਂ ਮਹਾਰਾਣੀ ਨੂੰ ਭਾਸ਼ਣ ਦੇ ਕੇ ਸ਼ਰਧਾਂਜਲੀ ਦਿੱਤੀ ਗਈ ਤੇ ਐਮਪੀਜ਼ ਵੱਲੋਂ ਇਸ ਸੈਸ਼ਨ ਨੂੰ ਦੂਜੇ ਦਿਨ ਭਾਵ ਸ਼ੁੱਕਰਵਾਰ ਨੂੰ ਜਾਰੀ ਰੱਖਣ ਉੱਤੇ ਵੀ ਸਹਿਮਤੀ ਪ੍ਰਗਟਾਈ ਗਈ। ਇਸ ਤੋਂ ਮਤਲਬ ਇਹ ਹੈ ਕਿ ਐਮਪੀਜ਼ ਵੱਲੋਂ ਆਪਣੇ ਭਾਸ਼ਣਾਂ ਵਿੱਚ ਮਹਾਰਾਣੀ ਨੂੰ ਸ਼ਰਧਾਂਜਲੀ ਦੇਣ ਦਾ ਇਹ ਸਿਲਸਿਲਾ ਸ਼ੁੱਕਰਵਾਰ ਨੂੰ ਵੀ ਜਾਰੀ ਰਹੇਗਾ।

ਵੀਰਵਾਰ ਸਵੇਰੇ ਸ਼ੁਰੂ ਹੋਏ ਇਸ ਸੈਸ਼ਨ ਵਿੱਚ ਸੱਭ ਤੋਂ ਪਹਿਲਾਂ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਮਹਾਰਾਣੀ ਐਲਿਜ਼ਾਬੈੱਥ ਨੂੰ ਸ਼ਰਧਾਂਜਲੀ ਦਿੱਤੀ। ਉਨ੍ਹਾਂ ਤੋਂ ਬਾਅਦ ਕੰਜ਼ਰਵੇਟਿਵ ਆਗੂ ਪਿਏਰ ਪੌਲੀਐਵਰ ਨੇ ਹਾਊਸ ਆਫ ਕਾਮਨਜ਼ ਵਿੱਚ ਆਪਣੀ ਨਵੀਂ ਪਾਰੀ ਦੀ ਸ਼ੁਰੂਆਤ ਮਹਾਰਾਣੀ ਨੂੰ ਸ਼ਰਧਾਂਜਲੀ ਦੇ ਕੇ ਕੀਤੀ। ਇਨ੍ਹਾਂ ਤੋਂ ਇਲਾਵਾ ਬਲਾਕ ਕਿਊਬਿਕੁਆ ਆਗੂ ਯਵੇਸ ਫਰੈਂਕੋਇਸ ਬਲੈਂਸ਼ੇ, ਐਨਡੀਪੀ ਆਗੂ ਜਗਮੀਤ ਸਿੰਘ, ਗ੍ਰੀਨ ਪਾਰਟੀ ਐਮਪੀ ਮਾਈਕ ਮੌਰਿਸ ਨੇ ਵੀ ਮਹਾਰਾਣੀ ਨੂੰ ਸ਼ਰਧਾਂਜਲੀ ਦਿੱਤੀ। ਜਦੋਂ ਹਰ ਪਾਰਟੀ ਦੇ ਆਗੂ ਵੱਲੋਂ ਮਹਾਰਾਣੀ ਨੂੰ ਸ਼ਰਧਾਂਜਲੀ ਦੇ ਦਿੱਤੀ ਗਈ ਤਾਂ ਚੇਂਬਰ ਵਿੱਚ ਕੁੱਝ ਪਲ ਦਾ ਮੌਨ ਧਾਰਿਆ ਗਿਆ। ਇਸ ਤੋਂ ਬਾਅਦ 10-10 ਮਿੰਟ ਲਈ ਐਮਪੀਜ਼ ਆ ਕੇ ਮਹਾਰਾਣੀ ਨੂੰ ਚੇਤੇ ਕਰਕੇ ਸ਼ਰਧਾਂਜਲੀ ਦਿੰਦੇ ਰਹੇ।

### ਮਹਾਰਾਣੀ ਐਲਿਜ਼ਾਬੈੱਥ ਦੇ ਸਸਕਾਰ ਵਿਚ ਹਿੱਸਾ ਲੈਣ ਲਈ ਲੰਡਨ ਜਾਣ ਵਾਲੇ ਵਫਦ ਵਿਚ ਟਰੂਡੋ ਤੇ ਚਾਰ ਸਾਬਕਾ ਪ੍ਰਧਾਨ ਮੰਤਰੀ ਹੋਣਗੇ ਸ਼ਾਮਲ

ਓਟਵਾ, 15 ਸਤੰਬਰ (ਪੋਸਟ ਬਿਊਰੋ) : ਮਹਾਰਾਣੀ ਐਲਿਜ਼ਾਬੈੱਥ ਦੋਇਮ ਦੇ ਅੰਤਿਮ ਸਸਕਾਰ ਵਿੱਚ ਹਿੱਸਾ ਲੈਣ ਲਈ ਕੈਨੇਡਾ ਤੋਂ 15 ਮੈਂਬਰੀ ਵਫਦ ਲੰਡਨ ਜਾਵੇਗਾ। ਇਸ ਵਫਦ ਵਿੱਚ ਕਈ ਮੁੱਖ ਹਸਤੀਆਂ ਦੇ ਨਾਲ ਨਾਲ ਮੌਜੂਦਾ ਤੇ ਸਾਬਕਾ ਪ੍ਰਧਾਨ ਮੰਤਰੀ ਵੀ ਸ਼ਾਮਲ ਹੋਣਗੇ। ਪ੍ਰਧਾਨ ਮੰਤਰੀ ਜਸਟਿਨ ਟਰੂਡੋ ਤੇ ਗਵਰਨਰ ਜਨਰਲ ਮੈਰੀ ਸਾਇਮਨ ਤੋਂ ਇਲਾਵਾ ਚਾਰ ਸਾਬਕਾ ਪ੍ਰਧਾਨ ਮੰਤਰੀ, ਜਿਨ੍ਹਾਂ ਵਿੱਚ ਸਟੀਫਨ ਹਾਰਪਰ, ਪਾਲ ਮਾਰਟਿਨ, ਜੀਨ ਕ੍ਰੈਚੀਅਨ ਤੇ ਕਿਮ ਕੈਂਪਬੈਲ ਸ਼ਾਮਲ ਹਨ, ਦੇ ਨਾਲ ਨਾਲ ਸਾਬਕਾ ਗਵਰਨਰ ਜਨਰਲ ਮਾਈਕਲ ਜੀਨ ਤੇ ਡੇਵਿਡ ਜੌਹਨਸਨ ਵੀ ਇਸ ਵਫਦ ਦਾ ਹਿੱਸਾ ਹੋਣਗੇ। ਅਸੈਂਬਲੀ ਆਫ ਫਰਸਟ ਨੇਸ਼ਨਜ਼ ਦੇ ਨੈਸ਼ਨਲ ਚੀਫ ਰੋਜ਼ਐਨ ਆਰਚੀਬਾਲਡ, ਇਨੁਇਟ ਦੇ ਪ੍ਰੈਜ਼ੀਡੈਂਟ ਤਾਪੀਰਿਤ ਕਨਾਤਾਮੀ ਨਾਤਾਨ ਓਬੈੱਡ, ਮੈਟਿਸ ਨੈਸ਼ਨਲ ਕਾਊਂਸਲ ਦੇ ਪ੍ਰੈਜ਼ੀਡੈਂਟ ਕੈਸਿਡੀ ਕੈਰਨ ਵੀ ਵਫਦ ਵਿੱਚ ਸ਼ਾਮਲ ਹੋਣਗੇ।

ਇਨ੍ਹਾਂ ਤੋਂ ਇਲਾਵਾ ਆਰਡਰ ਆਫ ਕੈਨੇਡਾ ਹਾਸਲ ਕਰਨ ਵਾਲੀ ਅਦਾਕਾਰਾ ਸੈਂਡਰਾ ਓਹ, ਓਲੰਪੀਅਨ ਮਾਰਕ ਟਿਊਕਸਬਰੀ ਤੇ ਕਿਊਬਿਕ ਦੇ ਗਾਇਕ ਗ੍ਰੈਗਰੀ ਚਾਰਲਸ ਵੀ ਮਹਾਰਾਣੀ ਦੀਆਂ ਅੰਤਿਮ ਰਸਮਾਂ ਦਾ ਹਿੱਸਾ ਬਣਨਗੇ। ਮਹਾਰਾਣੀ ਐਲਿਜ਼ਾਬੈੱਥ ਦਾ ਅੰਤਿਕ ਸਸਕਾਰ ਸੋਮਵਾਰ ਨੂੰ ਲੰਡਨ ਵਿੱਚ ਕੀਤਾ ਜਾਵੇਗਾ। ਅੰਤਿਮ ਰਸਮਾਂ ਤੋਂ ਬਾਅਦ ਓਟਵਾ ਵਿੱਚ ਮਹਾਰਾਣੀ ਦੀ ਯਾਦ ਵਿੱਚ ਇੱਕ ਕੌਮੀ ਸਮਾਰੋਹ ਕਰਵਾਇਆ ਜਾਵੇਗਾ ਜਿਸ ਵਿੱਚ ਸਾਬਕਾ ਪ੍ਰਧਾਨ ਮੰਤਰੀ ਬ੍ਰਾਇਨ ਮਲਰੋਨੀ ਤੇ ਜੋਅ ਕਲਾਰਕ ਹਿੱਸਾ ਲੈਣਗੇ। ਇਸ ਮੌਕੇ ਮੈਂਬਰ ਪਾਰਲੀਆਮੈਂਟ ਤੋਂ ਇਲਾਵਾ ਕਈ ਹੋਰ ਅਹਿਮ ਹਸਤੀਆਂ ਮੌਜੂਦ ਰਹਿਣਗੀਆਂ। ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ 19 ਸਤੰਬਰ ਨੂੰ ਫੈਡਰਲ ਛੁੱਟੀ ਦਾ ਐਲਾਨ ਕੀਤਾ ਗਿਆ ਹੈ। ਇਸ ਦੇ ਨਾਲ ਹੀ ਸੋਮਵਾਰ ਨੂੰ ਓਟਵਾ ਵਿੱਚ ਮਨਾਏ ਜਾਣ ਵਾਲੇ ਯਾਦਗਾਰੀ ਸਮਾਰੋਹ ਦੌਰਾਨ ਮਿਲਟਰੀ ਪਰੇਡ ਤੇ ਗੰਨ ਸਲਾਮੀ ਵੀ ਦਿੱਤੀ ਜਾਵੇਗੀ।

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Aaxel InsuranceBrokers Ltd. 1332 Khalsa Dr, Unit # 11, Mississauga, ON L5S 0A2

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty Off: 905.230.3100

NOW HIRING !!!
ALLKIND INSURANCE
Life Insurance
Critical illness Ins
Travel & Visitor Ins
RESP & TFSA & RRSP
Super Visa Insurance
Mortgage Insurance
Disability Insurance
Funeral Insurance
SIMRAN SAINI
416.994.7272
www.allkindinsurance.com

OURR HOME & APPLIANCES
UPGRADE IN JUST $299*
LABOUR DAY Special
$5699*
KitchenAid Moffat MAYTAG LG SAMSUNG Electrolux JENNAIR BOSCH Whirlpool
Unit #1, 241 Clarence, St Brampton, On L6W 3E7. (416) 551 3343 | 44 Fasken Dr. # 2-9 Etobicoke, On M9W 5M8. (416) 792-0877 | Unit #6 410 Lewis Road, Stoney Creek, On L8E 5Y7, (905) 643-0818 | Unit #4 - 1540 Fanshawe Park Road West London, On N6H 5L8 519-641-1010
416-551-5553
WWW.OURRHOMEAPPLIANCES.COM

Pure Vegetarian
MUFFIN'S
INDIAN SWEETS & RESTAURANT
CALL (905)794-3007
NOW OPEN AT EMBASSY GRAND PLAZA
#6-8770 THE GORE RD, BRAMPTON, ON L6P 0B1
SPECIAL OFFER
FREE CHOLE BHATURE WHEN YOU SPEND OVER $20
TIFFEN SERVICES ARE ALSO AVAILABLE

INSURANCE
Home
Auto
Business
Trucking
Life Insurance
Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
KSG Pest Control Inc.
www.ksgpestcontrol.ca
ksgpestcontrol@gmail.com
Amarjeet Singh Gill

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc. Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

KELLEY LAW OFFICE
Immigration
Real Estate
Family Law
Business Closing
Corporate
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755


CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

Royal Pest Control
Residential Commercial Industrial
Specialist in Bedbugs Service
All Pest Control :
Mouse & Rats
Spiders & Fleas
Bedbugs
Wasps
Cockroaches
Carpenter Ants
Silver Fish
Racoons
Call : PARESH PATEL
416 938 4598

ਨਵਾਂ ਘਾਹ ਲਵਾਉ | 647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

MANN LAW FIRM
Real Estate Law
Business Law
Wills & Estates
Family Law
Power of Attorney
Civil Litigation
Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਪੌਲੀਏਵਰ ਨੇ ਸ਼ੀਅਰ ਨੂੰ ਵਿਰੋਧੀ ਧਿਰ ਦੇ ਹਾਊਸ ਲੀਡਰ ਦੀ ਭੂਮਿਕਾ ਲਈ ਚੁਣਿਆ




ਓਟਵਾ, 15 ਸਤੰਬਰ (ਪੋਸਟ ਬਿਊਰੋ) : ਪਿਏਰ ਪੌਲੀਏਵਰ ਨੇ ਕੰਜ਼ਰਵੇਟਿਵ ਪਾਰਟੀ ਦੇ ਸਾਬਕਾ ਆਗੂ ਐਂਡਰਿਊ ਸ਼ੀਅਰ ਨੂੰ ਹਾਊਸ ਆਫ ਕਾਮਨਜ਼ ਵਿੱਚ ਆਪਣਾ ਚੀਫ ਲੈਫਟੀਨੈਂਟ ਬਣਨ ਲਈ ਨਿਯੁਕਤ ਕੀਤਾ ਹੈ। ਸ਼ੀਅਰ ਪਾਰਲੀਆਮੈਂਟ ਵਿੱਚ ਵਿਰੋਧੀ ਧਿਰ ਦੇ ਹਾਊਸ ਲੀਡਰ ਦੀ ਭੂਮਿਕਾ ਨਿਭਾਉਣਗੇ।

ਆਪਣੀ ਨਵੀਂ ਲੀਡਰਸ਼ਿਪ ਟੀਮ ਦਾ ਐਲਾਨ ਕਰਦਿਆਂ ਪੌਲੀਏਵਰ ਨੇ ਅੱਜ ਨੌਂ ਅਹਿਮ ਨਿਯੁਕਤੀਆਂ ਦਾ ਖੁਲਾਸਾ ਕੀਤਾ। 2017 ਵਿੱਚ ਸ਼ੀਅਰ ਸਾਬਕਾ ਪ੍ਰਧਾਨ ਮੰਤਰੀ ਸਟੀਫਨ ਹਾਰਪਰ ਦੀ ਥਾਂ ਪਾਰਟੀ ਆਗੂ ਬਣੇ ਸਨ। ਪਰ ਦੋ ਸਾਲ ਬਾਅਦ ਹੀ 2019 ਦੀਆਂ ਫੈਡਰਲ ਚੋਣਾਂ ਵਿੱਚ ਪਾਰਟੀ ਦੇ ਦੂਜੇ ਸਥਾਨ ਉੱਤੇ ਰਹਿਣ ਕਾਰਨ ਉਨ੍ਹਾਂ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ।

ਸ਼ੀਅਰ ਤੋਂ ਇਲਾਵਾ ਪੌਲੀਏਵਰ ਦੀ ਇਸ ਟੀਮ ਵਿੱਚ ਲੰਮੇਂ ਸਮੇਂ ਤੋਂ ਕੰਜ਼ਰਵੇਟਿਵ ਐਮਪੀ ਚੱਲੇ ਆ ਰਹੇ ਟਿੰਮ ਉੱਪਲ ਤੇ ਮੈਲਿਸਾ ਲੈਂਟਸਮੈਨ ਪੌਲੀਏਵਰ ਦੇ ਡਿਪਟੀ ਲੀਡਰਜ਼ ਦੀ ਭੂਮਿਕਾ ਵਿੱਚ ਨਜ਼ਰ ਆਉਣਗੇ। ਇਨ੍ਹਾਂ ਤੋਂ ਇਲਾਵਾ ਪਾਰਟੀ ਦੀ ਵ੍ਹਿਪ ਕੈਰੀ ਲਿਨ ਫਿੰਡਲੇਅ ਹੋਵੇਗੀ ਤੇ ਕਿਊਬਿਕ ਤੋਂ ਪਿਏਰ ਪਾਲ-ਹਸ ਨੂੰ ਵੀ ਟੀਮ ਵਿੱਚ ਸ਼ਾਮਲ ਕੀਤਾ ਗਿਆ ਹੈ।

# ਪੌਲੀਏਵਰ ਦੀ ਗੈਰਜ਼ਿੰਮੇਵਰਾਨਾ ਸਿਆਸਤ ’ਤੇ ਟਰੂਡੋ ਨੇ ਸਾਧਿਆ ਨਿਸ਼ਾਨਾ

ਸੇਂਟ ਐਂਡਰਿਊਜ਼, 15 ਸਤੰਬਰ (ਪੋਸਟ ਬਿਊਰੋ) : ਨਵੇਂ ਕੰਜ਼ਰਵੇਟਿਵ ਆਗੂ ਪਿਏਰ ਪੌਲੀਏਵਰ ਉੱਤੇ ਸਿੱਧਾ ਹਮਲਾ ਬੋਲਦਿਆਂ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਆਖਿਆ ਕਿ ਕੈਨੇਡਾ ਨੂੰ ਗੈਰਜ਼ਿੰਮੇਵਰਾਨਾ ਸਿਆਸਤ ਦੀ ਨਹੀਂ ਸਗੋਂ ਜ਼ਿੰਮੇਵਾਰ ਲੀਡਰਸ਼ਿਪ ਦੀ ਲੋੜ ਹੈ।



ਲਿਬਰਲ ਐਮਪੀਜ਼ ਦੇ ਤਿੰਨ ਰੋਜ਼ਾ ਰਟਰੀਟ ਸਮਾਰੋਹ ਦੀ ਮੁਕੰਮਲ ਕਾਕਸ ਮੀਟਿੰਗ ਵਿੱਚ ਗੱਲ ਕਰਦਿਆਂ ਟਰੂਡੋ ਨੇ ਆਖਿਆ ਕਿ ਸੱਭ ਤੋਂ ਪਹਿਲਾਂ ਉਹ ਸ਼ਨਿੱਚਰਵਾਰ ਨੂੰ ਪੌਲੀਏਵਰ ਨੂੰ ਆਪਣੀ ਪਾਰਟੀ ਦੀ ਲੀਡਰਸ਼ਿਪ ਦੌੜ ਜਿੱਤਣ ਲਈ ਵਧਾਈ ਦਿੰਦੇ ਹਨ। ਇਸ ਤੋਂ ਤੁਰੰਤ ਬਾਅਦ ਹੀ ਆਪਣਾ ਸੁਰ ਬਦਲਦਿਆਂ ਟਰੂਡੋ ਨੇ ਆਖਿਆ ਕਿ ਇਹ ਸਮਾਂ ਸਿਆਸਤਦਾਨਾਂ ਵੱਲੋਂ ਲੋਕਾਂ ਦੀਆਂ ਭਾਵਨਾਵਾਂ ਨਾਲ ਖੇਡਣ ਜਾਂ ਲੋਕਾਂ ਨੂੰ ਇੱਕ ਦੂਜੇ ਖਿਲਾਫ ਖੜ੍ਹਾ ਕਰਨ ਦਾ ਨਹੀਂ ਹੈ।

150 ਦੇ ਲੱਗਭਗ ਲਿਬਰਲ ਐਮਪੀਜ਼ ਦੇ ਇੱਕਠ ਨੂੰ ਸੰਬੋਧਨ ਕਰਦਿਆਂ ਟਰੂਡੋ ਨੇ ਅੱਗੇ ਆਖਿਆ ਕਿ ਸਾਡੇ ਸਮਾਜ ਨੂੰ ਸੇਫ ਤੇ ਮੁਕਤ ਬਣਾਉਣ ਵਾਲੀਆਂ ਸੰਸਥਾਂਵਾਂ ਉੱਤੇ ਹਮਲਾ ਬੋਲਣਾ ਜ਼ਿੰਮੇਵਾਰ ਲੀਡਰਸ਼ਿਪ ਦੀ ਨਿਸ਼ਾਨੀ ਨਹੀਂ ਹੈ। ਜ਼ਿਕਰਯੋਗ ਹੈ ਕਿ ਲੀਡਰਸ਼ਿਪ ਕੈਂਪੇਨ ਦੌਰਾਨ ਪੌਲੀਏਵਰ ਨੇ ਬੈਂਕ ਆਫ ਕੈਨੇਡਾ ਉੱਤੇ ਆਪਣੀਆਂ ਜ਼ਿੰਮੇਵਾਰੀਆਂ ਤੋਂ ਭੱਜਣ ਦਾ ਦੋਸ਼ ਲਾਇਆ ਸੀ। ਇੱਥੇ ਹੀ ਬੱਸ ਨਹੀਂ ਉਨ੍ਹਾਂ ਇਹ ਵੀ ਆਖਿਆ ਸੀ ਕਿ ਟਰੂਡੋ ਦੀ ਸ਼ਾਹ ਖਰਚੀ ਲਈ ਬੈਂਕ ਆਫ ਕੈਨੇਡਾ ਏਟੀਐਮ ਬਣਿਆ ਹੋਇਆ ਹੈ। ਪੌਲੀਏਵਰ ਇੱਥੋਂ ਤੱਕ ਆਖ ਚੁੱਕੇ ਹਨ ਕਿ ਜੇ ਉਹ ਪ੍ਰਧਾਨ ਮੰਤਰੀ ਬਣਦੇ ਹਨ ਤਾਂ ਉਹ ਬੈਂਕ ਆਫ ਕੈਨੇਡਾ ਦੇ ਗਵਰਨਰ ਟਿੱਫ ਮੈਕਲਮ ਨੂੰ ਨੌਕਰੀ ਤੋਂ ਕੱਢ ਦੇਣਗੇ।

ਟਰੂਡੋ ਨੇ ਆਖਿਆ ਕਿ ਲੋਕਾਂ ਨੂੰ ਮਹਿੰਗਾਈ ਤੋਂ ਬਚਣ ਲਈ ਕ੍ਰਿਪਟੋਕਰੰਸੀ ਵਿੱਚ ਨਿਵੇਸ਼ ਕਰਨ ਦੀ ਸਲਾਹ ਦੇਣਾ ਵੀ ਕੋਈ ਜ਼ਿੰਮੇਵਰਾਨਾ ਲੀਡਰਸ਼ਿਪ ਦੀ ਨਿਸ਼ਾਨੀ ਨਹੀਂ ਹੈ। ਉਨ੍ਹਾਂ ਆਖਿਆ ਕਿ ਜੇ ਕਿਸੇ ਨੇ ਉਹ ਸਲਾਹ ਮੰਨ ਕੇ ਆਪਣੀ ਬਚਤ ਇਸ ਪਾਸੇ ਨਿਵੇਸ਼ ਕੀਤੀ ਹੋਵੇਗੀ ਉਨ੍ਹਾਂ ਨੂੰ ਅਹਿਸਾਸ ਹੋ ਗਿਆ ਹੋਵੇਗਾ ਕਿ ਉਨ੍ਹਾਂ ਦਾ ਪੈਸਾ ਬਰਬਾਦ ਹੋ ਚੁੱਕਿਆ ਹੈ। ਪੌਲੀਏਵਰ ਨੇ ਇਹ ਦੋਸ਼ ਵੀ ਲਾਇਆ ਸੀ ਕਿ ਮਹਾਂਮਾਰੀ ਦੌਰਾਨ ਟਰੂਡੋ ਨੇ ਬੈਂਕ ਦੀਆਂ ਤਿਜੋਰੀਆਂ ਦੇ ਮੂੰਹ ਲੋਕਾਂ ਲਈ ਖੋਲ੍ਹ ਦਿੱਤੇ ਸਨ ਤੇ ਮਹਿੰਗਾਈ ਉਸੇ ਦਾ ਹੀ ਨਤੀਜਾ ਹੈ।

ਇਸ ਉੱਤੇ ਟਰੂਡੋ ਨੇ ਆਖਿਆ ਕਿ ਜੇ ਵਰਕਰਜ਼, ਉਨ੍ਹਾਂ ਦੇ ਪਰਿਵਾਰਾਂ, ਸੀਨੀਅਰਜ਼, ਨੌਜਵਾਨਾਂ, ਕਾਰੋਬਾਰਾਂ ਲਈ ਖੜ੍ਹੇ ਰਹਿਣਾ ਗਲਤੀ ਹੈ ਤਾਂ ਉਹ ਇਹ ਗਲਤੀ ਕਰਦੇ ਰਹਿਣਗੇ। ਟਰੂਡੋ ਨੇ ਹਰ ਪ੍ਰੋਵਿੰਸ ਨਾਲ ਸਾਈਨ ਕੀਤੀ ਚਾਈਲਡ ਕੇਅਰ ਡੀਲ ਸਮੇਤ ਸਰਕਾਰ ਦੀਆਂ ਹੋਰਨਾਂ ਨੀਤੀਆਂ ਨੂੰ ਵੀ ਹਾਈਲਾਈਟ ਕੀਤਾ।

# ਐਲਟੀਸੀ ਦੀ ਥਾਂ ਹਸਪਤਾਲਾਂ ਵਿੱਚ ਰਹਿਣ ਨੂੰ ਤਰਜੀਹ ਦੇਣ ਵਾਲੇ ਬਜ਼ੁਰਗਾਂ ਨੂੰ ਦੇਣੇ ਹੋਣਗੇ ਰੋਜ਼ਾਨਾ 400 ਡਾਲਰ

ਓਨਟਾਰੀਓ, 15 ਸਤੰਬਰ (ਪੋਸਟ ਬਿਊਰੋ) : ਓਨਟਾਰੀਓ ਸਰਕਾਰ ਦਾ ਕਹਿਣਾ ਹੈ ਕਿ ਹਸਪਤਾਲਾਂ ਵਿੱਚ ਦਾਖਲ ਬਜ਼ੁਰਗ, ਜਿਹੜੇ ਲਾਂਗ ਟਰਮ ਕੇਅਰ ਹੋਮਜ਼ ਵਿੱਚ ਥਾਂ ਮਿਲਣ ਦੀ ਉਡੀਕ ਕਰ ਰਹੇ ਹਨ, ਜੇ ਉੱਥੇ ਨਹੀਂ ਜਾਣਗੇ ਤਾਂ ਉਨ੍ਹਾਂ ਨੂੰ ਹਸਪਤਾਲਾਂ ਵਿੱਚ ਰਹਿਣ ਲਈ ਰੋਜ਼ਾਨਾ 400 ਡਾਲਰ ਦੇਣੇ ਪੈਣਗੇ।

ਬਿੱਲ-7, ਜਿਸ ਨੂੰ ਮੋਰ ਬੈੱਡਜ਼, ਬੈਟਰ ਕੇਅਰ ਐਕਟ ਵਜੋਂ ਵੀ ਜਾਣਿਆ ਜਾਂਦਾ ਹੈ, ਵਿੱਚ ਇਹ ਪ੍ਰਬੰਧ ਹੈ ਕਿ ਹਸਪਤਾਲਾਂ ਵਿੱਚ ਦਾਖਲ ਬਜ਼ੁਰਗ ਮਰੀਜ਼ਾਂ, ਜਿਹੜੇ ਲਾਂਗ ਟਰਮ ਕੇਅਰ ਵਿੱਚ ਥਾਂ ਮਿਲਣ ਦੀ ਉਡੀਕ ਕਰ ਰਹੇ ਹਨ, ਨੂੰ ਆਰਜ਼ੀ ਤੌਰ ਉੱਤੇ ਉਨ੍ਹਾਂ ਦੀ ਪਸੰਦ ਤੋਂ ਬਿਨਾਂ ਵਾਲੇ ਦੂਜੇ ਲਾਂਗ ਟਰਮ ਕੇਅਰ ਹੋਮ ਵਿੱਚ ਭੇਜਿਆ ਜਾ ਸਕਦਾ ਹੈ। ਫਿਰ ਭਾਵੇਂ ਉਹ 150 ਕਿਲੋਮੀਟਰ ਦੀ ਦੂਰੀ ਉੱਤੇ ਹੀ ਕਿਉਂ ਨਾ ਸਥਿਤ ਹੋਵੇ। ਇਸ ਬਿੱਲ ਨੂੰ ਅਗਸਤ ਦੇ ਅਖੀਰ ਵਿੱਚ ਹੀ ਸ਼ਾਹੀ ਮਨਜ਼ੂਰੀ ਮਿਲ ਗਈ ਸੀ।

ਬੁੱਧਵਾਰ ਦੁਪਹਿਰ ਨੂੰ ਜਾਰੀ ਕੀਤੇ ਗਏ ਨਵੇਂ ਨਿਯਮਾਂ ਤਹਿਤ ਸਰਕਾਰ ਵੱਲੋਂ ਇਸ ਸਬੰਧ ਵਿੱਚ



ਸਖ਼ਤ ਦਿਸ਼ਾ ਨਿਰਦੇਸ਼ ਦਿੱਤੇ ਗਏ ਹਨ ਕਿ ਇੱਕ ਮਰੀਜ਼ ਨੂੰ ਕਿੰਨੀ ਦੂਰ ਤੱਕ ਭੇਜਿਆ ਜਾ ਸਕਦਾ ਹੈ। 21 ਸਤੰਬਰ ਤੋਂ ਜੇ ਕਿਸੇ ਬਜ਼ੁਰਗ ਨੂੰ ਆਪਣੀ ਪਸੰਦ ਦੇ ਲਾਂਗ ਟਰਮ ਕੇਅਰ ਹੋਮ ਵਿੱਚ ਥਾਂ ਨਹੀਂ ਮਿਲਦੀ ਤਾਂ ਉਨ੍ਹਾਂ ਨੂੰ ਦੱਖਣੀ ਓਨਟਾਰੀਓ ਵਿੱਚ 70 ਕਿਲੋਮੀਟਰ ਦੇ ਦਾਇਰੇ ਵਿੱਚ ਜਾਂ ਉੱਤਰੀ ਓਨਟਾਰੀਓ ਵਿੱਚ 150 ਕਿਲੋਮੀਟਰ ਦੇ ਦਾਇਰੇ ਵਿੱਚ ਲਾਂਗ ਟਰਮ ਕੇਅਰ ਹੋਮ ਵਿੱਚ ਟਰਾਂਸਫਰ ਕੀਤਾ ਜਾ ਸਕਦਾ ਹੈ।

ਜੇ ਦੱਸੇ ਗਏ ਦਾਇਰੇ ਵਿੱਚ ਮਰੀਜ਼ ਦੀ ਪਸੰਦ ਦਾ ਕੋਈ ਲਾਂਗ ਟਰਮ ਕੇਅਰ ਹੋਮ ਨਹੀਂ ਹੈ ਜਾਂ ਉਸ ਦਾਇਰੇ ਦੇ ਲਾਂਗ ਟਰਮ ਕੇਅਰ ਹੋਮ ਵਿੱਚ ਥਾਂ ਹੀ ਨਹੀਂ ਹੈ ਤਾਂ ਪਲੇਸਮੈਂਟ ਕੋਆਰਡੀਨੇਟਰਜ਼ ਮਰੀਜ਼ ਦੀ ਪਸੰਦੀਦਾ ਲੋਕੇਸ਼ਨ ਤੋਂ ਨੇੜਲੀ ਅਗਲੀ ਲੋਕੇਸ਼ਨ ਉੱਤੇ ਉਸ ਨੂੰ ਭੇਜ ਸਕਦੇ ਹਨ। ਇਸ ਉੱਤੇ ਲਾਂਗ ਟਰਮ ਕੇਅਰ ਮੰਤਰੀ ਪਾਲ ਕੈਲੈਂਡਰਾ ਨੇ ਆਖਿਆ ਕਿ ਜੇ ਮਰੀਜ਼ ਲਾਂਗ ਟਰਮ ਕੇਅਰ ਹਮ ਜਾਣ ਤੋਂ ਇਨਕਾਰ ਕਰਦਾ ਹੈ ਤਾਂ ਉਸ ਨੂੰ 400 ਡਾਲਰ ਰੋਜ਼ਾਨਾਂ ਦੇ ਹਿਸਾਬ ਨਾਲ ਦੇਣੇ ਹੋਣਗੇ। ਇਹ ਨਿਯਮ 20 ਨਵੰਬਰ ਤੋਂ ਲਾਗੂ ਹੋ ਜਾਵੇਗਾ ਤੇ ਡਿਸਚਾਰਜ ਕੀਤੇ ਗਏ ਬਜ਼ੁਰਗਾਂ ਦੇ ਹੀ ਨਹੀਂ ਸਗੋਂ ਕਿਸੇ ਵੀ ਮਰੀਜ਼ ਦੇ ਡਿਸਚਾਰਜ ਕੀਤੇ ਜਾਣ ਤੋਂ ਬਾਅਦ 24 ਘੰਟੇ ਦੇ ਅੰਦਰ ਹਸਪਤਾਲ ਨਾ ਛੱਡਣ ਦੀ ਸੂਰਤ ਵਿੱਚ ਇਹ ਨਿਯਮ ਲਾਗੂ ਹੋਵੇਗਾ।

# ਗ੍ਰੀਨ ਪਾਰਟੀ ਐਮਪੀਜ਼ ਨੇ ਪਾਰਟੀ ਛੱਡਣ ਦੀ ਦਿੱਤੀ ਧਮਕੀ

ਓਟਵਾ, 15 ਸਤੰਬਰ (ਪੋਸਟ ਬਿਊਰੋ) : ਗ੍ਰੀਨ ਪਾਰਟੀ ਦੇ ਦੋ ਮੌਜੂਦਾ ਐਮਪੀਜ਼ ਵੱਲੋਂ ਇਹ ਧਮਕੀ ਦਿੱਤੀ ਗਈ ਹੈ ਕਿ ਜੇ ਲੀਡਰਸ਼ਿਪ ਦੌੜ ਮੁਲਤਵੀ ਕੀਤੀ ਜਾਂਦੀ ਹੈ ਤਾਂ ਉਹ ਦੋਵੇਂ ਪਾਰਟੀ ਛੱਡ ਕੇ ਆਜ਼ਾਦ ਉਮੀਦਵਾਰਾਂ ਵਜੋਂ ਬੈਠਣਗੇ। ਇਹ ਜਾਣਕਾਰੀ ਅੰਦਰੂਨੀ ਈਮੇਲ ਤੋਂ ਹਾਸਲ ਹੋਈ।



ਪਾਰਟੀ ਦੀ ਪ੍ਰੈਜ਼ੀਡੈਂਟ ਵੱਲੋਂ ਅਸਤੀਫਾ ਦਿੱਤੇ ਜਾਣ ਤੋਂ ਬਾਅਦ ਗ੍ਰੀਨ ਪਾਰਟੀ ਅੰਦਰ ਚੱਲ ਰਹੀ ਉਥਲ-ਪੁਥਲ ਉੱਤੇ ਚਿੰਤਾ ਪ੍ਰਗਟਾਉਂਦਿਆਂ ਕਿਚਨਰ ਸੈਂਟਰ ਤੋਂ ਐਮਪੀ ਮਾਈਕ ਮੌਰਿਸ ਨੇ ਪਾਰਟੀ ਦੇ ਉੱਚ ਅਧਿਕਾਰੀਆਂ ਨੂੰ ਇੱਕ ਈਮੇਲ ਭੇਜ ਕੇ ਆਖਿਆ ਕਿ ਪਾਰਟੀ ਦੀ ਫੈਡਰਲ ਕਾਊਂਸਲ ਵੱਲੋਂ ਲੀਡਰਸ਼ਿਪ ਦੌੜ ਉੱਤੇ ਰੋਕ ਲਾਉਣ ਤੇ ਓਟਵਾ ਆਫਿਸ ਬੰਦ ਕਰਨ ਉੱਤੇ ਜਿਹੜਾ ਵਿਚਾਰ ਕੀਤਾ ਜਾ ਰਿਹਾ ਹੈ ਉਸ ਨਾਲ ਕਦੇ ਨਾ ਖ਼ਤਮ ਹੋਣ ਵਾਲਾ ਨੁਕਸਾਨ ਹੋਵੇਗਾ।

ਉਨ੍ਹਾਂ ਲਿਖਿਆ ਕਿ ਪਾਰਟੀ ਇਸ ਨੁਕਸਾਨ ਤੋਂ ਉਭਰ ਨਹੀਂ ਸਕੇਗੀ। ਜੇ ਅਜਿਹਾ ਹੁੰਦਾ ਹੈ ਤਾਂ ਪਾਰਟੀ ਐਮਪੀਜ਼ ਕੋਲ ਪਾਰਟੀ ਛੱਡਣ ਤੇ ਆਜ਼ਾਦ ਐਮਪੀਜ਼ ਵਜੋਂ ਵਿਚਰਨ ਤੋਂ ਇਲਾਵਾ ਕੋਈ ਹੋਰ ਰਾਹ ਨਹੀਂ ਰਹੇਗਾ। ਗ੍ਰੀਨ ਪਾਰਟੀ ਦੇ ਬੁਲਾਰੇ ਨੇ ਸੋਮਵਾਰ ਨੂੰ ਆਖਿਆ ਕਿ ਇਸ ਸਬੰਧ ਵਿੱਚ ਗੱਲਬਾਤ ਚੱਲ ਰਹੀ ਹੈ ਤੇ ਪਾਰਟੀ ਅਧਿਕਾਰੀ ਅੰਦਰੂਨੀ ਤੌਰ ਉੱਤੇ ਮਾਮਲੇ ਨੂੰ ਹੱਲ ਕਰਨ ਬਾਰੇ ਸੋਚ ਰਹੇ ਹਨ ਤੇ ਇਸ ਤੋਂ ਬਾਅਦ ਹੀ ਗੱਲ ਜਨਤਕ ਕੀਤੀ ਜਾਵੇਗੀ। ਸੋਮਵਾਰ ਨੂੰ ਜਾਰੀ ਕੀਤੇ ਬਿਆਨ ਵਿੱਚ ਮੌਰਿਸ ਨੇ ਆਖਿਆ ਕਿ ਪਾਰਟੀ ਦੀ ਅੰਦਰੂਨੀ ਲੜਾਈ ਕਾਰਨ ਉਨ੍ਹਾਂ ਨੂੰ ਬਹੁਤ ਨਿਰਾਸ਼ਾ ਹੋਈ ਹੈ।

ਪਾਰਟੀ ਦੀ ਸਾਬਕਾ ਆਗੂ ਤੇ ਦੂਜੀ ਮੌਜੂਦਾ ਐਮਪੀ ਐਲਿਜ਼ਾਬੈੱਥ ਮੇਅ ਨਾਲ ਇਸ ਵਿਸ਼ੇ ਉੱਤੇ ਉਨ੍ਹਾਂ ਦੀ ਰਾਇ ਜਾਨਣ ਬਾਰੇ ਸੰਪਰਕ ਨਹੀਂ ਹੋ ਸਕਿਆ। ਜ਼ਿਕਰਯੋਗ ਹੈ ਕਿ ਮੇਅ ਸਾਂਝੀ ਟਿਕਟ ਉੱਤੇ ਜੌਨਾਥਨ ਪੈਡਨੌਲਟ ਨਾਲ ਰਲ ਕੇ ਲੀਡਰਸ਼ਿਪ ਦੌੜ ਲੜ ਰਹੀ ਹੈ।



# ਪਿਏਰ ਪੌਲੀਏਵਰ ਨੇ ਜਿੱਤੀ ਕੰਜ਼ਰਵੇਟਿਵ ਲੀਡਰਸ਼ਿਪ ਦੌੜ




ਓਟਵਾ, 15 ਸਤੰਬਰ (ਪੋਸਟ ਬਿਊਰੋ) : ਪਿਏਰ ਪੌਲੀਏਵਰ ਕੰਜ਼ਰਵੇਟਿਵ ਪਾਰਟੀ ਆਫ ਕੈਨੇਡਾ ਦੇ ਨਵੇਂ ਆਗੂ ਚੁਣ ਲਏ ਗਏ ਹਨ। ਉਨ੍ਹਾਂ ਨੂੰ ਰਿਕਾਰਡ ਤੋੜ ਵੋਟਾਂ ਹਾਸਲ ਹੋਈਆਂ।

ਸੱਤ ਮਹੀਨੇ ਚੱਲੀ ਕੈਂਪੇਨ ਤੋਂ ਬਾਅਦ ਲੰਮੇਂ ਸਮੇਂ ਤੋਂ ਐਮਪੀ ਤੇ ਓਨਟਾਰੀਓ ਤੋਂ ਸਾਬਕਾ ਕੈਬਨਿਟ ਮੰਤਰੀ ਰਹੇ ਪੌਲੀਏਵਰ ਨੂੰ ਪਹਿਲੇ ਮਤਦਾਨ ਵਿੱਚ 22,993 ਵੋਟਾਂ ਹਾਸਲ ਹੋਈਆਂ। ਉਨ੍ਹਾਂ ਨੂੰ ਦੇਸ਼ ਭਰ ਵਿੱਚ ਭਰਵਾਂ ਹੁੰਗਾਰਾ ਮਿਲਿਆ ਤੇ ਲੱਗਭਗ ਹਰੇਕ ਹਲਕੇ ਤੋਂ ਉਹ ਉਮੀਦਵਾਰਾਂ ਵਿੱਚੋਂ ਮੈਂਬਰਾਂ ਦੀ ਪਹਿਲੀ ਪਸੰਦ ਰਹੇ। ਸ਼ਨਿੱਚਰਵਾਰ ਨੂੰ ਓਟਵਾ ਦੇ ਕਨਵੈਂਸ਼ਨ ਸੈਂਟਰ ਤੋਂ ਲੀਡਰ ਵਜੋਂ ਆਪਣਾ ਪਹਿਲਾ ਭਾਸ਼ਣ ਦਿੰਦਿਆਂ ਪੌਲੀਏਵਰ ਨੇ ਆਖਿਆ ਕਿ ਅੱਜ ਤੋਂ ਉਸ ਪੁਰਾਣੀ ਸਰਕਾਰ ਨੂੰ ਬਦਲਣ ਦਾ ਸਮਾਂ ਆ ਗਿਆ ਹੈ ਜਿਸ ਨੇ ਤੁਹਾਨੂੰ ਦਿੱਤਾ ਘੱਟ ਹੈ ਪਰ ਜਿਹੜੀ ਸਾਰਿਆਂ ਲਈ ਮਹਿੰਗੀ ਪੈ ਰਹੀ ਹੈ। ਇਸ ਪੁਰਾਣੀ ਸਰਕਾਰ ਨੂੰ ਅਸੀਂ ਉਸ ਨਵੀਂ ਸਰਕਾਰ ਨਾਲ ਬਦਲਾਂਗੇ ਜਿਹੜੀ ਤੁਹਾਨੂੰ ਪਹਿਲ ਦੇਵੇਗੀ, ਤੁਹਾਡੇ ਕੰਮ ਦਾ ਮੁੱਲ ਪਹਿਲਾਂ ਮੋੜੇਗੀ, ਤੁਹਾਡੀ ਰਿਟਾਇਰਮੈਂਟ, ਤੁਹਾਡੇ ਘਰ ਤੇ ਦੇਸ਼ ਦਾ ਖਿਆਲ ਰੱਖੇਗੀ।

68.15 ਫੀ ਸਦੀ ਵੋਟਾਂ ਹਾਸਲ ਕਰਕੇ ਪੌਲੀਏਵਰ ਨੇ ਆਪਣੇ ਮੁੱਖ ਵਿਰੋਧੀ ਜੀਨ ਚਾਰੈਸਟ ਨੂੰ ਬੁਰੀ ਤਰ੍ਹਾਂ ਹਰਾਇਆ। ਜੀਨ ਚਾਰੈਸਟ ਨੂੰ ਸਿਰਫ 16.07 ਫੀ ਸਦੀ ਵੋਟਾਂ ਹਾਸਲ ਹੋਈਆਂ ਤੇ ਉਹ ਦੂਜੇ ਸਥਾਨ ਉੱਤੇ ਰਹੇ। ਸੋਸ਼ਲ ਕੰਜ਼ਰਵੇਟਿਵ ਤੇ ਐਮਪੀ ਲੈਸਲਿਨ ਲੁਈਸ 9.69 ਫੀ ਸਦੀ ਵੋਟਾਂ ਨਾਲ ਤੀਸਰੇ ਸਥਾਨ ਉੱਤੇ ਰਹੇ। ਓਨਟਾਰੀਓ ਤੋਂ ਸਾਬਕਾ ਐਮਪੀਪੀ ਰੋਮਨ ਬੇਬਰ ਨੂੰ 5.03 ਫੀ ਸਦੀ ਵੋਟਾਂ ਹਾਸਲ ਹੋਈਆਂ ਤੇ ਮੇਅਰ ਤੋਂ ਐਮਪੀ ਬਣੇ ਸਕੌਟ ਐਚੀਸਨ 1.06 ਫੀ ਸਦੀ ਵੋਟਾਂ ਹਾਸਲ ਕਰਕੇ ਆਖਰੀ ਸਥਾਨ ਉੱਤੇ ਰਹੇ।

ਬ੍ਰਿਟੇਨ ਦੀ ਮਹਾਰਾਣੀ ਐਲਿਜ਼ਾਬੈੱਥ ਦੀ ਮੌਤ ਕਾਰਨ ਇਸ ਸਮੇਂ ਕੈਨੇਡਾ ਵਿੱਚ ਵੀ ਸੋਗ ਦੀ ਲਹਿਰ ਦੌੜ ਗਈ ਹੈ। ਸ਼ਨਿੱਚਰਵਾਰ ਨੂੰ ਮਹਾਰਾਣੀ ਐਲਿਜ਼ਾਬੈੱਥ ਨੂੰ ਸ਼ਰਧਾਂਜਲੀ ਦੇਣ ਲਈ ਕੁੱਝ ਦੇਰ ਲਈ ਮੌਨ ਧਾਰਿਆ ਗਿਆ ਤੇ ਉਸ ਤੋਂ ਬਾਅਦ ਹੀ ਪੌਲੀਏਵਰ ਦੇ ਨਾਂ ਦਾ ਐਲਾਨ ਜੇਤੂ ਉਮੀਦਵਾਰ ਵਜੋਂ ਕੀਤਾ ਗਿਆ।

# ਸਿਰਫਿਰੇ ਵਿਅਕਤੀ ਵੱਲੋਂ ਚਲਾਈਆਂ ਗੋਲੀਆਂ ਕਾਰਨ ਪੁਲਿਸ ਅਧਿਕਾਰੀ ਦੀ ਹੋਈ ਮੌਤ




ਟੋਰਾਂਟੋ, 15 ਸਤੰਬਰ (ਪੋਸਟ ਬਿਊਰੋ) : ਸੋਮਵਾਰ ਨੂੰ ਮਿਸੀਸਾਗਾ ਵਿੱਚ ਲੰਚ ਬ੍ਰੇਕ ਦੌਰਾਨ ਘਾਤ ਲਾ ਕੇ ਕੀਤੇ ਗਏ ਹਮਲੇ ਵਿੱਚ ਟੋਰਾਂਟੋ ਦੇ 48 ਸਾਲਾ ਪੁਲਿਸ ਅਧਿਕਾਰੀ ਦੀ ਗੋਲੀ ਲੱਗਣ ਕਾਰਨ ਮੌਤ ਹੋ ਗਈ।

ਟੋਰਾਂਟੋ ਪੁਲਿਸ ਵੱਲੋਂ ਇਸ ਅਧਿਕਾਰੀ ਦੀ ਪਛਾਣ ਕਾਂਸਟੇਬਲ ਐਂਡਰਿਊ ਹੌਂਗ ਵਜੋਂ ਕੀਤੀ ਗਈ ਹੈ, ਉਹ 22 ਸਾਲਾਂ ਤੋਂ ਪੁਲਿਸ ਦੀ ਨੌਕਰੀ ਕਰ ਰਿਹਾ ਸੀ। ਪੀਲ ਪੁਲਿਸ ਨੇ ਦੱਸਿਆ ਕਿ ਦੁਪਹਿਰੇ 2:15 ਦੇ ਨੇੜੇ ਤੇੜੇ ਅਰਜਨਟੀਨਾ ਰੋਡ ਤੇ ਵਿੰਸਟਨ ਚਰਚਿਲ ਬੁਲੇਵਾਰਡ ਇਲਾਕੇ ਵਿੱਚ ਮਿਸੀਸਾਗਾ ਵਿੱਚ ਦੋਹਰੇ ਗੋਲੀਕਾਂਡ ਤੋਂ ਬਾਅਦ ਇੱਕ ਵਿਅਕਤੀ ਨੂੰ ਟਰੌਮਾ ਸੈਂਟਰ ਲਿਜਾਇਆ ਗਿਆ। ਹੌਂਗ ਦੀ ਮੌਤ ਦੀ ਪੁਸ਼ਟੀ ਟੋਰਾਂਟੋ ਪੁਲਿਸ ਚੀਫ ਜੇਮਜ਼ ਰੈਮਰ ਵੱਲੋਂ ਕੀਤੀ ਗਈ। ਪੀਲ ਪੁਲਿਸ ਦੇ ਚੀਫ ਨਿਸ਼ਾਨ ਦੁਰੱਈਅੱਪਾ ਨੇ ਵੀ ਇਸ ਦੀ ਪੁਸ਼ਟੀ ਕੀਤੀ। ਰੈਮਰ ਨੇ ਦੱਸਿਆ ਕਿ ਹੌਂਗ ਦੇ ਘਰ ਵਿੱਚ ਉਸ ਦੀ ਪਤਨੀ ਤੇ ਦੋ ਬੱਚੇ ਰਹਿ ਗਏ ਹਨ।

ਪਹਿਲੀ ਘਟਨਾ ਨੂੰ ਅੰਜਾਮ ਦੇਣ ਮਗਰੋਂ ਮਸ਼ਕੂਕ ਚੋਰੀ ਦੀ ਜੀਪ ਲੈ ਕੇ ਫਰਾਰ ਹੋ ਗਿਆ ਤੇ ਉਸ ਸਬੰਧ ਵਿੱਚ ਪੁਲਿਸ ਨੂੰ ਟੀਵੀ, ਰੇਡੀਓ ਤੇ ਸੈੱਲਫੋਨਜ਼ ਉੱਤੇ ਐਕਟਿਵ ਸ਼ੂਟਰ ਦਾ ਐਲਰਟ ਵੀ ਜਾਰੀ ਕਰਨਾ ਪਿਆ। ਮਸ਼ਕੂਕ ਦੀ ਪਛਾਣ 30 ਸਾਲਾ ਸ਼ਾਅਨ ਪੈਟਰੀ ਵਜੋਂ ਕੀਤੀ ਗਈ। ਇੱਕ ਘੰਟੇ ਤੋਂ ਵੀ ਘੱਟ ਸਮੇਂ ਤੋਂ ਬਾਅਦ ਮਸ਼ਕੂਕ ਹਾਲਟਨ ਰੀਜਨ ਜਾ ਪਹੁੰਚਿਆ ਤੇ ਉੱਥੇ ਮਿਲਟਨ ਵਿੱਚ ਉਸ ਨੇ ਇੱਕ ਆਟੋ ਬਾਡੀ ਸ਼ੌਪ ਵਿੱਚ ਤਿੰਨ ਵਿਅਕਤੀਆਂ ਨੂੰ ਗੋਲੀ ਮਾਰ ਦਿੱਤੀ, ਜਿਸ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ। ਦੂਜੇ ਦੋ ਵਿਅਕਤੀਆਂ ਨੂੰ ਨਾਜ਼ੁਕ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ।

ਸ਼ੂਟਰ ਇੱਕ ਵਾਰੀ ਫਿਰ ਘਟਨਾ ਵਾਲੀ ਥਾਂ ਤੋਂ ਫਰਾਰ ਹੋ ਗਿਆ ਤੇ ਬਾਅਦ ਵਿੱਚ ਉਸ ਨੂੰ ਹੈਮਿਲਟਨ ਵਿੱਚ ਲੋਕੇਟ ਕਰ ਲਿਆ ਗਿਆ ਤੇ ਹਾਲਟਨ ਪੁਲਿਸ ਅਧਿਕਾਰੀਆਂ ਵੱਲੋਂ ਚਲਾਈ ਗੋਲੀ ਲੱਗਣ ਕਾਰਨ ਉਸ ਦੀ ਮੌਤ ਹੋ ਗਈ। ਪੁਲਿਸ ਨੇ ਆਖਿਆ ਕਿ ਇਸ ਘਟਨਾਕ੍ਰਮ ਦੇ ਸਬੰਧ ਵਿੱਚ ਕਿਸੇ ਹੋਰ ਮਸ਼ਕੂਕ ਦੀ ਭਾਲ ਨਹੀਂ ਕੀਤੀ ਜਾ ਰਹੀ ਤੇ ਪਬਲਿਕ ਸੇਫਟੀ ਨੂੰ ਹੋਰ ਖਤਰਾ ਨਹੀਂ ਹੈ।

ਇਸ ਸ਼ੂਟਿੰਗ ਦੀ ਜਾਂਚ ਪ੍ਰੋਵਿੰਸ ਦੀ ਸਪੈਸ਼ਲ ਇਨਵੈਸਟੀਗੇਸ਼ਨਜ਼ ਯੂਨਿਟ ਵੱਲੋਂ ਕੀਤੀ ਜਾ ਰਹੀ ਹੈ। ਇਸ ਘਟਨਾਕ੍ਰਮ ਦੇ ਮੰਤਵ ਬਾਰੇ ਅਜੇ ਤੱਕ ਪਤਾ ਨਹੀਂ ਲੱਗ ਸਕਿਆ ਹੈ।

# 26 ਸਤੰਬਰ ਤੋਂ ਲੱਗੇਗੀ ਬੂਸਟਰ ਡੋਜ਼ ਬਾਇਵਲੈਂਟ



ਓਨਟਾਰੀਓ, 15 ਸਤੰਬਰ (ਪੋਸਟ ਬਿਊਰੋ) : ਓਨਟਾਰੀਓ ਸਰਕਾਰ ਦਾ ਕਹਿਣਾ ਹੈ ਕਿ ਕਮਜ਼ੋਰ ਰੈਜ਼ੀਡੈਂਟਸ ਤੇ 70 ਸਾਲ ਤੋਂ ਉੱਪਰ ਉਮਰ ਦੇ ਸਾਰੇ ਵਿਅਕਤੀਆਂ ਨੂੰ ਨਵੀਂ ਬਾਇਵਲੈਂਟ ਕੋਵਿਡ-19 ਬੂਸਟਰ ਡੋਜ਼ 26 ਸਤੰਬਰ ਤੋਂ ਲੱਗਣੀ ਸ਼ੁਰੂ ਹੋ ਜਾਵੇਗੀ।

ਫੋਰਡ ਸਰਕਾਰ ਨੇ ਆਖਿਆ ਕਿ ਹੈਲਥ ਕੈਨੇਡਾ ਤੇ ਨੈਸ਼ਨਲ ਐਡਵਾਈਜ਼ਰੀ ਕਮੇਟੀ ਆਨ ਇਮਿਊਨਾਈਜ਼ੇਸ਼ਨ (ਐਨਏਸੀਆਈ) ਵੱਲੋਂ ਦਿੱਤੀ ਗਈ ਸੇਧ ਅਨੁਸਾਰ ਇਹ ਐਲਾਨ ਕੀਤਾ ਜਾ ਰਿਹਾ ਹੈ। ਓਨਟਾਰੀਓ ਦੇ ਚੀਫ ਮੈਡੀਕਲ ਆਫਿਸਰ ਆਫ ਹੈਲਥ ਡਾ॰ ਕੀਰਨ ਮੂਰ ਨੇ ਆਖਿਆ ਕਿ ਅਸੀਂ ਸਾਰਿਆਂ ਨੂੰ ਇਹ ਹੱਲਾਸ਼ੇਰੀ ਦੇ ਰਹੇ ਹਾਂ ਕਿ ਸਾਰੇ ਬਾਲਗਾਂ ਨੂੰ ਨਵਾਂ ਬੂਸਟਰ ਸ਼ੌਟ ਲਵਾਉਣਾ ਚਾਹੀਦਾ ਹੈ। ਉਨ੍ਹਾਂ ਆਖਿਆ ਕਿ ਇਹ ਸ਼ੌਟ ਓਮਾਇਕ੍ਰੌਨ ਵੇਰੀਐਂਟ ਨੂੰ ਨਿਸ਼ਾਨਾ ਬਣਾਉਂਦਾ ਹੈ।

ਡਾ. ਮੂਰ ਨੇ ਆਖਿਆ ਕਿ ਇਹ ਬਾਇਵਲੈਂਟ ਕੋਵਿਡ-19 ਬੂਸਟਰ ਸੇਫ ਤੇ ਪ੍ਰਭਾਵਸ਼ਾਲੀ ਹੈ ਤੇ ਇਸ ਵੇਰੀਐਂਟ ਤੋਂ ਪੂਰੀ ਤਰ੍ਹਾਂ ਸੁਰੱਖਿਅਤ ਕਰਦੇ ਹਨ। ਉਨ੍ਹਾਂ ਆਖਿਆ ਕਿ 18 ਪਲੱਸ ਤੋਂ ਵੱਧ ਉਮਰ ਦੇ ਸਾਰੇ ਲੋਕ ਬੂਸਟਰ ਡੋਜ਼ ਲਈ ਯੋਗ ਹਨ।

# ਗੱਡੀ ਵਿੱਚ ਬੈਠੇ ਵਿਅਕਤੀ ਦੀ ਗੋਲੀ ਮਾਰ ਕੇ ਹੱਤਿਆ




ਬਰੈਂਪਟਨ, 15 ਸਤੰਬਰ (ਪੋਸਟ ਬਿਊਰੋ) : ਸੋਮਵਾਰ ਸਵੇਰੇ ਬਰੈਂਪਟਨ ਵਿੱਚ ਇੱਕ ਡਰਾਈਵਵੇਅ ਵਿੱਚ ਖੜ੍ਹੀ ਗੱਡੀ ਵਿੱਚ ਬੈਠੇ ਵਿਅਕਤੀ ਦਾ ਗੋਲੀ ਮਾਰ ਕੇ ਕਤਲ ਕਰ ਦਿੱਤਾ ਗਿਆ।

ਮਿਸੀਸਾਗਾ ਰੋਡ ਦੇ ਪੂਰਬ ਵੱਲ ਵੈਟਰਨਜ਼ ਡਰਾਈਵ ਤੇ ਵੈਨਲੈੱਸ ਡਰਾਈਵ ਏਰੀਆ ਵਿੱਚ ਗੋਲੀ ਚੱਲਣ ਦੀ ਘਟਨਾ ਦੀ ਜਾਣਕਾਰੀ ਮਿਲਣ ਤੋਂ ਬਾਅਦ ਪੁਲਿਸ ਸਵੇਰੇ 5:40 ਉੱਤੇ ਮੌਕੇ ਉੱਤੇ ਪਹੁੰਚੀ। ਪੁਲਿਸ ਨੇ ਦੱਸਿਆ ਕਿ ਇੱਕ ਘਰ ਦੇ ਡਰਾਈਵਵੇਅ ਵਿੱਚ ਖੜ੍ਹੀ ਗੱਡੀ ਵਿੱਚ ਸਵਾਰ ਵਿਅਕਤੀ ਨੂੰ ਗੋਲੀ ਮਾਰ ਦਿੱਤੀ ਗਈ। ਉਸ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ।

ਜਾਂਚਕਾਰ ਇਸ ਨੂੰ ਸੋਚ ਸਮਝ ਕੇ ਅੰਜਾਮ ਦਿੱਤੀ ਗਈ ਘਟਨਾ ਦੱਸ ਰਹੇ ਹਨ। ਅਜੇ ਤੱਕ ਕਿਸੇ ਮਸ਼ਕੂਕ ਦਾ ਵੇਰਵਾ ਜਾਰੀ ਨਹੀਂ ਕੀਤਾ ਗਿਆ ਹੈ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਨਾਈਟਕਲੱਬ ਵਿੱਚ ਚੱਲੀ ਗੋਲੀ, 3 ਜ਼ਖ਼ਮੀ




ਟੋਰਾਂਟੋ, 15 ਸਤੰਬਰ (ਪੋਸਟ ਬਿਊਰੋ) : ਕੁਈਨ ਸਟਰੀਟ ਵੈਸਟ ਦੇ ਇੱਕ ਮਸ਼ਹੂਰ ਨਾਈਟਕਲੱਬ ਵਿੱਚ ਤੜ੍ਹਕੇ ਵਾਪਰੀ ਗੋਲੀ ਚੱਲਣ ਦੀ ਘਟਨਾ ਵਿੱਚ 3 ਵਿਅਕਤੀ ਜ਼ਖ਼ਮੀ ਹੋ ਗਏ। ਇਨ੍ਹਾਂ ਸਾਰਿਆਂ ਨੂੰ ਹਸਪਤਾਲ ਲਿਜਾਇਆ ਗਿਆ।

ਸੋਮਵਾਰ ਸਵੇਰੇ 2:40 ਉੱਤੇ ਕੁਈਨ ਤੇ ਆਗਸਤਾ ਐਵਨਿਊ ਨੇੜੇ ਗੋਲੀ ਚੱਲਣ ਦੀਆਂ ਖਬਰਾਂ ਮਿਲਣ ਤੋਂ ਬਾਅਦ ਪੁਲਿਸ ਮੌਕੇ ਉੱਤੇ ਪਹੁੰਚੀ। ਪੁਲਿਸ ਨੇ ਦੱਸਿਆ ਕਿ ਜਿਸ ਸਮੇਂ ਗੋਲੀ ਚੱਲੀ ਕਲੱਬ ਖਚਾਖਚ ਭਰਿਆ ਹੋਇਆ ਸੀ ਤੇ ਰਾਤ ਸਮੇਂ ਇਸ ਨੂੰ ਬੰਦ ਕਰਨ ਦੀ ਤਿਆਰੀ ਕੀਤੀ ਜਾ ਰਹੀ ਸੀ।

ਪੈਰਾਮੈਡਿਕਸ ਨੇ ਦੱਸਿਆ ਕਿ ਤਿੰਨ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ ਤੇ ਉਹ ਹਸਪਤਾਲ ਵਿੱਚ ਜੇਰੇ ਇਲਾਜ ਹਨ, ਉਨ੍ਹਾਂ ਦੀ ਜਾਨ ਨੂੰ ਕੋਈ ਖਤਰਾ ਨਹੀਂ ਦੱਸਿਆ ਜਾ ਰਿਹਾ। ਕਿਸੇ ਵੀ ਮਸ਼ਕੂਕ ਬਾਰੇ ਕੋਈ ਜਾਣਕਾਰੀ ਅਜੇ ਨਹੀਂ ਮਿਲ ਸਕੀ ਹੈ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਸ਼ੂਟਿੰਗ ਦੀਆਂ ਵੱਖ ਵੱਖ ਘਟਨਾਵਾਂ ਵਿੱਚ 4 ਜ਼ਖ਼ਮੀ




ਟੋਰਾਂਟੋ, 15 ਸਤੰਬਰ (ਪੋਸਟ ਬਿਊਰੋ) : ਜੀਟੀਏ ਵਿੱਚ ਸ਼ੂਟਿੰਗ ਦੀਆਂ ਵਾਪਰੀਆਂ ਤਿੰਨ ਵੱਖ ਵੱਖ ਘਟਨਾਵਾਂ ਵਿੱਚੋਂ ਇੱਕ ਵਿੱਚ ਇੱਕ ਮਹਿਲਾ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਈ।

ਐਤਵਾਰ ਸਵੇਰੇ 8:00 ਵਜੇ ਤੋਂ ਪਹਿਲਾਂ ਪੁਲਿਸ ਨੂੰ ਐਗਲਿੰਟਨ ਐਵਨਿਊ ਵੈਸਟ ਤੇ ਰਸਲ ਰੋਡ ਉੱਤੇ ਸਥਿਤ ਰਿਹਾਇਸ਼ੀ ਏਰੀਆ ਵਿੱਚ ਸੱਦਿਆ ਗਿਆ। ਇੰਸਪੈਕਟਰ ਸਲੀਮ ਹੁਸੈਨ ਨੇ ਆਖਿਆ ਕਿ ਇੱਕ 20 ਸਾਲਾ ਮਹਿਲਾ ਢਿੱਡ ਵਿੱਚ ਗੋਲੀ ਲੱਗਣ ਕਾਰਨ ਜ਼ਖ਼ਮੀ ਸੀ ਤੇ ਉਸ ਨੂੰ ਗੰਭੀਰ ਹਾਲਤ ਵਿੱਚ ਟਰੌਮਾ ਸੈਂਟਰ ਲਿਜਾਇਆ ਗਿਆ। ਇਸ ਇਲਾਕੇ ਵਿੱਚ ਰਹਿਣ ਵਾਲੀ ਕੈਰਲ ਫੈਰੋਨ ਨੇ ਦੱਸਿਆ ਕਿ ਉਸ ਨੂੰ ਗੋਲੀ ਚੱਲਣ ਤੇ ਚੀਕਣ ਦੀਆਂ ਆਵਾਜ਼ਾਂ ਸੁਣਾਈ ਦਿੱਤੀਆਂ ਸਨ। ਇਸ ਇਲਾਕੇ ਵਿੱਚ ਇਸ ਤਰ੍ਹਾਂ ਦੀ ਘਟਨਾ ਪਹਿਲਾਂ ਕਦੇ ਨਹੀਂ ਵਾਪਰੀ। ਮਸ਼ਕੂਕ ਦਾ ਅਜੇ ਤੱਕ ਕੋਈ ਵੇਰਵਾ ਜਾਰੀ ਨਹੀਂ ਕੀਤਾ ਗਿਆ ਹੈ।

ਇਸ ਤਰ੍ਹਾਂ ਦੀ ਇੱਕ ਹੋਰ ਘਟਨਾ ਵਿੱਚ ਤੜ੍ਹਕੇ 2:00 ਵਜੇ ਪੁਲਿਸ ਨੂੰ ਬਲੂਅਰ ਸਟਰੀਟ ਵੈਸਟ ਤੇ ਲੈਂਸਡਾਊਨ ਐਵਨਿਊ ਇਲਾਕੇ ਵਿੱਚ ਇੱਕ ਬਿਲਡਿੰਗ ਵਿੱਚ ਸੱਦਿਆ ਗਿਆ। ਇੱਥੇ ਉਨ੍ਹਾਂ ਨੂੰ ਦੋ ਵਿਅਕਤੀ ਗੋਲੀ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲੇ। ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ ਜਿੱਥੇ ਉਨ੍ਹਾਂ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਗਈ। ਇਮਾਰਤ ਵਿੱਚ ਮੌਜੂਦ ਇੱਕ ਹੋਰ ਵਿਅਕਤੀ ਦੇ ਜ਼ਖ਼ਮਾਂ ਦਾ ਇਲਾਜ ਵੀ ਕੀਤਾ ਗਿਆ ਪਰ ਉਸ ਨੂੰ ਇਸ ਸ਼ੂਟਿੰਗ ਕਾਰਨ ਕੋਈ ਨੁਕਸਾਨ ਨਹੀਂ ਸੀ ਹੋਇਆ। ਅਜੇ ਤੱਕ ਇਹ ਪਤਾ ਨਹੀਂ ਲੱਗ ਸਕਿਆ ਕਿ ਪੁਲਿਸ ਕਿਸੇ ਮਸ਼ਕੂਕ ਦੀ ਭਾਲ ਕਰ ਰਹੀ ਹੈ ਜਾਂ ਨਹੀਂ ਤੇ ਜਾਂ ਫਿਰ ਕਿਸੇ ਖਿਲਾਫ ਕੋਈ ਚਾਰਜਿਜ਼ ਲਾਏ ਗਏ ਹਨ ਜਾਂ ਨਹੀਂ।

ਤੀਜੀ ਘਟਨਾ ਯੂਨੀਵਰਸਿਟੀ ਐਵਨਿਊ ਤੇ ਐਡੀਲੇਡ ਸਟਰੀਟ ਵੈਸਟ ਉੱਤੇ ਸਵੇਰੇ 5:30 ਵਜੇ ਤੋਂ ਠੀਕ ਪਹਿਲਾਂ ਵਾਪਰੀ। ਇਹ ਵਿਅਕਤੀ ਵੀ ਢਿੱਡ ਵਿੱਚ ਗੋਲੀ ਲੱਗਣ ਕਾਰਨ ਜ਼ਖ਼ਮੀ ਸੀ। ਉਸ ਨੂੰ ਗੰਭੀਰ ਹਾਲਤ ਵਿੱਚ ਨੇੜਲੇ ਟਰੌਮਾ ਸੈਂਟਰ ਭੇਜਿਆ ਗਿਆ। ਇਸ ਸਬੰਧ ਵਿੱਚ ਵੀ ਕਿਸੇ ਮਸ਼ਕੂਕ ਦਾ ਵੇਰਵਾ ਜਾਰੀ ਨਹੀਂ ਕੀਤਾ ਗਿਆ ਹੈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

WE'RE HIRING
Esthetician/Hairstylist
Fantasie Salon And Spa is hiring both the positions
full time and part time
Minimum 2 years of experience required.
Contact 437-999-9300

REXDALE BODY SHOP
USED CAR SALE
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
CHEEMA
LOWEST PRICE IN TOWN
Towing Service Car Paint Starts $799* upto 100% Deductible Paid*
Call Rick or Manminder Cheema: 416.749.9596 / 416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

SherGill Law Firm
Barrister, Solicitor & Notary Public
Paramjit Singh Gill (MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

## ਦੂਜੀ ਤਿਮਾਹੀ ਵਿੱਚ ਕੈਨੇਡੀਅਨ ਸਿਰ ਚੜ੍ਹਿਆ ਕਰਜ਼ਾ ਆਮਦਨ ਤੋਂ ਜ਼ਿਆਦਾ : ਸਟੈਟਿਸਟਿਕਸ ਕੈਨੇਡਾ




ਓਟਵਾ, 15 ਸਤੰਬਰ (ਪੋਸਟ ਬਿਊਰੋ) : ਸਟੈਟਿਸਟਿਕਸ ਕੈਨੇਡਾ ਦਾ ਕਹਿਣਾ ਹੈ ਕਿ ਦੂਜੀ ਤਿਮਾਹੀ ਵਿੱਚ ਕੈਨੇਡੀਅਨਜ਼ ਦੇ ਸਿਰ ਚੜ੍ਹਿਆ ਕਰਜ਼ਾ ਉਨ੍ਹਾਂ ਦੀ ਆਮਦਨ ਤੋਂ ਜ਼ਿਆਦਾ ਹੈ।

ਏਜੰਸੀ ਨੇ ਆਖਿਆ ਕਿ ਹਾਊਸਹੋਲਡ ਕ੍ਰੈਡਿਟ ਮਾਰਕਿਟ ਦਾ ਕਰਜ਼ਾ ਹਾਊਸਹੋਲਡ ਆਮਦਨ ਨਾਲੋਂ 181.7 ਫੀ ਸਦੀ ਜ਼ਿਆਦਾ ਹੈ, ਜੋ ਕਿ ਪਹਿਲੀ ਤਿਮਾਹੀ ਨਾਲੋਂ 179.7 ਫੀ ਸਦੀ ਵੱਧ ਹੈ। ਦੂਜੇ ਲਫਜ਼ਾਂ ਵਿੱਚ ਦੂਜੀ ਤਿਮਾਹੀ ਦੀ ਹਾਊਸਹੋਲਡ ਡਿਸਪੋਜ਼ੇਬਲ ਇਨਕਮ ਦੇ ਹਰੇਕ ਡਾਲਰ ਪਿੱਛੇ 1.82 ਡਾਲਰ ਕ੍ਰੈਡਿਟ ਮਾਰਕਿਟ ਡੈਬਟ ਸੀ।

ਇਹ ਵਾਧਾ ਇਸ ਲਈ ਹੋਇਆ ਕਿਉਂਕਿ ਹਾਊਸਹੋਲਡ ਡਿਸਪੋਜ਼ੇਬਲ ਆਮਦਨ ਵਿੱਚ 1.0 ਫੀ ਸਦੀ ਦਾ ਵਾਧਾ ਹੋਇਆ, ਪਰ ਹਾਊਸਹੋਲਡ ਕ੍ਰੈਡਿਟ ਮਾਰਕਿਟ ਕਰਜ਼ਾ 2.1 ਫੀ ਸਦੀ ਵਧਿਆ ਹੋਇਆ ਹੈ। ਸਟੈਟਿਸਟਿਕਸ ਕੈਨੇਡਾ ਦਾ ਕਹਿਣਾ ਹੈ ਕਿ ਸੀਜ਼ਨ ਦੇ ਹਿਸਾਬ ਨਾਲ ਕੀਤੇ ਗਈ ਐਡਜਸਟਮੈਂਟ ਦੇ ਅਧਾਰ ਉੱਤੇ ਹਾਊਸਹੋਲਡ ਦੇ ਕਰਜ਼ੇ ਵਿੱਚ 56.3 ਬਿਲੀਅਨ ਡਾਲਰ ਦਾ ਵਾਧਾ ਹੋਇਆ ਜਿਸ ਵਿੱਚ 48.7 ਬਿਲੀਅਨ ਡਾਲਰ ਦੀ ਮਾਰਗੇਜ ਸੀ।

## ਅਫੋਰਡੇਬਿਲਿਟੀ ਪੈਕੇਜ ਲਈ ਟਰੂਡੋ ਨੇ ਜਲਦ ਹੀ ਬਿੱਲ ਪਾਰਲੀਆਮੈਂਟ ਵਿਚ ਪੇਸ਼ ਕਰਨ ਦਾ ਕੀਤਾ ਵਾਅਦਾ

ਓਟਵਾ, 15 ਸਤੰਬਰ (ਪੋਸਟ ਬਿਊਰੋ) : ਅਫੋਰਡੇਬਿਲਿਟੀ (ਸਮਰੱਥਾ) ਦੇ ਮੁੱਦੇ ਉੱਤੇ ਲਿਬਰਲਾਂ ਵੱਲੋਂ ਜਿਸ ਤਰ੍ਹਾਂ ਕੰਮ ਕੀਤਾ ਜਾ ਰਿਹਾ ਹੈ ਉਸ ਦਾ ਖੁਲਾਸਾ ਕਰਦਿਆਂ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਨੈਸ਼ਨਲ ਡੈਂਟਲ ਕੇਅਰ ਪਲੈਨ ਦੇ ਪਹਿਲੇ ਪੜਾਅ ਨੂੰ ਲਾਗੂ ਕਰਨ, ਕਿਰਾਏਦਾਰਾਂ ਲਈ ਹਾਊਸਿੰਗ ਬੈਨੇਫਿਟ ਤੇ ਫੈਡਰਲ ਜੀਐਸਟੀ ਛੋਟ ਨੂੰ ਦੁੱਗਣਾ ਕਰਨ ਲਈ ਬਿੱਲ ਪਾਰਲੀਆਮੈਂਟ ਵਿੱਚ ਪੇਸ਼ ਕਰਨ ਦਾ ਵਾਅਦਾ ਕੀਤਾ।



ਮੰਗਲਵਾਰ ਨੂੰ ਨਿਊ ਬਰੰਜ਼ਵਿਕ ਵਿੱਚ ਲਿਬਰਲ ਕਾਕਸ ਦੇ ਰਟਰੀਟ ਸਮਾਰੋਹ ਦੌਰਾਨ ਪ੍ਰਧਾਨ ਮੰਤਰੀ ਟਰੂਡੋ ਨੇ ਘੱਟ ਆਮਦਨ ਵਾਲੇ ਪਰਿਵਾਰਾਂ ਲਈ ਤਿੰਨ ਨੁਕਾਤੀ ਯੋਜਨਾ ਦਾ ਐਲਾਨ ਕੀਤਾ। ਮਹਾਰਾਣੀ ਐਲਿਜ਼ਾਬੈੱਥ ਦੀ ਮੌਤ ਕਾਰਨ ਪਿਛਲੇ ਹਫਤੇ ਇਸ ਪਲੈਨ ਦੇ ਐਲਾਨ ਨੂੰ ਮੁਲਤਵੀ ਕਰ ਦਿੱਤਾ ਗਿਆ ਸੀ। ਜ਼ਿਕਰਯੋਗ ਹੈ ਕਿ ਐਨਡੀਪੀ ਨਾਲ ਹੋਏ ਸਮਝੌਤੇ ਤਹਿਤ ਸਰਕਾਰ ਇਹ ਸਾਲ ਮੁੱਕਣ ਤੋਂ ਪਹਿਲਾਂ ਪਹਿਲਾਂ ਇਸ ਤਰ੍ਹਾਂ ਦੇ ਪਲੈਨ ਨੂੰ ਅਮਲੀ ਜਾਮਾ ਪਹਿਨਾਉਣਾ ਚਾਹੁੰਦੀ ਸੀ।

ਉਨ੍ਹਾਂ ਆਖਿਆ ਕਿ ਇਹ ਮਾਪਦੰਡ ਮੱਧ ਵਰਗੀ ਤੇ ਮਿਹਨਤਕਸ਼ ਲੋਕਾਂ ਲਈ ਲਿਆਂਦੇ ਜਾ ਰਹੇ ਹਨ ਜਦਕਿ ਆਰਥਿਕ ਪੱਖ ਦੀ ਜ਼ਿੰਮੇਵਾਰੀ ਨਿਭਾਉਣੀ ਅਸੀਂ ਜਾਰੀ ਰੱਖਾਂਗੇ। ਉਨ੍ਹਾਂ ਆਖਿਆ ਕਿ ਪਾਰਲੀਆਮੈਂਟ ਦੀ ਕਾਰਵਾਈ ਜਦੋਂ ਸੁਰੂ ਹੋਵੇਗੀ ਉਦੋਂ ਸਭ ਤੋਂ ਪਹਿਲਾਂ ਇਹੋ ਬਿੱਲ ਪੇਸ਼ ਕੀਤਾ ਜਾਵੇਗਾ।

ਮੰਗਲਵਾਰ ਦੁਪਹਿਰ ਨੂੰ ਐਨਡੀਪੀ ਆਗੂ ਜਗਮੀਤ ਸਿੰਘ ਨੇ ਇਸ ਪਲੈਨ ਦਾ ਕ੍ਰੈਡਿਟ ਆਪ ਲੈਂਦਿਆਂ ਆਖਿਆ ਕਿ ਜੇ ਸਾਰਾ ਕੁੱਝ ਲਿਬਰਲਾਂ ਦੇ ਸਹਾਰੇ ਛੱਡ ਦਿੱਤਾ ਜਾਂਦਾ ਤਾਂ ਉਨ੍ਹਾਂ ਵੱਲੋਂ ਇਸ ਪਾਸੇ ਗੰਭੀਰਤਾ ਨਾਲ ਕੁੱਝ ਨਹੀਂ ਸੀ ਕੀਤਾ ਜਾਣਾ। ਇਹ ਸਭ ਅਸੀਂ ਪਿੱਛੇ ਪੈ ਪੈ ਕੇ ਕਰਵਾਇਆ ਹੈ।

## ਮਹਾਰਾਣੀ ਐਲਿਜ਼ਾਬੈੱਥ ਦੀ ਮੌਤ ਦਾ ਸੋਗ ਮਨਾਉਣ ਲਈ 19 ਸਤੰਬਰ ਨੂੰ ਹੋਵੇਗੀ ਫੈਡਰਲ ਛੁੱਟੀ

ਓਟਵਾ, 15 ਸਤੰਬਰ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ 19 ਸਤੰਬਰ, ਜਿਸ ਦਿਨ ਮਹਾਰਾਣੀ ਐਲਿਜ਼ਾਬੈੱਥ ਦੋਇਮ ਦੀਆਂ ਅੰਤਿਮ ਰਸਮਾਂ ਨਿਭਾਈਆਂ ਜਾਣਗੀਆਂ, ਨੂੰ ਫੈਡਰਲ ਛੁੱਟੀ ਤੇ ਸੋਗ ਲਈ ਕੌਮੀ ਦਿਵਸ ਐਲਾਨਿਆ ਗਿਆ ਹੈ।



ਇੱਥੇ ਦੱਸਣਾ ਬਣਦਾ ਹੈ ਕਿ ਫੈਡਰਲ ਛੁੱਟੀ ਫੈਡਰਲ ਕਰਮਚਾਰੀਆਂ ਲਈ ਹੁੰਦੀ ਹੈ ਪਰ ਬਾਕੀ ਰਹਿੰਦੇ ਵਰਕਰਜ਼ ਲਈ ਛੁੱਟੀ ਦਾ ਐਲਾਨ ਕਰਨਾ ਜਾਂ ਨਾ ਕਰਨਾ ਪ੍ਰੋਵਿੰਸ਼ੀਅਲ ਤੇ ਟੈਰੀਟੋਰੀਅਲ ਸਰਕਾਰਾਂ ਦੀ ਜ਼ਿੰਮੇਵਾਰੀ ਹੁੰਦੀ ਹੈ। ਲੇਬਰ ਮੰਤਰੀ ਦੇ ਆਫਿਸ ਵੱਲੋਂ ਸਪਸ਼ਟ ਕੀਤਾ ਗਿਆ ਹੈ ਕਿ ਫੈਡਰਲ ਪੱਧਰ ਉੱਤੇ ਨਿਯੰਤਰਿਤ ਪ੍ਰਾਈਵੇਟ ਕੰਪਨੀਆਂ, ਜਿਵੇਂ ਕਿ ਏਅਰਲਾਈਨਜ਼ ਜਾਂ ਟੈਲੀਕਾਮਜ਼, ਨੂੰ ਆਪਣੇ ਕਰਮਚਾਰੀਆਂ ਨੂੰ ਛੁੱਟੀ ਦੇਣ ਲਈ ਹੱਲਾਸ਼ੇਰੀ ਦਿੱਤੀ ਜਾਂਦੀ ਹੈ ਪਰ ਇਹ ਲਾਜ਼ਮੀ ਨਹੀਂ ਹੈ।

ਟਰੂਡੋ ਨੇ ਆਖਿਆ ਕਿ ਹੋਰਨਾਂ ਸਾਰਿਆਂ ਲਈ ਉਨ੍ਹਾਂ ਦੀ ਸਰਕਾਰ ਪ੍ਰੋਵਿੰਸਾਂ ਤੇ ਟੈਰੇਟਰੀਜ਼ ਨਾਲ ਤਾਲਮੇਲ ਕਰ ਰਹੀ ਹੈ। ਮੰਗਲਵਾਰ ਸਵੇਰੇ ਨਿਊ ਬਰੰਜ਼ਵਿਕ ਵਿੱਚ ਮਹਿਰਾਣੀ ਸਬੰਧੀ ਆਪਣੀ ਯੋਜਨਾ ਦਾ ਖੁਲਾਸਾ ਕਰਦਿਆਂ ਟਰੂਡੋ ਨੇ ਆਖਿਆ ਕਿ ਅਸੀਂ ਸੋਮਵਾਰ ਨੂੰ ਫੈਡਰਲ ਛੁੱਟੀ ਕਰਨ ਦਾ ਮਨ ਬਣਾਇਆ ਹੈ। ਪਰ ਅਜੇ ਵੀ ਕੁੱਝ ਵੇਰਵਿਆਂ ਉੱਤੇ ਕੰਮ ਕੀਤਾ ਜਾਣਾ ਬਾਕੀ ਹੈ। ਇਸ ਤੋਂ ਪਹਿਲਾਂ ਸੁਨਿੱਚਰਵਾਰ ਨੂੰ ਬ੍ਰਿਟਿਸ਼ ਅਧਿਕਾਰੀ ਵੀ ਐਲਾਨ ਕਰ ਚੁੱਕੇ ਹਨ ਕਿ 19 ਸਤੰਬਰ ਨੂੰ ਮਹਾਰਾਣੀ ਨੂੰ ਵੈਸਟਮਿਨਸਟਰ ਐਬੇ ਵਿਖੇ ਅੰਤਿਮ ਵਿਦਾਇਗੀ ਦਿੱਤੀ ਜਾਵੇਗੀ।

### ਮਹਾਰਾਣੀ ਐਲਿਜ਼ਾਬੈੱਥ ਨੂੰ ਸ਼ਰਧਾਂਜਲੀ ਦੇਣ ਲਈ ਓਨਟਾਰੀਓ ਵਿੱਚ ਨਹੀਂ ਹੋਵੇਗੀ ਛੁੱਟੀ : ਫੋਰਡ

ਓਨਟਾਰੀਓ, 15 ਸਤੰਬਰ (ਪੋਸਟ ਬਿਊਰੋ) : 19 ਸਤੰਬਰ ਨੂੰ ਮਹਾਰਾਣੀ ਐਲਿਜ਼ਾਬੈੱਥ ਨੂੰ ਅੰਤਿਮ ਵਿਦਾਇਗੀ ਦੇਣ ਲਈ ਫੈਡਰਲ ਸਰਕਾਰ ਵੱਲੋਂ ਕੀਤੇ ਗਏ ਛੁੱਟੀ ਦੇ ਐਲਾਨ ਤੋਂ ਬਾਅਦ ਓਨਟਾਰੀਓ ਸਰਕਾਰ ਨੇ ਇਹ ਸਾਫ ਕਰ ਦਿੱਤਾ ਹੈ ਕਿ ਉਨ੍ਹਾਂ ਦੇ ਮੁਲਾਜ਼ਮਾਂ ਨੂੰ ਇਸ ਦਿਨ ਕੋਈ ਛੁੱਟੀ ਨਹੀਂ ਹੋਵੇਗੀ। ਮੰਗਲਵਾਰ ਨੂੰ ਇਸ ਦੀ ਪੁਸ਼ਟੀ ਪ੍ਰੀਮੀਅਰ ਡੱਗ ਫੋਰਡ ਵੱਲੋਂ ਕੀਤੀ ਗਈ।

ਇੱਕ ਬਿਆਨ ਵਿੱਚ ਫੋਰਡ ਨੇ ਆਖਿਆ ਕਿ 19 ਸਤੰਬਰ ਨੂੰ ਫੈਡਰਲ ਸਰਕਾਰ ਦੀ ਤਰਜ਼ ਉੱਤੇ ਆਪਣੇ ਮੁਲਾਜ਼ਮਾਂ ਨੂੰ ਛੁੱਟੀ ਦੇਣ ਦੀ ਥਾਂ ਓਨਟਾਰੀਓ ਇਸ ਦਿਨ ਨੂੰ ਸੋਗ ਦੇ ਦਿਨ ਵਜੋਂ ਮਨਾਵੇਗਾ। ਉਸ ਦਿਨ ਦੁਪਹਿਰ 1:00 ਵਜੇ ਓਨਟਾਰੀਓ ਦੇ ਲੋਕਾਂ ਵੱਲੋਂ ਮੌਨ ਧਾਰ ਕੇ ਮਹਾਰਾਣੀ ਨੂੰ ਸ਼ਰਧਾਂਜਲੀ ਦਿੱਤੀ ਜਾਵੇਗੀ।

ਬ੍ਰਿਟੇਨ ਦੀ ਮਹਾਰਾਣੀ ਐਲਿਜ਼ਾਬੈੱਥ ਦੀ ਵੀਰਵਾਰ ਨੂੰ 96 ਸਾਲ ਦੀ ਉਮਰ ਵਿੱਚ ਮੌਤ ਹੋ ਗਈ ਸੀ। ਇਸ ਸਬੰਧ ਵਿੱਚ ਟਰੂਡੋ ਵੱਲੋਂ 19 ਸਤੰਬਰ ਨੂੰ ਫੈਡਰਲ ਛੁੱਟੀ ਦਾ ਐਲਾਨ ਕੀਤਾ ਗਿਆ ਹੈ।

## ਬਰੈਂਪਟਨ ਵਿੱਚ ਚੱਲੀ ਗੋਲੀ, 1 ਹਲਾਕ





ਬਰੈਂਪਟਨ, 15 ਸਤੰਬਰ (ਪੋਸਟ ਬਿਊਰੋ) : ਸੋਮਵਾਰ ਸਵੇਰੇ ਬਰੈਂਪਟਨ ਵਿੱਚ ਚੱਲੀ ਗੋਲੀ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ। ਮਿਸੀਸਾਗਾ ਰੋਡ ਦੇ ਪੂਰਬ ਵਿੱਚ ਵੈਟਰਨਜ਼ ਡਰਾਈਵ ਤੇ ਵੈਨਲੈੱਸ ਡਰਾਈਵ ਇਲਾਕੇ ਵਿੱਚ ਸਵੇਰੇ 5:40 ਉੱਤੇ ਗੋਲੀ ਚੱਲਣ ਦੀ ਪੁਲਿਸ ਨੂੰ ਖਬਰ ਦਿੱਤੀ ਗਈ। ਮੌਕੇ ਉੱਤੇ ਪਹੁੰਚੀ ਪੁਲਿਸ ਨੇ ਦੱਸਿਆ ਕਿ ਗੋਲੀ ਇੱਕ ਵਿਅਕਤੀ ਨੂੰ ਲੱਗੀ ਜਿਸ ਕਾਰਨ ਉਸ ਦੀ ਮੌਕੇ ਉੱਤੇ ਹੀ ਮੌਤ ਹੋ ਗਈ। ਅਜੇ ਤੱਕ ਕਿਸੇ ਮਸ਼ਕੂਕ ਸਬੰਧੀ ਕੋਈ ਜਾਣਕਾਰੀ ਜਾਰੀ ਨਹੀਂ ਕੀਤੀ ਗਈ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਰਿਟਾਇਰਮੈਂਟਸ ਵਿੱਚ 50 ਫੀ ਸਦੀ ਵਾਧੇ ਕਾਰਨ ਲੇਬਰ ਦੀ ਘਾਟ ਦਾ ਸੰਕਟ ਹੋਰ ਗਹਿਰਾਇਆ

ਓਟਵਾ, 15 ਸਤੰਬਰ (ਪੋਸਟ ਬਿਊਰੋ) : ਸਟੈਟਿਸਟਿਕਸ ਕੈਨੇਡਾ ਵੱਲੋਂ ਜਾਰੀ ਕੀਤੇ ਗਏ ਤਾਜ਼ਾ ਅੰਕੜੇ ਅਨੁਸਾਰ ਪਿਛਲੇ ਸਾਲ ਰਿਟਾਇਰ ਹੋਏ ਕੈਨੇਡੀਅਨਜ਼ ਦੀ ਗਿਣਤੀ 50 ਫੀ ਸਦੀ ਤੱਕ ਅੱਪੜ ਗਈ। ਅਰਥਸ਼ਾਸਤਰੀਆਂ ਵੱਲੋਂ ਦਿੱਤੀ ਗਈ ਚੇਤਾਵਨੀ ਅਨੁਸਾਰ ਇਸ ਰੁਝਾਨ ਵਿੱਚ ਕੋਈ ਕਮੀ ਆਉਣ ਦੀ ਸੰਭਾਵਨਾ ਵੀ ਨਹੀਂ ਹੈ।

ਕਾਨਫਰੰਸ ਬੋਰਡ ਆਫ ਕੈਨੇਡਾ ਦੇ ਚੀਫ ਇਕਨੌਮਿਸਟ ਪੈਡਰੋਐਨਟਿਊਨਜ਼ ਦਾ ਕਹਿਣਾ ਹੈ ਕਿ ਕੈਨੇਡਾ ਵਿੱਚ ਉਮਰਦਰਾਜ਼ ਹੋ ਚੁੱਕੀ ਆਬਾਦੀ ਹੁਣ ਰਿਟਾਇਰਮੈਂਟ ਦੀ ਉਮਰ ਤੱਕ ਪਹੁੰਚ ਚੁੱਕੀ ਹੈ। ਬੀਤੇ ਦਿਨੀਂ ਸਟੈਟਿਸਟਿਕਸ ਕੈਨੇਡਾ ਵੱਲੋਂ ਜਾਰੀ ਕੀਤੇ ਗਏ ਡਾਟਾ ਅਨੁਸਾਰ ਪਿਛਲੇ 12 ਮਹੀਨਿਆਂ ਵਿੱਚ 307,000 ਕੈਨੇਡੀਅਨਜ਼ ਰਿਟਾਇਰ ਹੋਏ, ਜੋ ਕਿ ਇੱਕ ਸਾਲ ਪਹਿਲਾਂ ਰਿਟਾਇਰ ਹੋਏ 233,000 ਕੈਨੇਡੀਅਨਾਂ ਨਾਲੋਂ ਵੱਧ ਸਨ। ਇਸ ਤੋਂ ਬਾਅਦ ਤੋਂ ਵੀ ਸਟੈਟਿਸਟਿਕਸ ਕੈਨੇਡਾ ਦੀ ਰਿਪੋਰਟ ਅਨੁਸਾਰ ਅਗਸਤ ਵਿੱਚ 11.9 ਫੀ ਸਦੀ ਪਰਮਾਨੈਂਟ ਇੰਪਲੌਈਜ਼ ਨੇ ਅਗਲੇ 12 ਮਹੀਨਿਆਂ ਵਿੱਚ ਆਪਣੀਆਂ ਨੌਕਰੀਆਂ ਛੱਡਣ ਦਾ ਫੈਸਲਾ ਕੀਤਾ ਤੇ ਇਹ ਜਨਵਰੀ ਨਾਲੋਂ 5.5 ਫੀ ਸਦੀ ਵੱਧ ਸੀ।



ਐਨਟਿਊਨਜ਼ ਨੇ ਆਖਿਆ ਕਿ ਕੋਵਿਡ-19 ਮਹਾਂਮਾਰੀ ਦੌਰਾਨ ਵੀ ਇਹ ਸਿਲਸਿਲਾ ਚੱਲਦਾ ਰਿਹਾ ਤੇ ਇਹ ਰੁਝਾਨ ਮਹਾਂਮਾਰੀ ਤੋਂ ਪਹਿਲਾਂ ਵੀ ਬਣਿਆ ਹੋਇਆ ਸੀ। ਉਨ੍ਹਾਂ ਆਖਿਆ ਕਿ ਅਗਸਤ 2019 ਤੇ ਅਗਸਤ 2020 ਦਰਮਿਆਨ 273,000 ਕੈਨੇਡੀਅਨ ਰਿਟਾਇਰ ਹੋਏ। ਕੈਨੇਡੀਅਨ ਸੈਂਟਰ ਫੌਰ ਪਾਲਿਸੀ ਆਲਟਰਨੇਟਿਵਜ਼ ਦੇ ਚੀਫ ਇਕਨੌਮਿਸਟ ਡੇਵਿਡ ਮੈਕਡੌਨਲਡ ਨੇ ਤਰਕ ਦਿੱਤਾ ਕਿ ਰਿਟਾਇਰਮੈਂਟ ਦਾ ਹੜ੍ਹ ਆਉਣ ਪਿੱਛੇ ਕਾਰਨ ਜਨਸੰਖਿਅਕ ਜਾਂ ਕੋਵਿਡ ਦਾ ਲਮਕ ਜਾਣਾ ਨਹੀਂ ਸੀ। ਜੇ ਇਹ ਸਭ ਨਾ ਹੁੰਦਾ ਤਾਂ ਸ਼ਾਇਦ ਕੁੱਝ ਲੋਕ ਕੰਮ ਕਰਦੇ ਰਹਿ ਵੀ ਸਕਦੇ ਸਨ ਜਾਂ ਘੱਟੋ ਘੱਟ ਇਸ ਬਾਰੇ ਸੋਚ ਸਕਦੇ ਸਨ।

ਮੈਕਡੌਨਲਡ ਨੇ ਆਖਿਆ ਕਿ ਇਸ ਵਿੱਚ ਕੋਈ ਸ਼ੱਕ ਨਹੀਂ ਕਿ ਇਹ ਕੋਵਿਡ ਨਾਲ ਸਬੰਧਤ ਮੁੱਦਾ ਹੈ। ਸਭ ਤੋਂ ਵੱਧ ਰਿਟਾਇਰ ਅਧਿਆਪਕਾਂ ਤੇ ਨਰਸਾਂ ਹੋਈਆਂ। ਉਨ੍ਹਾਂ ਆਖਿਆ ਕਿ ਭਾਵੇਂ ਰਿਟਾਇਰਮੈਂਟ ਦਾ ਕਾਰਨ ਕੋਈ ਵੀ ਹੋਵੇ ਪਰ ਕੈਨੇਡੀਅਨ ਅਰਥਚਾਰੇ ਨੂੰ ਵਿਕਸਤ ਕਰਨ ਤੇ ਚੱਲਦਾ ਰੱਖਣ ਦਾ ਉਪਾਅ ਦਮਦਾਰ ਇਮੀਗ੍ਰੇਸ਼ਨ ਹੀ ਹੈ। ਉਨ੍ਹਾਂ ਆਖਿਆ ਕਿ ਸਾਡੇ ਕੈਨੇਡਾ ਵਿੱਚ ਜਨਮ ਦਰ ਬਹੁਤ ਘੱਟ ਹੈ। ਐਨਟਿਊਨਜ਼ ਨੇ ਵੀ ਇਮੀਗ੍ਰੇਸ਼ਨ ਨੂੰ ਮੌਲਿਕ ਤੌਰ ਉੱਤੇ ਸਿਹਤਮੰਦ ਤੇ ਅਰਥਚਾਰੇ ਦਾ ਵਿਕਾਸ ਕਰਨ ਲਈ ਜ਼ਰੂਰੀ ਕਾਰਕ ਦੱਸਿਆ। ਉਨ੍ਹਾਂ ਆਖਿਆ ਕਿ ਭਾਵੇਂ ਕੈਨੇਡਾ ਦੀ ਜਨਮ ਦਰ ਵਿੱਚ ਰਾਤੋ ਰਾਤ ਸੁਧਾਰ ਹੋ ਜਾਵੇ ਪਰ ਇਹ ਲੇਬਰ ਦੀ ਮੌਜੂਦਾ ਘਾਟ ਨੂੰ ਖ਼ਤਮ ਨਹੀਂ ਕਰ ਸਕੇਗਾ।

## 15 ਸਾਲਾ ਲੜਕੇ ਦੇ ਕਤਲ ਦੇ ਸਬੰਧ ਵਿੱਚ ਪੁਲਿਸ ਨੇ ਜਾਰੀ ਕੀਤਾ ਮਸ਼ਕੂਕ ਦਾ ਵੇਰਵਾ

ਟੋਰਾਂਟੋ, 15 ਸਤੰਬਰ (ਪੋਸਟ ਬਿਊਰੋ) : ਸੁਨਿੱਚਰਵਾਰ ਸਵੇਰੇ ਨੌਰਥ ਯੌਰਕ ਵਿੱਚ ਗੋਲੀ ਮਾਰੇ ਜਾਣ ਕਾਰਨ ਇੱਕ 15 ਸਾਲਾ ਟੀਨੇਜਰ ਦੀ ਹੋਈ ਮੌਤ ਦੇ ਸਬੰਧ ਵਿੱਚ ਟੋਰਾਂਟੋ ਪੁਲਿਸ ਵੱਲੋਂ ਮਸ਼ਕੂਕ ਦੇ ਨਾਂ ਦਾ ਐਲਾਨ ਕੀਤਾ ਗਿਆ ਹੈ।

ਪੁਲਿਸ ਨੇ ਆਖਿਆ ਕਿ ਟੋਰਾਂਟੋ ਦੇ ਟੀਨੇਜਰ ਸ਼ੈਲਡਨ ਸਮੁਦਾ ਨੂੰ ਗੋਲੀ ਮਾਰ ਕੇ ਮੌਤ ਦੇ ਘਾਟ ਉਤਾਰਨ ਲਈ ਟੋਰਾਂਟੋ ਦੇ 18 ਸਾਲਾ ਐਲੀਅਨ ਬ੍ਰਾਊਨ ਦੀ ਸੈਕਿੰਡ ਡਿਗਰੀ ਮਰਡਰ ਵਾਸਤੇ ਭਾਲ ਕੀਤੀ ਜਾ ਰਹੀ ਹੈ। ਸੁਨਿੱਚਰਵਾਰ ਤੜਕੇ 1:00 ਵਜੇ ਸ਼ੈਪਰਡ ਐਵਨਿਊ ਵੈਸਟ ਦੇ ਉੱਤਰ ਵੱਲ ਕੀਲ ਸਟਰੀਟ ਉੱਤੇ ਸਥਿਤ ਅਪਾਰਟਮੈਂਟ ਉੱਤੇ ਪੁਲਿਸ ਨੂੰ ਸੱਦਿਆ ਗਿਆ।




ਮੌਕੇ ਉੱਤੇ ਪਹੁੰਚਣ ਉੱਤੇ ਪੁਲਿਸ ਨੂੰ ਇੱਕ ਟੀਨੇਜਰ ਗੋਲੀ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲਿਆ। ਉਸ ਨੂੰ ਨਾਜ਼ੁਕ ਹਾਲਤ ਵਿੱਚ ਨੇੜਲੇ ਟਰੌਮਾ ਸੈਂਟਰ ਲਿਜਾਇਆ ਗਿਆ। ਘਟਨਾ ਵਾਲੀ ਥਾਂ ਤੋਂ ਪੁਲਿਸ ਨੂੰ ਹਥਿਆਰ ਵੀ ਮਿਲਿਆ। ਸੁਨਿੱਚਰਵਾਰ ਦੁਪਹਿਰ ਨੂੰ ਪੁਲਿਸ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਜ਼ਖ਼ਮੀ ਟੀਨੇਜਰ ਨੂੰ ਹਸਪਤਾਲ ਵਿੱਚ ਮ੍ਰਿਤਕ ਐਲਾਨ ਦਿੱਤਾ ਗਿਆ। ਇਸ ਸਬੰਧ ਵਿੱਚ ਐਲੀਅਨ ਬ੍ਰਾਊਨ ਨਾਂ ਦੇ ਜਿਸ ਵਿਅਕਤੀ ਦੀ ਪੁਲਿਸ ਭਾਲ ਕਰ ਰਹੀ ਹੈ ਉਸ ਦਾ ਕੱਦ ਛੇ ਫੁੱਟ, ਵਜ਼ਨ 220 ਪਾਊਂਡ ਤੇ ਠੋਡੀ ਤੱਕ ਲੰਮੇਂ ਗੁੰਦੇ ਹੋਏ ਵਾਲ ਹਨ।

## ਟ੍ਰੈਫਿਕ ਲਾਈਟਾਂ ਲਗਵਾ ਕੇ ਸੁਰੱਖਿਅਤ ਲਾਂਘਾ ਬਣਾਉਣ ਲਈ ਮੇਅਰ ਨੂੰ ਭੇਜਿਆ ਮੰਗ-ਪੱਤਰ

ਬਰੈਂਪਟਨ, (ਡਾ. ਝੰਡ) - ਰੀਗਨ ਰੋਡ ਗੁਰਦੁਆਰਾ ਸਾਹਿਬ ਦੇ ਪਿਛਲੇ ਪਾਸੇ ਪੈਂਦੀ ਮੈਕਲਾਘਲਨ ਰੋਡ ਉੱਪਰ ਲੋਰਮੇਲ ਗੇਟ ਬੱਸ-ਸਟਾਪ ਨੰਬਰ 2217 ਅਤੇ ਹੌਲਮਜ਼ ਚੈਨਲ ਪਾਥਵੇਅ ਦੇ ਨੇੜੇ ਮੈਕਲਾਘਲਨ ਰੋਡ ਨੂੰ ਪਾਰ ਕਰਨ ਲਈ ਕੋਈ ਕਰਾਸ-ਵੇਅ ਨਹੀਂ ਹੈ। ਇਹ ਬੱਸ-ਸਟਾਪ ਯਾਤਰੀਆਂ ਨਾਲ ਹਰ ਸਮੇਂ ਬਹੁਤ ਹੀ ਰੁੱਝਿਆ ਰਹਿੰਦਾ ਹੈ, ਕਿਉਂਕਿ ਇਸ ਸਟਾਪ ਤੋਂ ਬੱਸਾਂ ਵਿਚ ਚੜ੍ਹਨ-ਉਤਰਨ ਵਾਲੇ ਇਲਾਕਾ-ਨਿਵਾਸੀ ਕਾਫ਼ੀ ਗਿਣਤੀ ਵਿਚ ਹੁੰਦੇ ਹਨ। ਇਸ ਤੋਂ ਇਲਾਵਾ ਸੈਂਡਲਵੁੱਡ ਰੋਡ ਤੋਂ ਆਉਣ ਵਾਲੇ ਅਤੇ ਬੋਵੇਰਡ ਵੱਲ ਜਾਣ ਵਾਲੇ ਸਾਰੇ ਯਾਤਰੀ ਵੀ ਇੱਥੋਂ ਹੀ ਮੈਕਲਾਗਲਨ ਰੋਡ ਨੂੰ ਪਾਰ ਕਰਦੇ ਹਨ।

ਇਲਾਕਾ-ਨਿਵਾਸੀਆਂ ਵੱਲੋਂ ਕੈਪਟਨ ਇਕਬਾਲ ਸਿੰਘ ਵਿਰਕ ਦੀ ਅਗਵਾਈ ਵਿਚ ਬਰੈਂਪਟਨ ਦੇ ਮੇਅਰ ਨੂੰ ਲਿਖੇ ਗਏ ਮੰਗ-ਪੱਤਰ ਜਿਸ ਉੱਪਰ 200 ਦੇ ਲੱਗਭੱਗ ਸਥਾਨਕ ਵਾਸੀਆਂ ਦੇ ਦਸਤਖ਼ਤ ਕਰਵਾਏ ਗਏ ਹਨ, ਭੇਜ ਕੇ ਇੱਥੇ ਮੈਕਲਾਗਲਨ ਰੋਡ 'ਤੇ ਟਰੈਫਿਕ ਲਾਈਟਾਂ ਲਗਵਾਉਣ ਦੀ ਮੰਗ ਕੀਤੀ ਗਈ ਹੈ ਤਾਂ ਜੋ ਪੈਦਲ


Iqbal Singh Virk
Parity Seniors Club
25 Adrian Crescent
Brampton ON, L6x5m6
647-631-9445
svirk675@gmail.com

September 3rd, 2022

Mayor of Brampton
2 Wellington Street West
Brampton, ON, L6Y 4R2

Dear Mr. Mayor,

I am writing this letter to address the safety hazard behind the Gurudwara on 32 regan Rd Brampton, ON L7A 1A7 (Mclaughlin & Sandalwood)

There is no crosswalk, intersection, or any pedestrian walkway to cross McLaughlin to the Lormel Gate bus stop (bus stop id:2217) and the Holmes channel pathway. This is a very popular bus stop and pathway because of the accessibility it provides to nearby residents. The pedestrians coming from Sandalwood and pedestrians going towards Bovaird all cross in between the street.

Our request is to implement strategies to create a safe crossing for pedestrians and drivers. This can either be from speed bumps, pedestrian walkways, safety signage, reducing the speed limit etc.

Sincerely,

Iqbal Singh Virk

CC:

Mp Kamal Khera
33 Van Kirk Drive
Suite 10/10A
Brampton, Ontario
L7A 1A5

Michael Palleschi
2 wellington St. we
Brampton, Ontario
L6Y 4R2

ਯਾਤਰੀ ਸੁਰੱਖਿਅਤ ਢੰਗ ਨਾਲ ਇਹ ਸੜਕ ਪਾਰ ਕਰ ਸਕਣ। ਇਸ ਨਾਲ ਰੀਗਨ ਗੁਰੂਘਰ ਆਉਣ ਵਾਲੇ ਸ਼ਰਧਾਲੂਆਂ ਨੂੰ ਵੀ ਕਾਫ਼ੀ ਲਾਭ ਹੋਵੇਗਾ ਅਤੇ ਉਹ ਵੀ ਇਹ ਸੜਕ ਆਰਾਮ ਨਾਲ ਸੁਰੱਖਿਅਤ ਅਤੇ ਬੇਫ਼ਿਕਰ ਹੋ ਕੇ ਪਾਰ ਕਰ ਸਕਣਗੇ। ਅਲਬੱਤਾ, ਇਸ ਸਮੇਂ ਤਾਂ ਇੱਥੇ ਹਰ ਪਲ ਐਕਸੀਡੈਂਟ ਹੋਣ ਦਾ ਖ਼ਤਰਾ ਬਣਿਆ ਰਹਿੰਦਾ ਹੈ। ਮੇਅਰ ਨੂੰ ਭੇਜੇ ਗਏ ਇਸ ਮੰਗ-ਮੱਤਰ ਦੀਆਂ ਕਾਪੀਆਂ ਸੀਨੀਅਰਜ਼ ਮਾਮਲਿਆਂ ਦੀ ਮੰਤਰੀ ਬਰੈਂਪਟਨ ਵੈਸਟ ਦੀ ਪਾਰਲੀਮੈਂਟ ਮੈਂਬਰ ਕਮਲ ਖਹਿਰਾ ਅਤੇ ਰੀਜਨਲ ਕੌਂਸਲਰ ਮਾਈਕਲ ਪਲੈਸ਼ੀ ਨੂੰ ਵੀ ਭੇਜੀਆਂ ਗਈਆਂ ਹਨ ਤਾਂ ਜੋ ਉਹ ਵੀ ਲੋੜੀਦਾ ਦਖ਼ਲ ਦੇ ਕੇ ਇਲਾਕਾ-ਨਿਵਾਸੀਆਂ ਨੂੰ ਦਰਪੇਸ਼ ਇਹ ਮੁਸ਼ਕਲ ਹੱਲ ਕਰਵਾ ਸਕਣ।

## ਅਮਰੀਕਾ 'ਤੇ 11 ਸਤੰਬਰ ਦੇ ਹਮਲੇ ਦੇ ਯਾਦਗਾਰੀ ਸਮਾਰੋਹ ਵਿੱਚ ਡੇਟਨ ਦੇ ਸਿੱਖਾਂ ਨੇ ਵੀ ਸ਼ਮੂਲੀਅਤ ਕੀਤੀ

ਓਹਾਇਓ, 15 ਸਤੰਬਰ (ਪੋਸਟ ਬਿਊਰੋ): ਅਮਰੀਕਾ ਦੇ ਸੂਬੇ ਓਹਾਇਓ ਦੇ ਸ਼ਹਿਰ ਡੇਟਨ ਦੇ ਸਿੱਖ ਭਾਈਚਾਰੇ ਨੇ ਸੈਂਕੜੇ ਹੋਰ ਸਥਾਨਕ ਅਮਰੀਕਨਾਂ ਨਾਲ 11 ਸਤੰਬਰ, 2001 ਨੂੰ ਨਿਊਯਾਰਕ ਵਿਖੇ ਵਰਲਡ ਟਰੇਡ ਸੈਂਟਰ ਟਾਵਰਾਂ ਅਤੇ ਪੈਂਟਾਗਨ 'ਤੇ ਹੋਏ ਅੱਤਵਾਦੀ ਹਮਲਿਆਂ ਦੀ 21ਵੀਂ ਵਰ੍ਹੇਗੰਢ ਮਨਾਉਂਦੇ ਹੋਏ ਬੀਵਰਕ੍ਰੀਕ ਦੇ 9/11 ਮੈਮੋਰੀਅਲ ਵਿਖੇ ਸ਼ਰਧਾਂਜਲੀ ਦਿੱਤੀ।

ਇਸ ਸਲਾਨਾ ਯਾਦਗਾਰੀ ਸਮਾਰੋਹ ਦਾ ਆਯੋਜਨ ਬੀਵਰਕ੍ਰੀਕ ਦੇ 9/11 ਮੈਮੋਰੀਅਲ ਵਿਖੇ ਕੀਤਾ ਗਿਆ ਸੀ ਤਾਂ ਜੋ ਉਸ ਦਿਨ ਗੁਆਚੀਆਂ ਜਾਨਾਂ ਅਤੇ






ਕੁਰਬਾਨੀਆਂ ਨੂੰ ਯਾਦ ਕੀਤਾ ਜਾ ਸਕੇ। ਇਹਨਾਂ ਟਾਵਰ ਦੀਆਂ ਇਮਾਰਤਾਂ ਵਿੱਚ ਅਤੇ ਆਲੇ ਦੁਆਲੇ 2600 ਤੋਂ ਵੱਧ ਲੋਕ ਮਾਰੇ ਗਏ ਸਨ ਜਦੋਂ ਅੱਤਵਾਦੀਆਂ ਨੇ ਹਵਾਈ ਜਹਾਜ਼ਾਂ ਨੂੰ ਅਗਵਾ ਕੀਤਾ ਅਤੇ ਟਾਵਰਾਂ ਨਾਲ ਟਕਰਾਅ ਦਿੱਤਾ, 186 ਲੋਕ ਪੈਂਟਾਗਨ ਵਿਖੇ ਜਹਾਜ਼ ਨਾਲ ਕੀਤੇ ਗਏ ਹਮਲੇ ਅਤੇ 40 ਪੈਨਸਿਲਵੇਨੀਆ ਵਿੱਚ ਇੱਕ ਜਹਾਜ਼ ਹਾਦਸੇ ਵਿੱਚ ਮਾਰੇ ਗਏ। ਬੀਵਰਕ੍ਰੀਕ ਦੇ ਇਸ 9/11 ਮੈਮੋਰੀਅਲ ਵਿੱਚ ਸਟੀਲ ਦਾ ਇੱਕ 25-ਫੁੱਟ ਉੱਚਾ ਮੁੜਿਆ ਹੋਇਆ ਪਿਲਰ ਸਥਾਪਿਤ ਕੀਤਾ ਗਿਆ ਹੈ, ਜੋ ਹਮਲੇ ਤੋਂ ਪਹਿਲਾਂ ਵਰਲਡ ਟਰੇਡ ਸੈਂਟਰ ਦੇ ਉੱਤਰੀ ਟਾਵਰ ਦੀਆਂ 101ਵੀਂ ਅਤੇ 105ਵੀਂ ਮੰਜ਼ਿਲਾਂ ਦੇ ਵਿਚਕਾਰ ਲੱਗਾ ਹੋਇਆ ਸੀ। ਇਸ ਟੁਕੜੇ ਨੂੰ ਦੋ ਅੱਗ ਬੁਝਾਊ ਦਸਤਿਆਂ ਦੁਆਰਾ ਬੀਵਰਕ੍ਰੀਕ ਵਿੱਚ ਲਿਆਂਦਾ ਗਿਆ ਸੀ ਜੋ ਓਹੀਓ ਟਾਸਕ ਫੋਰਸ ਵਨ ਦਾ ਹਿੱਸਾ ਸਨ ਅਤੇ ਇਹਨਾਂ ਨੇ ਨਿਊਯਾਰਕ ਵਿੱਚ ਗਰਾਊਂਡ ਜ਼ੀਰੋ ਵਿਖੇ ਬਚਾਅ ਕਾਰਜਾਂ ਵਿੱਚ ਸਹਾਇਤਾ ਕੀਤੀ ਸੀ।

ਸਮਾਰੋਹ ਵਿੱਚ ਯਾਦਗਾਰ ਉੱਤੇ ਝੰਡਾ ਨੀਵਾਂ ਕੀਤਾ ਗਿਆ, ਫੌਜ ਦੇ ਜਵਾਨਾਂ ਵਲੋਂ ਰਾਸ਼ਟਰੀ ਗੀਤ ਦਾ ਗਾਇਆ ਹੋਇਆ ਅਤੇ ਇੱਕ ਰਸਮੀ ਘੰਟੀ ਵਜਾਈ ਗਈ। ਬੀਵਰਕ੍ਰੀਕ ਦੇ ਮੇਅਰ ਬੌਬ ਸਟੋਨ ਨੇ ਸ਼ਰਧਾਂਜਲੀ ਸੰਦੇਸ਼ ਦਿੱਤਾ। ਗ੍ਰੀਨ ਕਾਉਂਟੀ ਦੇ ਕਮਿਸ਼ਨਰ ਰਿੱਕ ਪਿਰੈਲਸ ਵੀ ਇਸ ਸਮਾਗਮ ਵਿੱਚ ਸ਼ਾਮਲ ਹੋਏ।

ਸਮਾਰੋਹ ਵਿੱਚ ਸ਼ਾਮਲ ਹੋਏ ਸਿੱਖ ਭਾਈਚਾਰੇ ਦੇ ਕਾਰਕੁਨ ਸਮੀਪ ਸਿੰਘ ਗੁਮਟਾਲਾ ਨੇ ਦੱਸਿਆ, "ਅਸੀਂ ਇਸ ਸਮਾਰੋਹ ਵਿੱਚ ਉਨ੍ਹਾਂ ਪੁਰਸ਼ਾਂ ਅਤੇ ਔਰਤਾਂ ਨੂੰ ਸ਼ਰਧਾਂਜਲੀ ਦੇਣ ਲਈ ਇਕੱਠੇ ਹੋਏ, ਜਿਨ੍ਹਾਂ ਨੇ ਇਹਨਾਂ ਹਮਲਿਆਂ ਵਿੱਚ ਆਪਣੀ ਜਾਣ ਗੁਆ ਦਿੱਤੀ ਅਤੇ ਜਿਸ ਵਿੱਚ ਅੱਗ ਬੁਝਾਊ ਅਮਲੇ ਦੇ ਮੈਂਬਰ, ਪੁਲਿਸ ਅਧਿਕਾਰੀ ਤੇ ਮੈਡੀਕਲ ਸੇਵਾਵਾਂ ਦੇ ਅਮਲੇ ਵੀ ਸ਼ਾਮਲ ਸਨ। ਅਸੀਂ ਫੌਜੀ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦਾ ਵੀ ਸਨਮਾਨ ਕਰਦੇ ਹਾਂ ਜਿਨ੍ਹਾਂ ਨੇ ਆਪਣੇ ਅਜ਼ੀਜ਼ਾਂ ਨੂੰ ਗੁਆ ਦਿੱਤਾ ਹੈ।"

ਗੁਮਟਾਲਾ ਨੇ ਜਾਣਕਾਰੀ ਦਿੱਤੀ ਕਿ ਹਰ ਸਾਲ ਭਾਈਚਾਰੇ ਵਲੋਂ ਬਲਬੀਰ ਸਿੰਘ ਸੋਢੀ ਨੂੰ ਵੀ ਯਾਦ ਕੀਤਾ ਜਾਂਦਾ ਹੈ, ਜਿਨ੍ਹਾਂ ਨੂੰ ਇਸ ਹਮਲੇ ਤੋਂ ਚਾਰ ਦਿਨ ਬਾਅਦ ਉਹਨਾਂ ਦੇ ਮੀਸਾ, ਐਰੀਜ਼ੋਨਾ ਗੈਸ ਸਟੇਸ਼ਨ ਦੇ ਬਾਹਰ ਗੋਲੀ ਮਾਰ ਕੇ ਮਾਰ ਦਿੱਤਾ ਗਿਆ। ਹਮਲਾਵਰ 11 ਸਤੰਬਰ ਦੇ ਹਮਲਿਆਂ ਦਾ ਬਦਲਾ ਲੈਣ ਲਈ "ਮੁਸਲਮਾਨਾਂ ਨੂੰ ਮਾਰਨਾ" ਚਾਹੁੰਦਾ ਸੀ। ਇਹ 9/11 ਦੇ ਹਮਲੇ ਤੋਂ ਬਾਦ ਦਾ ਪਹਿਲਾ ਘਾਤਕ ਨਫ਼ਰਤੀ ਅਪਰਾਧ ਸੀ। ਇਸ ਤੋਂ ਬਾਦ ਸਿੱਖਾਂ, ਮੁਸਲਮਾਨਾਂ, ਦੱਖਣੀ ਏਸ਼ੀਆਈ ਅਤੇ ਹੋਰਨਾਂ ਵਿਰੁੱਧ ਨਫ਼ਰਤ ਅਤੇ ਵਿਤਕਰੇ ਦੀਆਂ ਘਟਨਾਵਾਂ ਦੀ ਇੱਕ ਲਹਿਰ ਦੀ ਸ਼ੁਰੂਆਤ ਹੋਈ।

ਡੇਟਨ ਅਤੇ ਨਾਲ ਲੱਗਦੇ ਸ਼ਹਿਰ ਸਿਨਸਿਨਾਟੀ ਦੇ ਗੁਰਦੁਆਰਾ ਸਾਹਿਬ ਤੋਂ ਇਲਾਵਾ ਬਾਕੀ ਦੇਸ਼ ਦੇ ਗੁਰਦੁਆਰਿਆਂ ਵਿਖੇ ਵੀ ਮਾਰੇ ਗਏ ਲੋਕਾਂ ਦੀ ਆਤਮਕ ਸ਼ਾਤੀ ਲਈ ਅਰਦਾਸ ਕੀਤੀ ਗਈ। ਇਸ ਸਮਾਰੋਹ ਵਿੱਚ ਸਿੱਖ ਭਾਈਚਾਰੇ ਤੋਂ ਡਾ. ਚਰਨਜੀਤ ਸਿੰਘ ਗੁਮਟਾਲਾ, ਅਵਤਾਰ ਸਿੰਘ ਸਪਰਿੰਗਫੀਲਡ, ਰਜਪਾਲ ਸਿੰਘ, ਰਾਈਟ ਸਟੇਟ ਯੂਨੀਵਰਸਿਟੀ ਦੇ ਵਿਦਿਆਰਥੀ ਹਰਰੂਪ ਸਿੰਘ, ਹਰਸ਼ਦੀਪ ਸਿੰਘ, ਨਵਰਤਨ ਸਿੰਘ ਆਦਿ ਸ਼ਾਮਲ ਹੋਏ।

ਇੱਥੇ ਇਹ ਦੱਸਣਾ ਵਰਨਣਯੋਗ ਹੈ ਕਿ ਵਰਲਡ ਟਰੇਡ ਸੈਂਟਰ ਦੇ ਬਹੁਤ ਸਾਰੇ ਇਹਨਾਂ ਪਿਲਰਾਂ ਨੂੰ ਅਮਰੀਕਾ ਦੇ ਵੱਖ-ਵੱਖ ਸ਼ਹਿਰਾਂ ਵਿੱਚ ਬਣਾਈਆਂ ਯਾਦਗਾਰਾਂ 'ਤੇ ਸਥਾਪਿਤ ਕੀਤਾ


TAX & ACCOUNTING

TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX

Harcharan S. Grover
Chartered Accountant

ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ



Call for Professional Advice
905.247.0193
info@grovercpa.ca

GroVerCPA
Professional Corporation

214-7895 Tranmere Drive, Mississauga ON L5S 1V9

# ਪੌਲੀਏਵਰ ਦੇ ਜਿੱਤਣ ਤੋਂ ਬਾਅਦ ਕਿਊਬਿਕ ਦੇ ਐਮਪੀ ਨੇ ਛੱਡਿਆ ਕੰਜ਼ਰਵੇਟਿਵ ਕਾਕਸ

ਕਿਊਬਿਕ, 15 ਸਤੰਬਰ (ਪੋਸਟ ਬਿਊਰੋ) : ਪਿਏਰ ਪੌਲੀਏਵਰ ਨੂੰ ਕੰਜ਼ਰਵੇਟਿਵ ਪਾਰਟੀ ਦਾ ਨਵਾਂ ਆਗੂ ਚੁਣ ਲਏ ਜਾਣ ਤੋਂ ਬਾਅਦ ਕਿਊਬਿਕ ਤੋਂ ਐਮਪੀ ਐਲੇਨ ਰੇਅਜ਼ ਨੇ ਆਖਿਆ ਕਿ ਉਹ ਕੰਜ਼ਰਵੇਟਿਵ ਕਾਕਸ ਛੱਡ ਕੇ ਆਜ਼ਾਦ ਐਮਪੀ ਵਜੋਂ ਬੈਠਣਗੇ।



ਇੱਕ ਬਿਆਨ ਵਿੱਚ ਰੇਅਜ਼ ਨੇ ਆਖਿਆ ਕਿ ਉਹ ਸਾਰੇ ਮੈਂਬਰਾਂ ਦੇ ਫੈਸਲੇ ਦੀ ਕਦਰ ਕਰਦੇ ਹਨ ਪਰ ਉਨ੍ਹਾਂ ਦੇ ਕੁੱਝ ਸਿਆਸੀ ਵਿਚਾਰ, ਕਦਰਾਂ ਕੀਮਤਾਂ ਨਵੇਂ ਰਾਹ ਦੇ ਨਾਲ ਮੇਲ ਨਹੀਂ ਖਾਂਦੀਆਂ, ਇਸ ਲਈ ਉਨ੍ਹਾਂ ਨੂੰ ਇਹ ਫੈਸਲਾ ਕਰਨਾ ਪਿਆ ਹੈ। ਜ਼ਿਕਰਯੋਗ ਹੈ ਕਿ ਰੇਅਜ਼ ਨੇ ਲੀਡਰਸ਼ਿਪ ਦੌੜ ਵਿੱਚ ਜੀਨ ਚਾਰੈਸਟ ਦਾ ਸਾਥ ਦਿੱਤਾ ਸੀ। ਉਨ੍ਹਾਂ ਆਖਿਆ ਕਿ ਉਨ੍ਹਾਂ ਦੇ ਮਨ ਵਿੱਚ ਕਿਸੇ ਲਈ ਕੋਈ ਕੜਵਾਹਟ ਨਹੀਂ ਹੈ ਪਰ ਉਹ ਆਪਣੇ ਹਲਕੇ ਦੇ ਲੋਕਾਂ ਦੀ ਸੇਵਾ ਕਰਨੀ ਜਾਰੀ ਰੱਖਣਗੇ।

ਰੇਅਜ਼ ਨੇ ਆਖਿਆ ਕਿ ਮੰਗਲਵਾਰ ਨੂੰ ਉਨ੍ਹਾਂ ਨੇ ਹਾਊਸ ਆਫ ਕਾਮਨਜ਼ ਦੇ ਸਪੀਕਰ ਨੂੰ ਲਿਖ ਕੇ ਇਹ ਸੂਚਿਤ ਕੀਤਾ ਸੀ ਕਿ ਉਹ ਆਜ਼ਾਦ ਐਮਪੀ ਵਜੋਂ ਬੈਠਣਾ ਚਾਹੁੰਦੇ ਹਨ। ਉਨ੍ਹਾਂ ਆਖਿਆ ਕਿ ਉਨ੍ਹਾਂ ਨੂੰ ਪ੍ਰੋਗਰੈਸਿਵ ਕੰਜ਼ਰਵੇਟਿਵ ਹੋਣ ਉੱਤੇ ਮਾਣ ਹੈ ਤੇ ਉਹ ਆਪਣੇ ਹਲਕੇ ਰਿਚਮੰਡ-ਆਰਥਾਬਾਸਕਾ ਦੇ ਵਾਸੀਆਂ ਦੀ ਸੇਵਾ ਕਰਦੇ ਰਹਿਣਗੇ। ਉਹ ਪਹਿਲੀ ਵਾਰੀ 2015 ਵਿੱਚ ਐਮਪੀ ਚੁਣੇ ਗਏ ਸਨ। ਫਰਵਰੀ ਤੱਕ ਉਹ ਪਾਰਟੀ ਦੇ ਡਿਪਟੀ ਆਗੂ ਤੇ ਕਿਊਬਿਕ ਲੈਫਟੀਨੈਂਟ ਰਹੇ ਤੇ ਫਿਰ ਉਨ੍ਹਾਂ ਆਪਣਾ ਅਹੁਦਾ ਛੱਡਦਿਆਂ ਆਖਿਆ ਸੀ ਕਿ ਉਹ ਲੀਡਰਸ਼ਿਪ ਦੌੜ ਉੱਤੇ ਧਿਆਨ ਕੇਂਦਰਿਤ ਕਰਨਾ ਚਾਹੁੰਦੇ ਹਨ। ਸੱਤ ਮਹੀਨੇ ਚੱਲੀ ਕੈਂਪੇਨ ਵਿੱਚ ਰੇਅਜ਼ ਨੇ ਆਪਣਾ ਸਾਰਾ ਜ਼ੋਰ ਦੋ ਦਰਜਨ ਕੰਜ਼ਰਵੇਟਿਵ ਕਾਕਸ ਮੈਂਬਰਾਂ ਸਮੇਤ ਚਾਰੈਸਟ ਪਿੱਛੇ ਲਾਇਆ ਸੀ।

# ਦੋ ਗੱਡੀਆਂ ਦੀ ਆਹਮੋ ਸਾਹਮਣੀ ਟੱਕਰ ਵਿੱਚ ਪੁਲਿਸ ਅਧਿਕਾਰੀ ਦੀ ਹੋਈ ਮੌਤ

ਮਾਰਖਮ, 15 ਸਤੰਬਰ (ਪੋਸਟ ਬਿਊਰੋ) : ਬੁੱਧਵਾਰ ਨੂੰ ਮਾਰਖਮ ਵਿੱਚ ਦੋ ਗੱਡੀਆਂ ਦੀ ਆਹਮੋ ਸਾਹਮਣੀ ਟੱਕਰ ਵਿੱਚ ਯੌਰਕ ਰੀਜਨਲ ਪੁਲਿਸ ਅਧਿਕਾਰੀ ਦੀ ਮੌਤ ਹੋ ਗਈ।

ਪੁਲਿਸ ਅਧਿਕਾਰੀਆਂ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਕਿ 38 ਸਾਲਾ ਕਾਂਸਟੇਬਲ ਟਰੈਵਿਸ ਗਿਲੈਸਪੀ ਆਪਣੇ ਕੰਮ ਉੱਤੇ ਜਾ ਰਿਹਾ ਸੀ ਜਦੋਂ ਸਵੇਰੇ 6:00 ਵਜੇ ਦੇ ਨੇੜੇ ਤੇੜੇ ਵਾਰਡਨ ਐਵਨਿਊ ਦੇ ਪੱਛਮ ਵਿੱਚ ਮੇਜਰ ਮੈਕੈਂਜ਼ੀ ਡਰਾਈਵ ਉੱਤੇ ਉਸ ਦੀ ਗੱਡੀ ਸਾਹਮਣੇ ਤੋਂ ਆ ਰਹੀ ਇੱਕ ਹੋਰ ਗੱਡੀ ਨਾਲ ਟਕਰਾ ਗਈ। ਯੌਰਕ ਰੀਜਨਲ ਪੁਲਿਸ ਚੀਫ ਜਿੰਮ ਮੈਕਸਵੀਨ ਨੇ ਆਖਿਆ ਕਿ ਇਹ ਸਾਡੀ



ਆਰਗੇਨਾਈਜ਼ੇਸ਼ਨ ਲਈ ਬਹੁਤ ਹੀ ਦੁੱਖਦਾਈ ਖਬਰ ਹੈ। ਉਨ੍ਹਾਂ ਆਖਿਆ ਕਿ ਟਰੈਵਿਸ ਦੇ ਪਰਿਵਾਰ, ਦੋਸਤਾਂ ਤੇ ਕੁਲੀਗਜ਼ ਦੀ ਇਸ ਦੁੱਖ ਦੀ ਘੜੀ ਵਿੱਚ ਉਹ ਉਨ੍ਹਾਂ ਦੇ ਨਾਲ ਹਨ।

ਜਾਂਚਕਾਰਾਂ ਨੇ ਦੱਸਿਆ ਕਿ ਹਾਦਸਾ ਟਰੈਵਿਸ ਵੱਲੋਂ ਚਲਾਈ ਜਾ ਰਹੀ ਚਿੱਟੇ ਰੰਗ ਦੀ ਹੌਂਡਾ ਐਕੌਰਡ ਤੇ ਕਾਲੇ ਰੰਗ ਦੀ ਪੋਰਸ਼ਾ ਕੇਯੇਨ ਦਰਮਿਆਨ ਆਹਮੋ ਸਾਹਮਣੀ ਟੱਕਰ ਕਾਰਨ ਹੋਇਆ। ਅਧਿਕਾਰੀਆਂ ਨੇ ਦੱਸਿਆ ਕਿ ਟਰੈਵਿਸ ਦੀ ਮੌਕੇ ਉੱਤੇ ਹੀ ਮੌਤ ਹੋ ਗਈ। ਪੋਰਸ਼ਾ ਚਲਾ ਰਹੇ ਮਾਰਖਮ ਦੇ 23 ਸਾਲਾ ਵਿਅਕਤੀ ਨੂੰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ ਪਰ ਉਸ ਦੀ ਹਾਲਤ ਬਾਰੇ ਅਜੇ ਕੋਈ ਜਾਣਕਾਰੀ ਨਹੀਂ ਮਿਲੀ ਹੈ। ਜਾਂਚਕਾਰਾਂ ਨੇ ਦੱਸਿਆ ਕਿ ਦੋਵਾਂ ਗੱਡੀਆਂ ਵਿੱਚੋਂ ਇੱਕ ਦਾ ਡਰਾਈਵਰ ਸੈਂਟਰ ਲਾਈਨ ਨੂੰ ਕਰੌਸ ਕਰਦਾ ਹੋਇਆ ਸਾਹਮਣੇ ਤੋਂ ਆ ਰਹੀ ਗੱਡੀ ਨਾਲ ਜਾ ਟਕਰਾਇਆ।

ਪ੍ਰੀਮੀਅਰ ਡੱਗ ਫੋਰਡ ਵੱਲੋਂ ਜਾਰੀ ਕੀਤੇ ਬਿਆਨ ਵਿੱਚ ਸਮੁੱਚੀ ਯੌਰਕ ਰੀਜਨਲ ਪੁਲਿਸ ਸਰਵਿਸ ਤੇ ਟਰੈਵਿਸ ਦੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ।

# ਟੀਕਾਕਰਣ ਰਿਕਾਰਡ ਪੂਰਾ ਨਾ ਹੋਣ ਕਾਰਨ 1500 ਸੈਕੰਡਰੀ ਸਕੂਲ ਵਿਦਿਆਰਥੀ ਸਸਪੈਂਡ




ਓਨਟਾਰੀਓ, 15 ਸਤੰਬਰ (ਪੋਸਟ ਬਿਊਰੋ) : ਵਿੰਡਸਰ, ਓਨਟਾਰੀਓ ਸਥਿਤ ਪਬਲਿਕ ਹੈਲਥ ਯੂਨਿਟ ਦਾ ਕਹਿਣਾ ਹੈ ਕਿ ਟੀਕਾਕਰਣ ਦਾ ਰਿਕਾਰਡ ਮੁਕੰਮਲ ਨਾ ਹੋਣ ਦੀ ਸੂਰਤ ਵਿੱਚ ਉਸ ਵੱਲੋਂ 1500 ਸੈਕੰਡਰੀ ਸਕੂਲ ਵਿਦਿਆਰਥੀਆਂ ਨੂੰ ਸਸਪੈਂਡ ਕਰ ਦਿੱਤਾ ਗਿਆ ਹੈ।

ਵਿੰਡਸਰ-ਐਸੈਕਸ ਹੈਲਥ ਯੂਨਿਟ ਨੇ ਦੱਸਿਆ ਕਿ ਪੂਰਾ ਹਫਤਾ ਉਨ੍ਹਾਂ ਵੱਲੋਂ ਰੁਟੀਨ ਇਮਿਊਨਾਈਜ਼ੇਸ਼ਨ ਲਈ ਕਲੀਨਿਕਸ ਖੋਲ੍ਹੇ ਜਾ ਰਹੇ ਹਨ ਤੇ ਇੱਕ ਵਾਰੀ ਵਿਦਿਆਰਥੀਆਂ ਦਾ ਟੀਕਾਕਰਣ ਸਬੰਧੀ ਰਿਕਾਰਡ ਅਪਡੇਟ ਹੋਣ ਤੋਂ ਬਾਅਦ ਉਹ ਸਕੂਲ ਪਰਤ ਸਕਣਗੇ। ਵਿਦਿਆਰਥੀ ਆਪ ਜਾਂ ਉਨ੍ਹਾਂ ਦੇ ਮਾਪੇ ਹੈਲਥ ਯੂਨਿਟ ਦੇ ਆਫਿਸ ਵਿੱਚ ਨਿਜੀ ਤੌਰ ਉੱਤੇ ਇਹ ਅਪਡੇਟ ਕੀਤਾ ਗਿਆ ਰਿਕਾਰਡ ਜਮ੍ਹਾਂ ਕਰਵਾ ਸਕਦੇ ਹਨ ਤੇ ਜਾਂ ਫਿਰ ਪ੍ਰਾਇਮਰੀ ਹੈਲਥ ਕੇਅਰ ਮੁਹੱਈਆ ਕਰਵਾਉਣ ਵਾਲਿਆਂ ਵੱਲੋਂ ਉਨ੍ਹਾਂ ਨੂੰ ਇਹ ਫੈਕਸ ਵੀ ਕੀਤਾ ਜਾ ਸਕਦਾ ਹੈ।

ਵਿਦਿਆਰਥੀਆਂ ਦੀ ਇਹ ਸਸਪੈਂਸ਼ਨ ਉਸ ਸਮੇਂ ਹੋਈ ਜਦੋਂ ਅਗਸਤ ਵਿੱਚ ਲੱਗਭਗ 8,000 ਵਿਦਿਆਰਥੀਆਂ ਨੂੰ ਹੈਲਥ ਯੂਨਿਟ ਵੱਲੋਂ ਨੋਟਿਸ ਜਾਰੀ ਕੀਤਾ ਗਿਆ। ਇਸ ਨੋਟਿਸ ਵਿੱਚ ਇਨ੍ਹਾਂ ਵਿਦਿਆਰਥੀਆਂ ਨੂੰ ਸੋਮਵਾਰ ਤੱਕ ਆਪਣਾ ਰਿਕਾਰਡ ਅਪਡੇਟ ਕਰਵਾਉਣ ਲਈ ਆਖਿਆ ਗਿਆ ਜਾਂ ਫਿਰ 20 ਦਿਨਾਂ ਲਈ ਸਸਪੈਂਸ਼ਨ ਦਾ ਸਾਹਮਣਾ ਕਰਨ ਲਈ ਆਖਿਆ ਗਿਆ।

ਓਨਟਾਰੀਓ ਦੇ ਇਮਿਊਨਾਈਜ਼ੇਸ਼ਨ ਆਫ ਸਕੂਲ ਪਿਊਪਿਲਜ਼ ਐਕਟ ਅਨੁਸਾਰ ਸਕੂਲ ਅਟੈਂਡ ਕਰਨ ਲਈ ਵਿਦਿਆਰਥੀਆਂ ਦਾ ਖਾਸ ਬਿਮਾਰੀਆਂ, ਜਿਨ੍ਹਾਂ ਵਿੱਚ ਪੋਲੀਓ, ਮੀਜ਼ਲਜ਼, ਟੈਟਨਸ, ਮੰਪਸ ਤੇ ਡਿਪਥੀਰੀਆ ਆਦਿ ਸ਼ਾਮਲ ਹਨ, ਸਬੰਧੀ ਟੀਕਾਕਰਣ ਹੋਇਆ ਹੋਣਾ ਜ਼ਰੂਰੀ ਹੈ। ਕੁੱਝ ਧਾਰਮਿਕ ਜਾਂ ਮੈਡੀਕਲ ਕਾਰਨਾਂ ਕਰਕੇ ਇਨ੍ਹਾਂ ਵਿੱਚ ਛੋਟ ਦਿੱਤੀ ਜਾ ਸਕਦੀ ਹੈ।

ਪ੍ਰੋਵਿੰਸ ਭਰ ਦੀਆਂ ਹੈਲਥ ਯੂਨਿਟਸ ਦਾ ਕਹਿਣਾ ਹੈ ਕਿ ਰੁਟੀਨ ਇਮਿਊਨਾਈਜ਼ੇਸ਼ਨਜ਼ ਤੇ ਇਸ ਨਾਲ ਸਬੰਧਤ ਪਬਲਿਕ ਹੈਲਥ ਰਿਕਾਰਡ, ਕੋਵਿਡ-19 ਮਹਾਂਮਾਰੀ ਦੇ ਦੋ ਸਾਲ ਤੱਕ ਚੱਲਣ ਕਾਰਨ ਪੂਰਾ ਨਹੀਂ ਹੋ ਸਕਿਆ। ਇਸ ਲਈ ਹੀ ਹੈਲਥ ਯੂਨਿਟਸ ਵੱਲੋਂ ਵਿਦਿਆਰਥੀਆਂ ਦਾ ਰਿਕਾਰਡ ਪੂਰਾ ਕਰਨ ਲਈ ਕਲੀਨਿਕ ਚਲਾਏ ਜਾ ਰਹੇ ਹਨ।

# ਮਿਸੀਸਾਗਾ ਵਿੱਚ ਚੱਲੀ ਗੋਲੀ, ਇੱਕ ਜ਼ਖ਼ਮੀ



ਮਿਸੀਸਾਗਾ, 15 ਸਤੰਬਰ (ਪੋਸਟ ਬਿਊਰੋ) : ਰਾਤ ਸਮੇਂ ਮਿਸੀਸਾਗਾ ਵਿੱਚ ਚੱਲੀ ਗੋਲੀ ਤੋਂ ਬਾਅਦ ਇੱਕ ਵਿਅਕਤੀ ਨੂੰ ਟਰੌਮਾ ਸੈਂਟਰ ਲਿਜਾਇਆ ਗਿਆ। ਪੀਲ ਰੀਜਨਲ ਪੁਲਿਸ ਨੂੰ ਰਾਤੀਂ 1:00 ਵਜੇ ਦੇ ਨੇੜੇ ਤੇੜੇ ਡੈਨਟਨ ਪ੍ਰੌਮਨੇਡ ਤੇ ਵਿੰਸਟਨ ਚਰਚਿਲ ਬੁਲੇਵਾਰਡ ਇਲਾਕੇ ਵਿੱਚ ਗੋਲੀ ਚੱਲਣ ਦੀਆਂ ਖਬਰਾਂ ਮਿਲੀਆਂ। ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਇੱਕ ਵਿਅਕਤੀ ਗੋਲੀ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲਿਆ। ਉਸ ਦੀ ਹਾਲਤ ਬਾਰੇ ਬਹੁਤੀ ਜਾਣਕਾਰੀ ਨਹੀਂ ਮਿਲੀ ਹੈ ਪਰ ਉਸ ਨੂੰ ਇਲਾਜ ਲਈ ਟਰੌਮਾ ਸੈਂਟਰ ਲਿਜਾਇਆ ਗਿਆ। ਅਜੇ ਤੱਕ ਕਿਸੇ ਮਸ਼ਕੂਕ ਦੇ ਸਬੰਧ ਵਿੱਚ ਕੋਈ ਜਾਣਕਾਰੀ ਜਾਰੀ ਨਹੀਂ ਕੀਤੀ ਗਈ ਹੈ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਇੱਕਲੀ ਗੱਡੀ ਨੂੰ ਪੇਸ਼ ਆਏ ਹਾਦਸੇ ਵਿੱਚ ਦੋ ਜ਼ਖ਼ਮੀ




ਟੋਰਾਂਟੋ, 15 ਸਤੰਬਰ (ਪੋਸਟ ਬਿਊਰੋ) : ਕਰਟਿਸ ਵਿੱਚ ਕਾਰ ਨੂੰ ਪੇਸ਼ ਆਏ ਹਾਦਸੇ ਕਾਰਨ ਇੱਕ ਲੜਕਾ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਿਆ। ਇਹ ਜਾਣਕਾਰੀ ਪੁਲਿਸ ਨੇ ਦਿੱਤੀ। ਇਹ ਹਾਦਸਾ ਟਾਊਨਲਾਈਨ ਰੋਡ ਨੌਰਥ ਤੇ ਮਾਰਗੇਟ ਡਰਾਈਵ ਇਲਾਕੇ ਵਿੱਚ ਇੱਕਲੀ ਗੱਡੀ ਨੂੰ ਪੇਸ਼ ਆਇਆ। ਦਰਹਾਮ ਰੀਜਨਲ ਪੁਲਿਸ ਨੇ ਦੱਸਿਆ ਕਿ ਗੰਭੀਰ ਹਾਲਤ ਵਿੱਚ 11 ਸਾਲਾ ਲੜਕੇ ਨੂੰ ਟਰੌਮਾ ਸੈਂਟਰ ਲਿਜਾਇਆ ਗਿਆ।

ਗੱਡੀ ਨੂੰ ਚਲਾ ਰਿਹਾ ਬਾਲਗ ਵਿਅਕਤੀ ਵੀ ਜ਼ਖ਼ਮੀ ਹੋਇਆ ਹੈ ਤੇ ਉਸ ਨੂੰ ਇਲਾਜ ਲਈ ਲੋਕਲ ਹਸਪਤਾਲ ਲਿਜਾਇਆ ਗਿਆ। ਹਾਦਸੇ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਹੈ।

# ਮਿਮਿਕੋ ਵਿੱਚ ਵਾਪਰੇ ਦੋਹਰੇ ਗੋਲੀਕਾਂਡ ਵਿੱਚ 1 ਹਲਾਕ, 1 ਜ਼ਖ਼ਮੀ

ਟੋਰਾਂਟੋ, 15 ਸਤੰਬਰ (ਪੋਸਟ ਬਿਊਰੋ) : ਮਿਮਿਕੋ ਵਿੱਚ ਦੋਹਰੇ ਗੋਲੀਕਾਂਡ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ ਤੇ ਇੱਕ ਹੋਰ ਗੰਭੀਰ ਜ਼ਖ਼ਮੀ ਹੋ ਗਿਆ। ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਰਾਤੀਂ 8:30 ਵਜੇ ਦੇ ਨੇੜੇ ਤੇੜੇ ਮਿਮਿਕੋ ਐਵਨਿਊ ਤੇ ਲੇਕ ਸ਼ੋਰ ਬੁਲੇਵਾਰਡ ਵੈਸਟ ਇਲਾਕੇ ਵਿੱਚ ਸੱਦਿਆ ਗਿਆ। ਇੱਥੋਂ ਕਈ ਲੋਕਾਂ ਦੇ ਲੜਨ ਤੇ ਕਈ ਗੋਲੀਆਂ ਚੱਲਣ ਦੀਆਂ ਖਬਰਾਂ ਪੁਲਿਸ ਨੂੰ ਮਿਲੀਆਂ। ਜਦੋਂ ਪੁਲਿਸ ਮੌਕੇ ਉੱਤੇ ਪਹੁੰਚੀ ਤਾਂ ਉਨ੍ਹਾਂ ਨੂੰ ਦੋ ਵਿਅਕਤੀ ਜ਼ਖ਼ਮੀ ਹਾਲਤ ਵਿੱਚ



ਮਿਲੇ।

ਇੱਕ ਵਿਅਕਤੀ ਦੀ ਜ਼ਿੰਦਗੀ ਬਚਾਉਣ ਦੀ ਕਾਫੀ ਕੋਸ਼ਿਸ਼ ਕੀਤੀ ਗਈ ਪਰ ਉਸ ਦੀ ਮੌਕੇ ਉੱਤੇ ਹੀ ਮੌਤ ਹੋ ਗਈ। ਦੂਜੇ ਨੂੰ ਨਾਜ਼ੁਕ ਹਾਲਤ ਵਿੱਚ ਟਰੌਮਾ ਸੈਂਟਰ ਲਿਜਾਇਆ ਗਿਆ। ਪੁਲਿਸ ਨੇ ਇਹ ਨਹੀਂ ਦੱਸਿਆ ਕਿ ਜ਼ਖ਼ਮੀ ਤੇ ਮਾਰੇ ਗਏ ਵਿਅਕਤੀ ਦਰਮਿਆਨ ਕੋਈ ਰਿਸ਼ਤੇਦਾਰੀ ਸੀ ਜਾਂ ਨਹੀਂ। ਹਾਲ ਦੀ ਘੜੀ ਕਿਸੇ ਮਸ਼ਕੂਕ ਸਬੰਧੀ ਵੇਰਵਾ ਜਾਰੀ ਨਹੀਂ ਕੀਤਾ ਗਿਆ ਹੈ।

# ਦੋ ਟਰੈਕਟਰ ਟਰੇਲਰਾਂ ਦੀ ਟੱਕਰ ਵਿੱਚ 2 ਜ਼ਖ਼ਮੀ

ਮਿਸੀਸਾਗਾ, 15 ਸਤੰਬਰ (ਪੋਸਟ ਬਿਊਰੋ) : ਵੀਰਵਾਰ ਸਵੇਰੇ ਮਿਸੀਸਾਗਾ ਵਿੱਚ ਹਾਈਵੇਅ 401 ਉੱਤੇ ਦੋ ਟਰੈਕਟਰ ਟਰੇਲਰਾਂ ਦਰਮਿਆਨ ਹੋਈ ਟੱਕਰ ਕਾਰਨ ਹਾਈਵੇਅ ਦਾ ਵੱਡਾ ਹਿੱਸਾ ਬੰਦ ਹੋ ਗਿਆ।

ਇਹ ਘਟਨਾ ਵੀਰਵਾਰ ਸਵੇਰੇ 2:00 ਵਜੇ ਦੇ ਨੇੜੇ ਤੇੜੇ ਮੈਵਿਸ ਰੋਡ ਨੇੜੇ ਹਾਈਵੇਅ 401 ਦੀਆਂ ਪੱਛਮ ਵਾਲੀਆਂ ਐਕਸਪ੍ਰੈੱਸ ਲੇਨਜ਼ ਨੇੜੇ ਉਸਾਰੀ ਵਾਲੀ ਜ਼ੋਨ ਵਿੱਚ ਵਾਪਰੀ। ਹਾਦਸਾ ਦੋ ਟਰੈਕਟਰ



ਟਰੇਲਰਜ਼ ਦੇ ਆਪਸ ਵਿੱਚ ਟਕਰਾ ਜਾਣ ਕਾਰਨ ਵਾਪਰਿਆ। ਘਟਨਾ ਵਾਲੀ ਥਾਂ ਦਾ ਮੁਆਇਨਾ ਕਰਨ ਤੋਂ ਬਾਅਦ ਇਹ ਸਾਹਮਣੇ ਆਇਆ ਕਿ ਇੱਕ ਟਰੈਕਟਰ ਟਰੇਲਰ ਨੇ ਪਿੱਛਿਓਂ ਆ ਕੇ ਦੂਜੇ ਟਰੈਕਟਰ ਟਰੇਲਰ ਨੂੰ ਟੱਕਰ ਮਾਰੀ।

ਇਹ ਹਾਦਸਾ ਐਨਾ ਜ਼ਬਰਦਸਤ ਸੀ ਕਿ ਪਿਛਲੇ ਟਰੱਕ ਦੀ ਫਰੰਟ ਕੈਬ ਪੂਰੀ ਤਰ੍ਹਾਂ ਤਬਾਹ ਹੋ ਗਈ ਤੇ ਸਾਹਮਣੇ ਵਾਲੇ ਟਰੱਕ ਦੇ ਨਾਲ ਟਕਰਾ ਕੇ ਪਿਚਕ ਗਈ। ਪੈਰਾਮੈਡਿਕਸ ਨੇ ਦੱਸਿਆ ਕਿ ਇੱਕ ਡਰਾਈਵਰ ਨੂੰ ਨਾਜ਼ੁਕ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ ਜਦਕਿ ਦੂਜੇ ਡਰਾਈਵਰ ਨੂੰ ਮਾਮੂਲੀ ਸੱਟਾਂ ਦੇ ਇਲਾਜ ਲਈ ਹਸਪਤਾਲ ਲਿਜਾਇਆ ਗਿਆ।

# ਦੋ ਧੜਿਆਂ ਦੀ ਲੜਾਈ ਵਿੱਚ ਇੱਕ ਹੋਰ ਮਸ਼ਕੂਕ ਖਿਲਾਫ ਵਾਰੰਟ ਜਾਰੀ

ਬਰੈਂਪਟਨ, 15 ਸਤੰਬਰ (ਪੋਸਟ ਬਿਊਰੋ) : ਬਰੈਂਪਟਨ ਵਿੱਚ ਬੀਤੇ ਦਿਨੀਂ ਦੋ ਧੜਿਆਂ ਵਿੱਚ ਤਲਵਾਰਾਂ ਨਾਲ ਹੋਈ ਲੜਾਈ ਦੇ ਸਬੰਧ ਵਿੱਚ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤੇ ਜਾਣ ਦਾ ਐਲਾਨ ਕਰਨ ਤੋਂ ਬਾਅਦ ਪੀਲ ਰੀਜਨਲ ਪੁਲਿਸ ਵੱਲੋਂ ਇੱਕ ਹੋਰ ਮਸ਼ਕੂਕ ਦੇ ਨਾਂ ਦਾ ਖੁਲਾਸਾ ਕੀਤਾ ਗਿਆ ਹੈ।

ਨਾਇਗਰਾ ਫਾਲਜ਼ ਦੇ 24 ਸਾਲਾ ਮਨਸ਼ਰਨ ਮੱਲ੍ਹੀ ਦੀ ਗ੍ਰਿਫਤਾਰੀ ਲਈ ਵਾਰੰਟ ਜਾਰੀ ਕੀਤਾ ਗਿਆ ਹੈ। ਉਹ ਹਮਲਾ ਕਰਨ ਦੇ ਇੱਕ ਮਾਮਲੇ ਵਿੱਚ ਵਾਂਟਿਡ ਹੈ। ਸੋਮਵਾਰ ਰਾਤ ਨੂੰ ਵੁੱਡਸਟੌਕ ਦੇ 25 ਸਾਲਾ ਹਰਜੋਤ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਗਿਆ ਸੀ।



ਇਸ ਝਗੜੇ ਵਿੱਚ ਕਥਿਤ ਤੌਰ ਉੱਤੇ ਹਥਿਆਰ ਨਾਲ ਹਮਲਾ ਕਰਨ ਦੇ ਦੋ ਮਾਮਲਿਆਂ ਵਿੱਚ ਉਸ ਨੂੰ ਚਾਰਜ ਵੀ ਕੀਤਾ ਗਿਆ ਹੈ।

ਇਹ ਹਿੰਸਕ ਘਟਨਾ 28 ਅਗਸਤ ਨੂੰ ਸ਼ੈਰੀਡਨ ਕਾਲਜ ਦੇ ਡੇਵਿਸ ਕੈਂਪਸ ਨੇੜੇ ਸਥਿਤ ਪਾਰਕਿੰਗ ਲੌਟ ਵਿੱਚ ਰਾਤੀਂ 1:30 ਉੱਤੇ ਵਾਪਰੀ ਸੀ।

# ਮੰਤਰੀ ਡਾ. ਬਲਜੀਤ ਕੌਰ ਨੇ ਦਿਵਿਆਂਗਾਂ ਲਈ ਸਕੀਮਾਂ ਬਾਰੇ ਇੰਦੌਰ ਵਿਖੇ ਕਰਵਾਈ ਦੋ ਰੋਜ਼ਾ ਕੌਮੀ ਸੰਵੇਦਨਸੀਲਤਾ ਵਰਕਸ਼ਾਪ ਵਿਚ ਕੀਤੀ ਸ਼ਿਰਕਤ

ਚੰਡੀਗੜ੍ਹ, 15 ਸਤੰਬਰ (ਪੋਸਟ ਬਿਊਰੋ): ਪੰਜਾਬ ਦੀ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਮੱਧ ਪ੍ਰਦੇਸ ਦੇ ਇੰਦੌਰ ਵਿਖੇ ਸਮਾਜਿਕ ਨਿਆਂ ਅਤੇ ਸਸਕਤੀਕਰਨ ਮੰਤਰਾਲੇ ਵੱਲੋਂ ਦਿਵਿਆਂਗਾਂ (ਵਿਸੇਸ ਤੌਰ 'ਤੇ ਅਪਾਹਜ ਵਿਅਕਤੀਆਂ) ਲਈ ਸਕੀਮ ਅਤੇ ਲਾਭਾਂ ਬਾਰੇ ਆਯੋਜਿਤ ਕੌਮੀ ਸੰਵੇਦਨਸੀਲਤਾ ਵਰਕਸਾਪ ਵਿੱਚ ਪੰਜਾਬ ਦੀ ਨੁਮਾਇੰਦਗੀ ਕੀਤੀ। ਉਨ੍ਹਾਂ ਦੇ ਨਾਲ ਸੀਨੀਅਰ ਅਧਿਕਾਰੀਆਂ ਦਾ ਵਫਦ ਵੀ ਮੌਜੂਦ ਸੀ।

ਸੂਬਿਆਂ ਅਤੇ ਕੇਂਦਰ ਸਾਸਿਤ ਪ੍ਰਦੇਸਾਂ ਦੇ ਵੱਖ-ਵੱਖ ਮੰਤਰੀਆਂ ਅਤੇ ਅਧਿਕਾਰੀਆਂ ਨੇ ਇਸ ਵਰਕਸਾਪ ਵਿੱਚ ਸ਼ਮੂਲੀਅਤ ਕੀਤੀ।



ਇਸ ਦੌਰਾਨ ਪੰਜਾਬ ਦੇ ਸਮਾਜਿਕ ਨਿਆਂ, ਸਸਕਤੀਕਰਨ ਅਤੇ ਘੱਟ ਗਿਣਤੀਆਂ ਬਾਰੇ ਮੰਤਰੀ ਡਾ. ਬਲਜੀਤ ਕੌਰ ਨੇ ਦਿਵਿਆਂਗਾਂ ਸਬੰਧੀ ਵੱਖ-ਵੱਖ ਮੁੱਦਿਆਂ ਨੂੰ ਉਠਾਇਆ। ਉਨ੍ਹਾਂ ਕਿਹਾ ਕਿ ਅਪਾਹਜ ਵਿਅਕਤੀਆਂ ਲਈ ਸਕੀਮਾਂ ਇਸ ਤਰੀਕੇ ਨਾਲ ਉਲੀਕੀਆਂ ਜਾਣੀਆਂ ਚਾਹੀਦੀਆਂ ਹਨ ਕਿ ਲਾਭਪਾਤਰੀ ਆਸਾਨੀ ਨਾਲ ਇਹਨਾਂ ਸਕੀਮਾਂ ਦਾ ਲਾਭ ਲੈ ਸਕਣ। ਉਨ੍ਹਾਂ ਅੱਗੇ ਕਿਹਾ ਕਿ ਦਿਵਿਆਂਗਾਂ ਲਈ ਸਕੀਮਾਂ ਬਾਰੇ ਫੈਸਲੇ ਲੈਣ ਤੋਂ ਪਹਿਲਾਂ ਅਜਿਹੇ ਲੋਕਾਂ ਲਈ ਕੰਮ ਕਰਨ ਵਾਲੀਆਂ ਸੰਸਥਾਵਾਂ ਨਾਲ ਵਿਚਾਰ ਵਟਾਂਦਰਾ ਕੀਤਾ ਜਾਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਸਾਰੀਆਂ ਸੂਬਾਂ ਸਰਕਾਰਾਂ ਨੂੰ ਅਜਿਹੀਆਂ ਨੀਤੀਆਂ ਨੂੰ ਲਾਗੂ ਕਰਨਾ ਯਕੀਨੀ ਬਣਾਉਣਾ ਚਾਹੀਦਾ ਹੈ ਜਿਸ ਨਾਲ ਅਪਾਹਜ ਵਿਅਕਤੀਆਂ ਦੀ ਆਰਥਿਕ ਸਥਿਤੀ ਨੂੰ ਮਜ਼ਬੂਤ ਕੀਤਾ ਜਾ ਸਕੇ।

ਡਾ. ਬਲਜੀਤ ਕੌਰ ਨੇ ਕੇਂਦਰ ਸਰਕਾਰ ਨੂੰ ਏ.ਡੀ.ਆਈ.ਪੀ. ਪੋਰਟਲ ਦੀ ਸੁਰੂਆਤ ਕਰਨ ਲਈ ਵਧਾਈ ਦਿੱਤੀ, ਜਿਸ ਨਾਲ ਸੂਬੇ ਭਰ ਦੇ ਅਪਾਹਜ ਲੋਕ ਇੱਕੋ ਪਲੇਟਫਾਰਮ ਜ਼ਰੀਏ ਸਾਰੀਆਂ ਸਹੂਲਤਾਂ ਪ੍ਰਾਪਤ ਕਰ ਸਕਣਗੇ।

ਇਸ ਮੌਕੇ ਕੇਂਦਰੀ ਸਮਾਜਿਕ ਨਿਆਂ ਅਤੇ ਸਸਕਤੀਕਰਨ ਮੰਤਰੀ ਡਾ. ਵਰਿੰਦਰ ਕੁਮਾਰ, ਰਾਜ ਮੰਤਰੀ ਰਾਮਦਾਸ ਅਠਾਵਲੇ, ਪ੍ਰਤਿਮਾ ਭੌਮਿਕ, ਦਿੱਲੀ ਸਰਕਾਰ ਦੇ ਮੰਤਰੀ ਰਾਜਿੰਦਰ ਪਾਲ ਗੌਤਮ ਅਤੇ ਵੱਖ-ਵੱਖ ਸੂਬਿਆਂ ਦੇ ਹੋਰ ਮੰਤਰੀ ਮੌਜੂਦ ਸਨ।

# ਪਾਕਿਸਤਾਨ ਵਿਚ ਹੜ੍ਹਾਂ ਦੀ ਕਰੋਪੀ ਨਾਲ ਪ੍ਰਭਾਵਿਤ ਲੋਕਾਂ ਦੀ ਮੱਦਦ ਲਈ ਬੇਨਤੀ

ਸਾਧ ਸੰਗਤ ਜੀ, ਪਾਕਿਸਤਾਨ ਵਿਚ ਹੜ੍ਹਾਂ ਦੀ ਕਰੋਪੀ ਨਾਲ ਹਾਲਾਤ ਨਾਜ਼ੁਕ ਬਣੇ ਹੋਏ ਹਨ। ਬਿਮਾਰੀਆਂ ਫੈਲਣ ਦੀਆਂ ਸੰਭਾਵਨਾਵਾਂ ਹਨ। ਸਿੱਖ ਕੌਮ ਸਰਬੱਤ ਦਾ ਭਲਾ ਮੰਗਣ ਵਾਲੀ ਕੌਮ ਹੈ। ਕਿਤੇ ਵੀ ਮੁਸੀਬਤ ਪਵੇ ਤਾਂ ਆਪਾਂ ਉਥੇ ਪਹੁੰਚ ਜਾਂਦੇ ਹਾਂ। ਆਪਣੇ ਪਾਕਿਸਤਾਨੀ ਭਰਾਵਾਂ ਨਾਲ ਵੀ ਸਾਨੂੰ ਡਟ ਕੇ ਖੜ੍ਹਨਾ ਚਾਹੀਦਾ ਹੈ। ਖਾਲਸਾ ਏਡ ਵਾਲੇ ਉਥੇ ਆਪਣੀਆਂ ਸੇਵਾਵਾਂ ਦੇ ਰਹੇ ਹਨ। ਓਂਟਾਰੀਓ ਗੁਰਦੁਆਰਾਜ਼ ਕਮੇਟੀ ਵਲੋਂ ਸਿੱਖ ਸਪਿਰਚੁਅਲ ਸੈਂਟਰ ਰੈਕਸਡੇਲ, ਮਾਲਟਨ ਗੁਰਦੁਆਰਾ ਸਾਹਿਬ, ਜੋਤ ਪ੍ਰਕਾਸ਼ ਗੁਰਦੁਆਰਾ ਸਾਹਿਬ, ਸਿੱਖ ਸੰਗਤ ਗੁਰਦੁਆਰਾ ਰੀਗਨ ਰੋਡ, ਗੁਰੂ ਨਾਨਕ ਮਿਸ਼ਨ ਸੈਂਟਰ ਗੁਰਦੁਆਰਾ ਸਾਹਿਬ ਵਿਖੇ ਪਾਕਿਸਤਾਨ ਰਿਲੀਫ ਫੰਡ ਦੀਆਂ ਰਸੀਦ ਬੁਕਾਂ ਪਹੁੰਚੀਆਂ ਹੋਈਆਂ ਹਨ। ਸੰਗਤਾਂ ਨੂੰ ਸਨਿਮਰ ਬੇਨਤੀ ਹੈ ਕਿ ਗੁਰਦੁਆਰਾ ਸਾਹਿਬਾਨਾਂ ਵਿਚ ਜਾ ਕੇ ਰਸੀਦ ਕਟਵਾ ਕੇ ਆਪਣਾ ਬਣਦਾ ਸਰਦਾ ਯੋਗਦਾਨ ਜ਼ਰੂਰ ਪਾਓ ਜੀ। ਜਿੰਨੀ ਵੀ ਮਾਇਆ ਹੋਵੇਗੀ, ਸੰਗਤਾਂ ਦੀ ਸਹਿਮਤੀ ਨਾਲ ਪਾਕਿਸਤਾਨ ਸਰਕਾਰ ਦੇ ਨੁਮਾਇੰਦਿਆਂ ਤੱਕ ਪੁੱਜਦੀ ਕਰ ਦਿੱਤੀ ਜਾਵੇਗੀ। ਧੰਨਵਾਦ ਸਹਿਤ। ਵਧੇਰੇ ਜਾਣਕਾਰੀ ਲਈ ਓਂਟਾਰੀਓ ਗੁਰਦੁਆਰਾਜ਼ ਕਮੇਟੀ ਦੇ ਸਪੋਕਸਪਰਸਨ ਅਮਰਜੀਤ ਸਿੰਘ ਮਾਨ ਨਾਲ 647-822-3608 ਉਤੇ ਸੰਪਰਕ ਕੀਤਾ ਜਾ ਸਕਦਾ ਹੈ।

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਐ

Super Visa

- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration

We do appeal for Refusal cases also

Sponsor Your Family



MacroGlobal Immigration Services Ltd.

Seema Bhayana



ICCRC

Ph: 905 452 0000, 905 452 9999

180 Wilkinson Road, Unit 18 Brampton, ON L6T 4M3

Fax: 905 452 9996 Email: macroglobal@rogers.com

www.macroimmigration.com

NEED A LAWYER ??

KAUR LAW OFFICE

Red Seal NOTARY



MANJEET KAUR

LL.B., (London UK) Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
- Skilled Worker Category
- Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099

Fax: 905-454-2234

2575 Steeles Ave. E., Unit 1, Brampton, ON L6T 5T1

# ਐਲਿਜ਼ਾਬੈਥ ਦੋ ਦੀ ਮੌਤ ਤੋਂ ਬਾਅਦ ਭਾਰਤ ਨੇ ਕੋਹਿਨੂਰ ਹੀਰੇ ਦੀ ਮੰਗ ਕੀਤੀ



ਸੁਰਜੀਤ ਸਿੰਘ ਫਲੋਰਾ

ਮਹਾਰਾਣੀ ਐਲਿਜ਼ਾਬੈਥ-2 ਦੇ ਦੇਹਾਂਤ ਨਾਲ ਭਾਰਤ ਨੂੰ ਕੋਹਿਨੂਰ ਹੀਰਾ ਵਾਪਸ ਦੇਣ ਦੀ ਮੰਗ ਤੇਜ਼ ਹੋ ਗਈ ਹੈ। ਸਾਬਕਾ ਰਾਣੀ ਨੇ ਜੋ ਤਾਜ ਪਹਿਨਿਆ ਸੀ, ਉਸ ਨਾਲ ਹੀਰਾ ਜੜਿਆ ਹੋਇਆ ਸੀ। ਟਵਿੱਟਰ ਅਤੇ ਫੇਸਬੁੱਕ 'ਤੇ ਇਹ ਜ਼ੋਰਦਾਰ ਮੰਗ ਹੈ ਕਿ ਕੋਹਿਨੂਰ ਭਾਰਤ ਨੂੰ ਦਿੱਤਾ ਜਾਵੇ ਕਿਉਂਕਿ ਮਹਾਰਾਣੀ ਇਸ ਫ਼ਾਨੀ ਦੁਨੀਆਂ ਨੂੰ ਅਲਵਿਦਾ ਕਰ ਚੁਕੀ ਹੈ ਤੇ ਇਹ ਤਾਜ਼ ਵਿਚ ਜੜਿਆ ਹੀਰਾਂ ਜੋ ਭਾਰਤ ਤੋਂ ਕਿਸੇ ਨਾ ਕਿਸੇ ਗਲਤ ਨੀਤੀ, ਵਿਚਾਰਧਾਰਾ ਨਾਲ ਲੈ ਲਿਆਂ ਸੀ ਉਸ ਨੂੰ ਵਾਪਿਸ ਕਰਨ ਦੀ ਮੰਗ ਤੂਰ ਫੜ੍ਹ ਰਹੀ ਹੈ।

ਦੁਨੀਆ ਦੇ ਸਭ ਤੋਂ ਮਸ਼ਹੂਰ ਹੀਰੇ ਨੂੰ ਕੋਹਿਨੂਰ ਕਿਹਾ ਜਾਂਦਾ ਹੈ; ਕੋਹਿਨੂਰ ਇੱਕ ਫਾਰਸੀ ਸ਼ਬਦ ਹੈ। ਇਹ ਦੋ ਸ਼ਬਦਾਂ "ਕੋਹ" ਅਤੇ "ਨੂਰ" ਤੋਂ ਬਣਿਆ ਹੈ, ਜਿੱਥੇ ਕੋਹ ਪਹਾੜ ਅਤੇ ਨੂਰ ਦਾ ਅਰਥ ਹੈ ਰੋਸ਼ਨੀ। ਰਾਜਾ ਨਾਦਿਰ ਸ਼ਾਹ ਨੇ 1739 'ਚ ਇਸ ਨੂੰ ਕੋਹਿਨੂਰ ਨਾਮ ਦੇਣ ਦਾ ਸਿਹਰਾ ਜਾਂਦਾ ਹੈ, ਜਿਸਦਾ ਅਰਥ ਹੈ "ਚਾਨਣ ਦਾ ਪਹਾੜ"।

ਰਣਜੀਤ ਸਿੰਘ ਨੇ 1800 ਵਿੱਚ ਸਾਮਰਾਜ ਅਤੇ ਕੋਹਿਨੂਰ ਹੀਰੇ ਉੱਤੇ ਕਬਜ਼ਾ ਕਰ ਲਿਆ। 1839 ਵਿੱਚ ਰਣਜੀਤ ਸਿੰਘ ਦੇ ਦੇਹਾਂਤ ਤੋਂ ਬਾਅਦ, ਉਸਦੇ ਉੱਤਰ ਅਧਿਕਾਰੀਆਂ ਵਿੱਚ ਉਸਦੀ ਬਹਾਦਰੀ ਅਤੇ ਦੂਰਅੰਦੇਸ਼ੀ ਦੀ ਘਾਟ ਸੀ।

ਅੰਗਰੇਜ਼ਾਂ ਨੇ ਭਾਰਤ 'ਤੇ ਹਮਲਾ ਕੀਤਾ, ਜੋ ਬ੍ਰਿਟਿਸ਼ ਸਾਮਰਾਜ ਦਾ ਹਿੱਸਾ ਬਣ ਗਿਆ ਸੀ, ਅਤੇ ਸਿੱਖ ਰਾਜ ਦੇ ਕਮਜ਼ੋਰ ਹੋਣ 'ਤੇ 1858 ਤੋਂ 1947 ਤੱਕ ਭਾਰਤ 'ਤੇ ਕਬਜ਼ਾ ਕਰ ਲਿਆ।

ਕੋਹਿਨੂਰ ਅੰਗਰੇਜ਼ਾਂ ਦੁਆਰਾ ਭਾਰਤ ਦੇ ਬ੍ਰਿਟਿਸ਼ ਗਵਰਨਰ-ਜਨਰਲ ਲਾਰਡ ਡਲਹੌਜ਼ੀ ਦੁਆਰਾ ਪ੍ਰਾਪਤ ਕੀਤਾ ਗਿਆ ਸੀ।

ਇਹ 1850 ਵਿੱਚ ਮਹਾਰਾਣੀ ਵਿਕਟੋਰੀਆ ਨੂੰ ਪੇਸ਼ ਕੀਤਾ ਗਿਆ ਸੀ, ਜੋ ਇਸ ਨੂੰ ਦੇਖ ਕੇ ਬਹੁਤ ਪ੍ਰਭਾਵਿਤ ਹੋਈ ਸੀ। 1852 ਵਿੱਚ, ਉਸਨੇ ਇਸਨੂੰ ਕਟੌਤੀ ਅਤੇ ਮੁੜ ਆਕਾਰ ਦੇਣ ਦਾ ਫੈਸਲਾ ਕੀਤਾ, ਇਸਦੇ ਭਾਰ ਨੂੰ 108 ਕੈਰੇਟ ਤੱਕ ਘਟਾ ਦਿੱਤਾ।

ਬ੍ਰਿਟਿਸ਼ ਕਾਲ ਦੌਰਾਨ, ਪ੍ਰਸਿੱਧ ਕੋਹਿਨੂਰ ਹੀਰਾ ਭਾਰਤ ਤੋਂ ਬਰਤਾਨੀਆ ਪਹੁੰਚਾਇਆ ਗਿਆ ਸੀ। ਰਾਣੀ ਨੇ ਇਹ ਹੀਰਾ ਉੱਥੇ ਆਪਣੇ ਤਾਜ ਵਿੱਚ ਜੜਵਾ ਲਿਆ ਸੀ। ਟੀਪੂ ਸੁਲਤਾਨ ਦੀ ਅਨਮੋਲ ਅੰਗੂਠੀ ਵੀ ਬਰਤਾਨੀਆ ਵਿੱਚ ਸੀ। 1799 ਵਿੱਚ, ਕਿਸੇ ਨੇ ਟੀਪੂ ਸੁਲਤਾਨ ਦੀ ਲਾਸ਼ ਤੋਂ ਇਹ ਅੰਗੂਠੀ ਲਾਹ ਲਈ ਸੀ। ਇਸ ਤੋਂ ਬਾਅਦ ਇਸਨੂੰ ਬ੍ਰਿਟੇਨ ਵਿੱਚ ਨਿਲਾਮੀ ਵਿੱਚ ਵੇਚਿਆ ਗਿਆ।

ਮਹਾਰਾਣੀ ਐਲਿਜ਼ਾਬੈਥ 2 ਦੇ ਦੇਹਾਂਤ ਨੇ ਸੋਸ਼ਲ ਮੀਡੀਆ 'ਤੇ ਕੋਹਿਨੂਰ ਹੀਰਾ ਭਾਰਤ ਨੂੰ ਵਾਪਸ ਕਰਨ ਦੀਆਂ ਮੰਗਾਂ ਨੂੰ ਮੁੜ ਸੁਰਜੀਤ ਕਰ ਦਿੱਤਾ ਹੈ। ਉਹ ਸਭ ਤੋਂ ਲੰਬਾ ਰਾਜ ਕਰਨ ਵਾਲੀ ਬਰਤਾਨੀਆ ਦੀ ਰਾਣੀ ਸੀ। ਇਤਿਹਾਸਕ ਤੌਰ 'ਤੇ ਮਹੱਤਵਪੂਰਨ 105-ਕੈਰੇਟ ਹੀਰਾ ਪ੍ਰਿੰਸ ਚਾਰਲਸ ਦੀ ਪਤਨੀ, ਡਚੇਸ ਆਫ ਕਾਰਨਵਾਲ ਕੈਮਿਲਾ, ਜੋ ਕਿ ਹੁਣ ਮਹਾਰਾਣੀ ਦੀ ਪਤਨੀ ਹੈ, ਨੂੰ ਗੱਦੀ 'ਤੇ ਬੈਠਣ 'ਤੇ ਦਿੱਤਾ ਜਾਵੇਗਾ। ਕੋਹਿਨੂਰ ਨਾਮ ਦਾ ਵੱਡਾ, ਰੰਗਹੀਣ ਹੀਰਾ, ਜਿਸਦਾ ਅਰਥ ਹੈ "ਚਾਨਣ ਦਾ ਪਹਾੜ," 14ਵੀਂ ਸਦੀ ਦੇ ਸ਼ੁਰੂ ਵਿੱਚ ਦੱਖਣੀ ਭਾਰਤ ਵਿੱਚ ਖੋਜਿਆ ਗਿਆ ਸੀ। ਇਹ ਅਨਮੋਲ ਗਹਿਣਾ, ਜੋ ਬਸਤੀਵਾਦੀ ਸਮੇਂ ਦੌਰਾਨ ਅੰਗਰੇਜ਼ਾਂ ਦੇ ਕਬਜ਼ੇ ਵਿੱਚ ਸੀ, ਇੱਕ ਲੰਬੇ ਸਮੇਂ ਤੋਂ ਮਲਕੀਅਤ ਵਿਵਾਦ ਦਾ ਵਿਸ਼ਾ ਹੈ, ਜਿਸਦੀ ਮਾਲਕੀ ਦਾ ਦਾਅਵਾ ਕਰਨ ਵਾਲੇ ਭਾਰਤ ਸਮੇਤ ਘੱਟੋ-ਘੱਟ ਚਾਰ ਦੇਸ਼ ਹਨ।

ਜਿੱਥੇ ਕੁਝ ਟਵਿੱਟਰ ਵਰਤੋਂ ਕਰਨ ਵਾਲਿਆਂ ਨੇ ਕੋਹਿਨੂਰ ਹੀਰੇ ਦੀ ਵਾਪਸੀ ਦੀ ਮੰਗ ਨੂੰ ਗੰਭੀਰਤਾ ਨਾਲ ਲਿਆ, ਉੱਥੇ ਹੀ ਕਇਆ ਨੇ ਇਸ ਗੱਲ ਦਾ ਮਜ਼ਾਕ ਵੀ ਬਣਾਇਆ। ਇੱਕ ਟਵੀਟਰ ਨੇ ਬਾਲੀਵੁੱਡ ਫਿਲਮ "ਧੂਮ 2" ਦਾ ਇੱਕ ਸੀਨ ਸਾਂਝਾ ਕੀਤਾ ਜਿਸ ਵਿੱਚ ਰਿਤਿਕ ਰੋਸ਼ਨ ਦਾ ਕਿਰਦਾਰ





ਚੱਲਦੀ ਰੇਲਗੱਡੀ ਵਿੱਚੋਂ ਇੱਕ ਹੀਰਾ ਫੜਦਾ ਹੈ। ਯੂਜ਼ਰ ਨੇ ਕਿਹਾ, "ਰਿਤਿਕ ਰੋਸ਼ਨ ਬ੍ਰਿਟਿਸ਼ ਮਿਊਜ਼ੀਅਮ ਤੋਂ ਸਾਡਾ ਹੀਰਾ, ਕੋਹਿਨੂਰ ਭਾਰਤ ਵਾਪਸ ਲਿਆਉਣ ਦੇ ਰਾਹ 'ਤੇ ਹੈ।" ਮਹਾਰਾਣੀ ਐਲਿਜ਼ਾਬੈਥ 2, ਇੱਕ ਹੋਰ ਉ ਪ ਭ ੋ ਗ ਤ ਾ @ਗੋਮਅਟਹਿ17183538 ਦੇ ਅਨੁਸਾਰ, "ਬਸਤੀਵਾਦ ਵਿੱਚ ਇੱਕ ਸਰਗਰਮ ਭਾਗੀਦਾਰ" ਸੀ। "ਕੀ ਅਸੀਂ ਕਿਰਪਾ ਕਰਕੇ ਹੁਣ ਆਪਣਾ ਕੋਹਿਨੂਰ ਵਾਪਸ ਲੈ ਸਕਦੇ ਹਾਂ? ਇਹ ਬਿਆਨ ਕਿ ਮਹਾਰਾਣੀ ਐਲਿਜ਼ਾਬੈਥ ਬਸਤੀਵਾਦੀ ਯੁੱਗ ਤੋਂ ਇੱਕ ਧਾਰਕ ਨਹੀਂ ਹੈ। ਉਹ ਬਸਤੀਵਾਦ ਵਿੱਚ ਸਿੱਧੇ ਤੌਰ 'ਤੇ ਸ਼ਾਮਲ ਹੋ ਗਈ ਸੀ।" ਗੋਮਤੀ ਨੇ ਕਿਹਾ। ਆਸ਼ੀਸ਼ ਰਾਜ ਨੇ ਟਵੀਟ ਕੀਤਾ, "ਰਾਣੀ ਦੀ ਦੁਖਦਾਈ ਮੌਤ ਹੋ ਗਈ। ਕੀ ਅਸੀਂ ਹੁਣ ਆਪਣੇ ਕੋਹਿਨੂਰ ਦੇ ਵਾਪਸ ਆਉਣ ਦੀ ਉਮੀਦ ਕਰ ਸਕਦੇ ਹਾਂ?"

ਭਾਰਤੀ ਪੁਰਾਤੱਤਵ ਸਰਵੇਖਣ ਨੇ ਕੁਝ ਸਾਲ ਪਹਿਲਾਂ ਇੱਕ ਆਰਟੀਆਈ ਜਾਂਚ ਦਾ ਜਵਾਬ ਦਿੰਦਿਆਂ ਕਿਹਾ ਸੀ ਕਿ ਕੋਹਿਨੂਰ ਹੀਰਾ ਲਾਹੌਰ ਦੇ ਰਾਜੇ ਦੁਆਰਾ ਇੰਗਲੈਂਡ ਦੀ ਉਸ ਸਮੇਂ ਦੀ ਮਹਾਰਾਣੀ ਨੂੰ "ਸਮਰਪਣ" ਕੀਤਾ ਗਿਆ ਸੀ ਅਤੇ ਲਗਭਗ 170 ਸਾਲ ਪਹਿਲਾਂ ਬ੍ਰਿਟਿਸ਼ ਨੂੰ "ਸਪੁਰਦ ਨਹੀਂ ਕੀਤਾ ਗਿਆ" ਸੀ। ਸੁਪਰੀਮ ਕੋਰਟ ਵਿੱਚ ਭਾਰਤ ਸਰਕਾਰ ਦੀ ਸਥਿਤੀ, ਹਾਲਾਂਕਿ, ਇਹ ਸੀ ਕਿ ਕਰੋੜਾਂ ਦੀ ਕੀਮਤ ਵਾਲਾ ਹੀਰਾ, ਪੰਜਾਬ ਦੇ ਸਾਬਕਾ ਸ਼ਾਸਕਾਂ ਦੁਆਰਾ ਈਸਟ ਇੰਡੀਆ ਕੰਪਨੀ ਨੂੰ ਸੌਂਪਿਆ ਗਿਆ ਸੀ, ਬ੍ਰਿਟਿਸ਼ ਅਧਿਕਾਰੀਆਂ ਦੁਆਰਾ ਚੋਰੀ ਜਾਂ "ਜ਼ਬਰਦਸਤੀ" ਨਹੀਂ ਲਿਆਂ ਗਿਆ ਸੀ।

ਸ਼ਸ਼ੀ ਤਰੂਰ ਨੇ ਆਪਣੀ ਕਿਤਾਬ "ਐਨ ਏਰਾ ਆਫ਼ ਡਾਰਕਨੇਸ" ਵਿੱਚ ਕਿਹਾ ਕਿ ਇਸ ਨੂੰ ਪਹਿਲਾਂ 793 ਕੈਰੇਟ ਜਾਂ 158.6 ਕਿਲੋਗ੍ਰਾਮ ਦਾ ਦੁਨੀਆ ਦਾ ਸਭ ਤੋਂ ਵੱਡਾ ਹੀਰਾ ਮੰਨਿਆ ਜਾਂਦਾ ਸੀ। ਕਿਹਾ ਜਾਂਦਾ ਹੈ ਕਿ ਕਾਕਤੀਆ ਰਾਜਵੰਸ਼ ਨੇ ਆਂਧਰਾ ਪ੍ਰਦੇਸ਼ ਦੇ ਗੁੰਟੂਰ ਦੇ ਨੇੜੇ ਤੇਰ੍ਹਵੀਂ ਸਦੀ ਵਿੱਚ ਹੀਰੇ ਦੀ ਖੁਦਾਈ ਸ਼ੁਰੂ ਕੀਤੀ ਸੀ। ਕਈ ਸਾਲਾਂ ਤੋਂ, ਹੀਰੇ ਨੂੰ ਇਸਦੇ ਸ਼ੁਰੂਆਤੀ ਆਕਾਰ 158 ਕੈਰੇਟ ਤੋਂ ਘਟਾ ਕੇ 105 ਕੈਰੇਟ ਦੇ ਮੌਜੂਦਾ ਆਕਾਰ ਤੱਕ ਕਰ ਦਿੱਤਾ ਗਿਆ ਹੈ। ਉਹ ਦੱਸਦਾ ਹੈ ਕਿ ਕਿਵੇਂ ਮਸ਼ਹੂਰ ਹੀਰਾ ਕਈ ਸ਼ਾਹੀ ਪਰਿਵਾਰਾਂ ਦੇ ਹੱਥਾਂ ਵਿੱਚੋਂ ਲੰਘਿਆ, ਦੱਖਣ-ਅਧਾਰਤ ਕਾਕਤੀਆਂ ਤੋਂ ਲੈ ਕੇ ਦਿੱਲੀ ਦੇ ਸੁਲਤਾਨ ਅਲਾਉਦੀਨ ਖਿਲਜੀ ਤੱਕ, ਅਤੇ ਅੰਤ ਵਿੱਚ ਮੁਗਲ ਸਾਮਰਾਜ ਤੱਕ। ਫ਼ਾਰਸੀ ਵਿਜੇਤਾ ਨਾਦਿਰ ਸ਼ਾਹ ਰਾਹੀਂ ਇਹ ਅਫ਼ਗਾਨਿਸਤਾਨ ਵਿੱਚ ਦਾਖ਼ਲ ਹੋਇਆ। ਕਥਾ ਅਨੁਸਾਰ ਨਾਦਿਰ ਸ਼ਾਹ ਨੇ ਹੀਰੇ ਨੂੰ ਕੋਹਿਨੂਰ ਦਾ ਨਾਮ ਦਿੱਤਾ ਸੀ। 1809 ਵਿੱਚ ਪੰਜਾਬ ਦੇ ਸਿੱਖ ਰਾਜੇ ਰਣਜੀਤ ਸਿੰਘ ਦੇ ਹੱਥਾਂ ਵਿੱਚ ਆਉਣ ਤੋਂ ਪਹਿਲਾਂ, ਤਰੂਰ ਦੇ ਅਨੁਸਾਰ, ਇਹ ਕਈ ਰਾਜਵੰਸ਼ਾਂ ਵਿੱਚੋਂ ਲੰਘਿਆ ਸੀ। ਉਹ ਦਾਅਵਾ ਕਰਦਾ ਹੈ ਕਿ ਰਣਜੀਤ ਸਿੰਘ ਅਤੇ ਉਸ ਦੇ ਉੱਤਰ ਅਧਿਕਾਰੀ ਅੰਗਰੇਜ਼ਾਂ ਦੇ ਵਿਰੁੱਧ ਦੋ ਲੜਾਈਆਂ ਹਾਰ ਗਏ ਸਨ ਕਿਉਂਕਿ ਉਹ ਆਪਣੇ ਰਾਜ 'ਤੇ ਕਾਬੂ ਰੱਖਣ ਵਿੱਚ ਅਸਮਰੱਥ ਰਹੇ।

ਉਸ ਸਮੇਂ, ਕੋਹਿਨੂਰ ਬਰਤਾਨਵੀ ਹੱਥਾਂ ਵਿੱਚ ਖ਼ਤਮ ਹੋ ਗਿਆ ਸੀ। ਭਾਰਤ ਵਿੱਚ ਹੀਰੇ ਦੀ ਵਾਪਸੀ ਦੇ ਆਪਣੇ ਚੱਲਦੇ ਬਚਾਅ ਵਿੱਚ, ਤਰੂਰ ਨੇ ਬ੍ਰਿਟਿਸ਼ ਸਰਕਾਰ ਦੇ ਬਸਤੀਵਾਦੀ ਅਤੀਤ ਦੀ ਵੀ ਆਲੋਚਨਾ ਕੀਤੀ। ਟਾਵਰ ਆਫ਼ ਲੰਡਨ ਵਿੱਚ ਪ੍ਰਦਰਸ਼ਿਤ ਰਾਣੀ ਮਾਂ ਦਾ ਤਾਜ। ਇਹ ਲੁੱਟ ਅਤੇ ਦੁਰਵਰਤੋਂ ਦੇ ਸਬੂਤ ਵਜੋਂ ਕੰਮ ਕਰਨਾ ਜਾਰੀ ਰੱਖੇਗਾ ਕਿ ਬਸਤੀਵਾਦ ਅਸਲ ਵਿੱਚ ਉਦੋਂ ਤੱਕ ਸੀ ਜਦੋਂ ਤੱਕ ਇਹ ਵਾਪਸ ਨਹੀਂ ਆ ਜਾਂਦਾ, ਘੱਟੋ ਘੱਟ ਪ੍ਰਾਸਚਿਤ ਦੇ ਪ੍ਰਤੀਕ ਵਜੋਂ, "ਉਸ ਨੇ ਕਿਹਾ। ਆਪਣੀ ਕਿਤਾਬ "ਕੋਹਿਨੂਰ" ਵਿੱਚ ਲੇਖਕ ਅਤੇ ਇਤਿਹਾਸਕਾਰ ਵਿਲੀਅਮ ਡੈਲਰੀਮਪਲ ਨੇ ਲਿਖਿਆ ਹੈ ਕਿ ਨੌਜਵਾਨ ਸਿੱਖ ਰਾਜਕੁਮਾਰ ਦਲੀਪ ਸਿੰਘ ਨੇ ਮਹਾਰਾਣੀ ਵਿਕਟੋਰੀਆ ਨੂੰ ਰਤਨ ਦੇਣ 'ਤੇ ਅਫ਼ਸੋਸ ਪ੍ਰਗਟ ਕੀਤਾ ਸੀ। ਉਹ ਇੱਕ ਆਦਮੀ ਦੇ ਰੂਪ ਵਿੱਚ ਆਪਣੀ ਹੈਸੀਅਤ ਵਿੱਚ ਇਸ ਨੂੰ ਰਾਣੀ ਨੂੰ ਪੇਸ਼ ਕਰਨਾ ਚਾਹੁੰਦਾ ਸੀ। "ਮੈਂ ਇੱਕ ਵਾਰ ਫਿਰ ਇਸ 'ਤੇ ਹਾਂਸਿਲ ਕਰਨ ਦੀ ਕੋਸ਼ਿਸ਼ ਕਰਾਂਗਾ। ਮੈਂ ਇੱਕ ਛੋਟਾ ਬੱਚਾ ਜਾਂ ਨਵਜੰਮਿਆ ਸੀ ਜਦੋਂ ਮੈਨੂੰ ਸੰਧੀ ਦੁਆਰਾ ਇਸ ਨੂੰ ਛੱਡਣ ਲਈ ਮਜਬੂਰ ਕੀਤਾ ਗਿਆ ਸੀ। ਮੈਂ ਇਸਨੂੰ ਸਿੱਧੇ ਮਹਾਰਾਜ ਦੇ ਹੱਥਾਂ ਵਿੱਚ ਸੌਂਪਣ ਦੀ ਯੋਗਤਾ ਪ੍ਰਾਪਤ ਕਰਨਾ ਚਾਹਾਂਗਾ। ਹੁਣ ਜਦੋਂ ਮੈਂ ਇੱਕ ਆਦਮੀ ਹਾਂ।"

ਕੋਹਿਨੂਰ ਦੀ ਵਾਪਸੀ ਦੀ ਸਰਕਾਰ ਵੱਲੋਂ ਕਈ ਵਾਰ ਮੰਗ ਕੀਤੀ ਜਾ ਚੁੱਕੀ ਹੈ, ਪਹਿਲੀ ਵਾਰ 1947 ਵਿੱਚ ਹੋਈ ਸੀ। ਹਾਲਾਂਕਿ ਬ੍ਰਿਟਿਸ਼ ਸਰਕਾਰ ਨੇ ਹਮੇਸ਼ਾ ਹੀ ਇਨ੍ਹਾਂ ਦੋਸ਼ਾਂ ਤੋਂ ਇਨਕਾਰ ਕੀਤਾ ਹੈ। ਜੁਲਾਈ 2010 ਵਿੱਚ, ਭਾਰਤ ਦੇ ਦੌਰੇ ਦੌਰਾਨ, ਯੂਕੇ ਦੇ ਤਤਕਾਲੀ ਪ੍ਰਧਾਨ ਮੰਤਰੀ ਡੇਵਿਡ ਕੈਮਰਨ ਨੇ ਟਿੱਪਣੀ ਕੀਤੀ ਸੀ, "ਜੇਕਰ ਤੁਸੀਂ ਕਿਸੇ ਵੀ ਸਵਾਲ ਦਾ ਜਵਾਬ "ਹਾਂ" ਵਿੱਚ ਦਿੰਦੇ ਹੋ, ਤਾਂ ਤੁਹਾਨੂੰ ਬ੍ਰਿਟਿਸ਼ ਮਿਊਜ਼ੀਅਮ ਖ਼ਤਮ ਭਾਂਵ ਖਾਲੀ ਹੋ ਜਾਵੇਗਾ। ਕਹਿਣ ਤੋਂ ਡਰਦਾ ਹੈ।" 2016 ਵਿੱਚ ਇੱਕ ਜਨਹਿਤ ਮੁਕੱਦਮੇ ਵਿੱਚ ਸੁਪਰੀਮ ਕੋਰਟ ਦੇ ਜਵਾਬ ਕਿ ਕੋਹਿਨੂਰ ਨੂੰ "ਸਿੱਖ ਯੁੱਧਾਂ ਵਿੱਚ ਸਹਾਇਤਾ ਲਈ ਅੰਗਰੇਜ਼ਾਂ ਦੇ ਬਦਲੇ ਵਿੱਚ ਰਣਜੀਤ ਸਿੰਘ ਦੁਆਰਾ ਮੁਫ਼ਤ ਵਿੱਚ ਦਿੱਤਾ ਗਿਆ ਸੀ" ਨੇ ਬਹੁਤ ਸਾਰੇ ਲੋਕਾਂ ਨੂੰ ਨਿਰਾਸ਼ ਕੀਤਾ ਜੋ ਹੀਰੇ ਦੀ ਬਹਾਲੀ ਦੀ ਮੰਗ ਕਰ ਰਹੇ ਸਨ।

ਉਸਨੇ ਕਿਹਾ ਸੀ, "ਕੋਹਿਨੂਰ ਕੋਈ ਚੋਰੀ ਦਾ ਸਮਾਨ ਨਹੀਂ ਹੈ।" ਬਾਅਦ ਵਿੱਚ, ਸੱਭਿਆਚਾਰਕ ਮੰਤਰੀ ਮਹੇਸ਼ ਸ਼ਰਮਾ ਨੇ ਇਸ ਗੱਲ ਤੋਂ ਇਨਕਾਰ ਕੀਤਾ ਕਿ ਉਨ੍ਹਾਂ ਦਾ ਵਿਭਾਗ ਹੀਰੇ ਨੂੰ ਵਾਪਸ ਪ੍ਰਾਪਤ ਕਰਨ ਲਈ ਕੋਈ ਵੀ ਯਤਨ ਕਰੇਗਾ ਅਤੇ ਕਿਹਾ ਕਿ ਇਸ ਵਿਸ਼ੇ 'ਤੇ ਕੋਈ ਵੀ ਫੈਸਲਾ ਕੂਟਨੀਤਕ ਪੱਧਰ 'ਤੇ ਕੀਤਾ ਜਾਵੇਗਾ। "ਜੇਕਰ ਕੋਈ ਕੂਟਨੀਤਕ ਕਾਲ (ਕੋਹਿਨੂਰ ਵਾਪਸ ਲਿਆਉਣ ਲਈ) ਕੀਤੀ ਜਾਣੀ ਹੈ, ਤਾਂ ਭਾਰਤ ਸਰਕਾਰ ਜਾਂ ਵਿਦੇਸ਼ ਮੰਤਰਾਲਾ ਉਚਿਤ ਹੋਣ 'ਤੇ ਇਸ ਨੂੰ ਕਰੇਗਾ। ਸੱਭਿਆਚਾਰ ਮੰਤਰਾਲੇ ਦੁਆਰਾ ਹੀਰੇ ਨੂੰ ਵਾਪਸ ਲਿਆਉਣ ਲਈ ਕੋਈ ਕਾਰਵਾਈ ਨਹੀਂ ਕੀਤੀ ਜਾਵੇਗੀ," ਸ਼ਰਮਾ ਨੇ ਦਾਅਵਾ ਕੀਤਾ।


ਉਸਨੇ ਕਿਹਾ, "ਨਿਯਮਾਂ ਦੇ ਅਨੁਸਾਰ, ਜੇਕਰ ਸਾਡੀ ਕੋਈ ਵੀ ਪੁਰਾਤਨ ਵਸਤੂ ਆਜ਼ਾਦੀ ਤੋਂ ਬਾਅਦ ਕਿਤੇ ਵੀ ਲੱਭੀ ਜਾਂਦੀ ਹੈ, ਤਾਂ ਸੱਭਿਆਚਾਰਕ ਮੰਤਰਾਲਾ ਇਸਨੂੰ ਵਾਪਸ ਲਿਆਉਣ ਲਈ ਉਪਾਅ ਕਰਦਾ ਹੈ," ਇਹ ਨੋਟ ਕਰਦੇ ਹੋਏ ਕਿ ਇਹ ਸਮੱਸਿਆ ਆਜ਼ਾਦੀ ਤੋਂ ਪਹਿਲਾਂ ਦੇ ਯੁੱਗ ਤੱਕ ਫੈਲੀ ਹੋਈ ਹੈ। ਪਰ ਉਸਨੇ ਨੋਟ ਕੀਤਾ ਕਿ ਅਜ਼ਾਦੀ ਤੋਂ ਪਹਿਲਾਂ ਦੀਆਂ ਪੁਰਾਣੀਆਂ ਚੀਜ਼ਾਂ ਨਾਲ ਸਬੰਧਤ ਚਿੰਤਾਵਾਂ "ਸਭਿਆਚਾਰ ਮੰਤਰਾਲੇ ਦੇ ਦਾਇਰੇ ਵਿੱਚ ਨਹੀਂ ਆਉਂਦੀਆਂ।"

ਪਰ ਸਵਾਲ ਉਠਦਾ ਹੈ ਕਿ ਜੇਕਰ ਕਈ ਸਾਲਾਂ ਬਾਅਦ ਮਹਾਰਾਣੀ ਦੇ ਮੌਤ ਤੋਂ ਬਾਅਦ ਇਕ ਵਾਰ ਫਿਰ ਇਸ ਹੀਰੇ ਨੂੰ ਭਾਰਤ ਨੂੰ ਵਾਪਿਸ ਕਰਨ ਦੀ ਗੱਲ ਤੂਰ ਫੜ੍ਹ ਰਹੀ ਹੈ ਤਾਂ ਕੀ ਨਵਾਂ ਰਾਜਾਂ ਚਾਰਲਸ ਇਹ ਭਾਰਤ ਦੀ ਜੁਇਜ਼ ਮੰਗ ਨੂੰ ਪੂਰਾ ਕਰਦੇ ਹਨ ਜਾਂ ਨਹੀਂ?

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
Punjabipost.ca
905-793-2202
27 Armthorpe Rd #3,
Brampton, L6T 5M4

| | |
|---|---|
| **Founder Editor** | Jagdish Singh Grewal |
| **Managing Director** | Parminder Kaur Grewal |
| **Contributing Editors** | Gyan Singh, |
| **Office Admin** | Sajandeep Singh |
| **Graphic Designer** | Angrez Singh<br>Komal Matharu |
| **Photographer** | Kanwaljit Singh Kanwal |
| **Distributer<br>Marketing:** | Bhupinder Dhillon<br>Sajandeep Singh |

Punjabi Post is a daily newspaper, published *Monday to Friday*. Advertiser is solely responsible for the ads content, releasing Punjabi post from any and all liability arising from Advertiser's use of the ads/advertising materials as permitted in an Agreement or IO. The opinions expressed in the articles & columns are those of the writers, editors or any other staff member at Punjabi post assume no responsibility of any kind. Thank you.




## ਯੂਬਾ ਸਿਟੀ ਦੇ ਸਿੱਖ ਆਗੂ ਤੇ ਸਮਾਜਸੇਵੀ ਦੀਦਾਰ ਸਿੰਘ ਬੈਂਸ ਦੀ ਮੌਤ ਉਤੇ ਦੁੱਖ ਦਾ ਪ੍ਰਗਟਾਵਾ

ਸਿਆਟਲ, 15 ਸਤੰਬਰ (ਪੋਸਟ ਬਿਊਰੋ) - ਸਿੱਖ ਗੁਰਦੁਆਰਾ ਯੂਬਾ ਸਿਟੀ ਦੇ ਬਾਨੀ ਤੇ ਨਾਮਵਰ ਸਮਾਜਸੇਵੀ ਦੀਦਾਰ ਸਿੰਘ ਬੈਂਸ ਦੀ ਮੌਤ ਉਤੇ ਸਿਆਟਲ ਦੇ ਪੰਜਾਬੀ ਭਾਈਚਾਰੇ ਨੇ ਗਹਿਰਾ ਦੁੱਖ ਪ੍ਰਗਟ ਕੀਤਾ ਹੈ। ਦੀਦਾਰ ਸਿੰਘ ਬੈਂਸ ਨੇ ਅਮਰੀਕਾ ਆ ਕੇ ਪੰਜਾਬੀ ਭਾਈਚਾਰੇ ਤੇ ਸਿੱਖ ਕੌਮ ਦਾ ਨਾਮ ਪੂਰੀ ਦੁਨੀਆਂ ਵਿਚ ਰੌਸ਼ਨ ਕੀਤਾ ਹੈ। ਸਿਆਟਲ ਦੇ ਪੰਜਾਬੀ ਭਾਈਚਾਰੇ ਨੇ ਦੀਦਾਰ ਸਿੰਘ ਦੇ ਵਿਛੋੜੇ ਨੂੰ ਸਿੱਖ ਕੌਮ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ ਹੈ। ਪ੍ਰਮਾਤਮਾ ਵਿਛੜੀ ਰੂਹ ਨੂੰ ਸ਼ਾਂਤੀ ਬਖਸ਼ੇ ਤੇ ਸਿੱਖ ਕੌਮ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।

# ਤਰਕਸ਼ੀਲ ਸੁਸਾਇਟੀ ਦੀ ਪਿਕਨਿਕ ਵਿਚ ਲੱਗੀਆਂ ਖ਼ੂਬ ਰੌਣਕਾਂ







ਬਰੈਂਪਟਨ: (ਡਾ ਬਲਜਿੰਦਰ ਸਿੰਘ ਸੇਖੋਂ) ਤਰਕਸ਼ੀਲ ਸੋਸਾਇਟੀ ਕਨੇਡਾ ਦੀ ਓਨਟਾਰੀਓ ਇਕਾਈ ਵਲੋਂ ਬੀਤੇ ਐਤਵਾਰ ਬਰੈਂਪਟਨ ਦੇ ਐਲ ਡੋਰੈਡੋ ਪਾਰਕ ਵਿਚ ਅਯੋਜਿਤ ਕੀਤੀ ਪਿਕਨਿਕ ਵਿਚ ਵੱਡੀ ਗਿਣਤੀ ਵਿਚ ਸੁਸਾਇਟੀ ਦੇ ਮੈਂਬਰਾਂ, ਹਤੈਸ਼ੀਆਂ, ਸਪੌਂਸਰਾਂ, ਪਤਰਕਾਰਾਂ ਤੇ ਕਲਾਕਾਰਾਂ ਨੇ ਸ਼ਾਮਿਲ ਹੋ ਕੇ ਰੌਣਕਾਂ ਵਧਾਈਆਂ। ਇਸ ਵਿਚ ਪੰਜਾਬੀ ਭਾਈਚਾਰੇ ਦੀਆਂ ਬਹੁਤ ਸਾਰੀਆਂ ਸਤਿਕਾਰਿਤ ਹਸਤੀਆਂ ਵੀ ਪਹੁੰਚੀਆਂ। ਇਸ ਵਾਰ ਮਰਦਾਂ ਔਰਤਾਂ, ਬੱਚਿਆਂ ਦੀਆਂ ਖੇਡਾਂ ਦਾ ਖਾਸ ਇੰਤਜ਼ਾਮ ਕੀਤਾ ਗਿਆ ਸੀ, ਜਿਸ ਨਾਲ ਸਭ ਨੇ ਪਿਕਨਿਕ ਦਾ ਬਹੁਤ ਆਨੰਦ ਮਾਣਿਆਂ।

ਪਰਮਜੀਤ ਸੰਧੂ ਵਲੋਂ ਵੱਡੇ ਟੈਂਟ ਦਾ ਇੰਤਜ਼ਾਮ ਕੀਤਾ ਗਿਆ ਸੀ,ਜਿਸ ਨੇ ਪਿਕਨਿਕ ਨੂੰ ਇੱਕ ਜਸ਼ਨ ਦਾ ਰੰਗ ਦੇ ਦਿੱਤਾ। ਸੋਸਾਇਟੀ ਦੇ ਮੋਢੀ ਮੈਂਬਰਾਂ ਨੇ ਸਵੇਰ ਵੇਲੇ ਜਾ ਕੇ ਲੋੜੀਂਦੇ ਬੈਂਚ ਇਕੱਠੇ ਕਰ ਲਏ ਅਤੇ ਟੈਂਟ ਲਾ ਲਿਆ। 11 ਵਜੇ ਤੋਂ ਹੀ ਬੱਚਿਆਂ ਸਮੇਤ ਲੋਕ ਆਉਣ ਲੱਗ ਪਏ ਅਤੇ 12 ਕੁ ਵਜੇ ਤੱਕ ਇਕੱਠ ਇਕ ਮੇਲੇ ਦਾ ਰੂਪ ਧਾਰਨ ਕਰ ਗਿਆ। ਇਸੇ ਵੇਲੇ ਤੋਂ ਹੀ ਪਿਕਨਿਕ ਦੇ ਅੰਤ ਤੀਕ ਜਸਵੀਰ ਚਹਿਲ ਤੇ ਪਾਲ ਰੰਧਾਵਾ ਵਲੋਂ ਕਰਵਾਈਆਂ ਗਈਆਂ ਖੇਡਾਂ ਵਿਚ ਸਾਰੇ ਹੀ, ਪਰ ਖਾਸ ਕਰ ਬੱਚੇ ਸ਼ਾਮਿਲ ਹੋ, ਮੰਨੋਰੰਜਣ ਕਰਦੇ ਰਹੇ। ਖੇਡਾਂ ਵਿਚ ਰੱਸਾ ਕਸ਼ੀ, ਵਾਲੀਬਾਲ, ਖੋਹ ਖੋਹ ਅਤੇ ਵੱਖੋ ਵੱਖਰੀਆਂ ਦੌੜਾਂ ਸ਼ਾਮਿਲ ਸਨ, ਜਿਨ੍ਹਾਂ ਵਿਚ ਵੱਡੀ ਗਿਣਤੀ ਵਿਚ ਮੈਂਬਰਾਂ ਤੇ ਬੱਚਿਆਂ ਨੇ ਹਿੱਸਾ ਲਿਆ। ਜੇਤੂਆਂ ਨੂੰ ਅਗਾਂਹ ਵਧੂ ਸਾਹਿਤ ਅਤੇ ਮੈਡਲਾਂ ਨਾਲ ਸਨਮਾਨਿਤ ਕੀਤਾ ਗਿਆ। ਬਚੇ ਖਾਸ ਕਰ ਇਨ੍ਹਾਂ ਇਨਾਮਾਂ ਨਾਲ ਬਹੁੱਤ ਉਤਾਸ਼ਿਹਤ ਹੋਏ ਤੇ ਅੱਗੇ ਕਰਵਾਏ ਜਾਣ ਵਾਲੇ ਮੁਕਾਬਲਿਆਂ ਵਿਚ ਵੱਧ ਚੜ੍ਹ ਕੇ ਹਿੱਸਾ ਲੈਣ ਬਾਰੇ ਸੋਚਣ ਲੱਗੇ। ਕਈ ਪ੍ਰੀਵਾਰ ਅਪਣੇ ਬੱਚਿਆਂ ਨੂੰ ਨਾਲ ਲੈ ਪਾਰਕ ਦੇ ਸੰਘਣੇ ਜੰਗਲ ਵਿਚ ਤੇ ਵਗਦੇ ਕਰੈਡਿਟ ਦਰਿਆ ਦੇ ਪਾਣੀਆਂ ਦੇ ਨੇੜੇ ਤੇੜੇ ਦਾ ਰਮਣੀਕ ਨਜ਼ਾਰਾ ਵੀ ਲੈਣ ਚੱਲੇ ਜਾਂਦੇ ਰਹੇ। ਸਵੇਰ ਤੋਂ ਹੀ ਖਾਣ ਪੀਣ ਦਾ ਖੁਲ੍ਹਾ ਪ੍ਰਬੰਧ ਸੀ, ਜਿਸ ਵਿਚ ਪਕੌੜੇ,ਸਮੋਸੇ, ਚਾਹ, ਬਾਰਬੀਕਿਊ ਕੀਤੇ ਪਕਵਾਨਾਂ ਅਤੇ ਲੰਚ ਦਾ ਸਾਰਿਆਂ ਚੰਗਾ ਸੁਆਦ ਮਾਣਿਆਂ। ਸਾਰਾ ਸਮਾਂ ਸ਼ਾਮਿਲ ਵਿਅੱਕਤੀਆਂ ਨੇ ਆਪਸ ਵਿਚ ਵੱਖ ਵੱਖ ਵਿਸ਼ਿਆਂ ਤੇ ਚਰਚਾ ਕੀਤੀ। ਸੁਸਾਇਟੀ ਵਲੋਂ ਸਾਰੇ ਸ਼ਾਮਿਲ ਵਿਅਕਤੀਆਂ ਦਾ ਧੰਨਵਾਦ ਕੀਤਾ ਜਾਂਦਾ ਹੈ। ਖਾਣ ਪੀਣ ਦੇ ਪ੍ਰਬੰਧ ਵਿਚ ਅਮਨਦੀਪ ਮੰਡੇਰ ਦੇ ਸਮੁੱਚੇ ਪ੍ਰਵਾਰ ਦਾ ਵਿਸ਼ੇਸ਼ ਯੋਗਦਾਨ ਰਿਹਾ।

ਤਰਕਸ਼ੀਲ ਸੁਸਾਇਟੀ ਪੰਜਾਬੀਆਂ ਨੂੰ ਵਹਿਮਾਂ ਭਰਮਾ, ਠੱਗ ਬਾਬਿਆਂ, ਤਵੀਤਾਂ, ਮੜੀਆਂ ਮਸਾਣੀਆਂ, ਭੁਲੇਖਾ ਪਾਉ ਲੁਟੇਰੇ ਪੰਡਤਾਂ 'ਤੇ ਕਰਾਮਾਤੀ ਚਮਕੀਲੇ ਪੱਥਰਾਂ ਦੇ ਤੰਦੂਏ ਜਾਲ ਵਿਚੋਂ ਕੱਢ ਕੇ, ਤਰਕਸ਼ੀਲ ਬਣਾਉਣ ਦੇ ਯਤਨ ਵਿਚ ਪ੍ਰੋਗਰਾਮ ਕਰਵਾਉਂਦੀ ਰਹਿੰਦੀ ਹੈ ਤਾਂ ਜੋ ਲੋਕਾਂ ਦੇ ਅਣਜਾਣ ਪੁਣੇ ਦਾ ਫਾਇਦਾ ਉਠਾ ਕੇ ਠੱਗ ਲੁਟੇਰੇ ਲੋਕਾਂ ਦੀ ਖੂੰਨ ਪਸੀਨੇ ਦੀ ਕਮਾਈ ਤੇ ਡਾਕੇ ਨਾ ਮਾਰ ਸਕਣ।

ਸੁਸਾਇੱਟੀ ਬਾਰੇ ਹੋਰ ਜਾਣਕਾਰੀ ਲਈ, ਬਲਦੇਵ ਰਹਿਪਾ (416 881 7202), ਅਮਨਦੀਪ ਮੰਡੇਰ (647 782 8334) ਜਾਂ ਬਲਰਾਜ ਸ਼ੌਕਰ (647 679 4398) ਨਾਲ ਸੰਪਰਕ ਕੀਤਾ ਜਾ ਸਕਦਾ ਹੈ।

# ਜੌਰਜਿਨਾ ਮੈਰਾਥਨ ਵਿਚ ਸ਼ਾਮਿਲ ਹੋਏ ਟੀ.ਪੀ.ਏ.ਆਰ. ਕਲੱਬ ਦੇ 48 ਮੈਂਬਰ

*** ਧਿਆਨ ਸਿੰਘ ਸੋਹਲ, ਸਵਰਨ ਸਿੰਘ, ਕੋਚ ਕਰਮਜੀਤ ਸਿੰਘ ਫੁੱਲ-ਮੈਰਾਥਨ ਤੇ ਕੁਲਦੀਪ ਗਰੇਵਾਲ ਹਾਫ਼-ਮੈਰਾਥਨ ਦੌੜੇ ***
**ਦੌੜ ਤੋਂ ਬਾਅਦ ਮੈਂਬਰਾਂ ਨੇ ਜੌਰਜਿਨਾ ਦੇ ਸਿਬਾਲਡ ਪੁਆਇੰਟ ਪ੍ਰੋਵਿੰਸ਼ੀਅਲ ਪਾਰਕ ਵਿਚ ਮਨਾਈ ਪਿਕਨਿਕ**













ਜੌਰਜਿਨਾ, (ਡਾ. ਝੰਡ) - ਲੰਘੇ ਐਤਵਾਰ 11 ਸਤੰਬਰ ਨੂੰ ਸਿਮਕੋ ਲੇਕ ਦੇ ਕੰਢੇ ਵੱਸੇ ਸ਼ਹਿਰ ਜੌਰਜਿਨਾ ਦੀ ਬੀਚ ਦੇ ਨਾਲ ਨਾਲ ਜਾਂਦੀ ਸੜਕ ਲੇਕ ਡਰਾਈਵ ਈਸਟ 'ਤੇ ਪ੍ਰਬੰਧਕਾਂ ਵੱਲੋਂ ਮੈਰਾਥਨ ਦੌੜ ਦਾ ਸਫ਼ਲ ਆਯੋਜਨ ਕੀਤਾ ਗਿਆ। ਬਰੈਂਪਟਨ ਵਿਚ ਪਿਛਲੇ 10 ਸਾਲਾਂ ਤੋਂ ਸਰਗਰਮ ਟੋਰਾਂਟੋ ਪੀਅਰਸਨ ਏਅਰਪੋਰਟ ਰੱਨਰਜ਼ ਕਲੱਬ ਦੇ 48 ਮੈਂਬਰਾਂ ਨੇ ਇਸ ਵਿਚ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਦੇ ਮੈਂਬਰਾਂ ਧਿਆਨ ਸਿੰਘ ਸੋਹਲ, ਸਵਰਨ ਸਿੰਘ ਤੇ ਕੋਚ ਕਰਮਜੀਤ ਸਿੰਘ ਖੰਗੂਰਾ ਨੇ ਫੁੱਲ ਮੈਰਾਥਨ ਅਤੇ ਕੁਲਦੀਪ ਸਿੰਘ ਗਰੇਵਾਲ ਨੇ ਹਾਫ਼-ਮੈਰਾਥਨ ਸਫ਼ਲਤਾ ਪੂਰਵਕ ਸੰਪੰਨ ਕੀਤੀਆਂ, ਜਦ ਕਿ ਕਲੱਬ ਦੇ ਬਾਕੀ ਮੈਂਬਰਾਂ ਨੇ 5 ਕਿਲੋਮੀਟਰ ਦੌੜ ਕੇ ਇਸ ਵਿਚ ਆਪਣੀ ਭਰਵੀਂ ਹਾਜ਼ਰੀ ਲੁਆਈ। ਕਲੱਬ ਦੀਆਂ ਸੰਗਤਰੇ ਰੰਗ ਦੀਆਂ ਟੀ-ਸ਼ਰਟਾਂ ਵਿਚ ਉਨ੍ਹਾਂ ਦਾ ਵੱਡਾ ਗਰੁੱਪ ਦੂਰੋਂ ਹੀ ਸਾਰੇ ਦਰਸ਼ਕਾਂ ਦੀ ਵਿਸ਼ੇਸ਼ ਖਿੱਚ ਦਾ ਕਾਰਨ ਬਣਿਆ ਹੋਇਆ ਸੀ।

ਕਲੱਬ ਦੇ ਮੈਂਬਰ ਚੇਅਰਪਰਸਨ ਸੰਧੂਰਾ ਸਿੰਘ ਬਰਾੜ ਦੀ ਅਗਵਾਈ ਹੇਠ ਸਵੇਰੇ 5.45 ਵਜੇ ਇਕ ਸਕੂਲ ਬੱਸ ਵਿਚ ਸਵਾਰ ਹੋ ਕੇ ਲੱਗਭੱਗ ਸਵਾ ਸੱਤ ਵਜੇ ਜੌਰਜਿਨਾ ਬੀਚ ਦੇ ਕੰਢੇ ਹਰੇ-ਭਰੇ ਰੁੱਖਾਂ ਨਾਲ ਘਿਰੇ ਦੌੜ ਦੇ ਆਰੰਭ ਹੋਣ ਵਾਲੇ ਰਮਣੀਕ ਸਥਾਨ 'ਤੇ ਪਹੁੰਚੇ। ਫੁੱਲ-ਮੈਰਾਥਨ ਸਵੇਰੇ ਸੱਤ ਵਜੇ ਅਤੇ ਹਾਫ਼-ਮੈਰਾਥਨ ਦੌੜ ਸਵਾ ਸੱਤ ਵਜੇ ਸ਼ੁਰੂ ਹੋਣੀ ਸੀ। ਇਨ੍ਹਾਂ ਵਿਚ ਭਾਗ ਲੈਣ ਵਾਲੇ ਦੌੜਾਕ ਧਿਆਨ ਸਿੰਘ ਸੋਹਲ, ਸਵਰਨ ਸਿੰਘ, ਕੋਚ ਕਰਮਜੀਤ ਸਿੰਘ ਖੰਗੂਰਾ ਅਤੇ ਕੁਲਦੀਪ ਸਿੰਘ ਗਰੇਵਾਲ ਕਾਰਾਂ ਵਿਚ ਸੱਤ ਵਜੇ ਤੋਂ ਪਹਿਲਾਂ ਹੀ ਉੱਥੇ ਪਹੁੰਚੇ ਹੋਏ ਸਨ। ਪੰਜ ਕਿਲੋਮੀਟਰ ਦੌੜ ਜਿਸ ਵਿਚ ਕਲੱਬ ਦੇ ਮੈਂਬਰਾਂ ਨੇ ਵੱਡੀ ਗਿਣਤੀ ਵਿਚ ਭਾਗ ਲਿਆ, ਸਵੇਰੇ ਅੱਠ ਵਜੇ ਆਰੰਭ ਹੋਈ।

ਪ੍ਰਾਪਤ ਨਤੀਜਿਆਂ ਅਨੁਸਾਰ ਸਵਰਨ ਸਿੰਘ ਨੇ 42 ਕਿਲੋਮੀਟਰ ਫੁੱਲ-ਮੈਰਾਥਨ ਮੈਰਾਥਨ 4 ਘੰਟੇ, 3 ਮਿੰਟ ਤੇ 43 ਸਕਿੰਟ ਵਿਚ, ਕੋਚ ਕਰਮਜੀਤ ਖੰਗੂਰਾ ਨੇ 4 ਘੰਟੇ 7 ਮਿੰਟ 50 ਸਕਿੰਟ ਅਤੇ ਧਿਆਨ ਸਿੰਘ ਸੋਹਲ ਨੇ 4 ਘੰਟੇ 36 ਮਿੰਟ 46 ਸਕਿੰਟ ਵਿਚ ਪੂਰੀ ਕੀਤੀ, ਜਦਕਿ ਕੁਲਦੀਪ ਗਰੇਵਾਲ ਨੇ 21 ਕਿਲੋਮੀਟਰ ਹਾਫ਼-ਮੈਰਾਥਨ ਦੌੜਨ ਲਈ 2 ਘੰਟੇ 19 ਮਿੰਟ 46 ਸਕਿੰਟ ਦਾ ਸਮਾਂ ਲਿਆ। ਪੰਜ ਕਿਲੋਮੀਟਰ ਦੌੜ ਧਰਮ ਰੰਧਾਵਾ ਨੇ 24 ਮਿੰਟ 36 ਸਕਿੰਟ, ਨਿਰਮਲ ਗਿੱਲ ਨੇ 25 ਮਿੰਟ 10 ਸਕਿੰਟ, ਗੁਰਜੀਤ ਲੋਟੇ ਨੇ 29 ਮਿੰਟ 50 ਸਕਿੰਟ ਅਤੇ ਲਖਵੀਰ ਸਵੈਚ ਨੇ 33 ਮਿੰਟ 27 ਸਕਿੰਟ ਵਿਚ ਪੂਰੀ ਕੀਤੀ। ਪੰਜ ਕਿਲੋਮੀਟਰ ਦੌੜਨ ਵਾਲਿਆਂ ਵਿਚ ਕਲੱਬ ਦੇ ਸੀਨੀਅਰ ਮੈਂਬਰ ਇੰਜੀ. ਈਸ਼ਰ ਸਿੰਘ (78), ਐਸੋਸੀਏਸ਼ਨ ਆਫ਼ ਸੀਨੀਅਰ ਕਲੱਬਜ਼ ਆਫ਼ ਬਰੈਂਪਟਨ ਦੇ ਪ੍ਰਧਾਨ ਜੰਗੀਰ ਸਿੰਘ ਸੈਂਹਬੀ (75), ਕੇਸਰ ਸਿੰਘ ਬੜੈਚ (75), ਨਵੇਂ ਸ਼ਾਮਲ ਹੋਏ ਮੈਂਬਰ ਹਰਚੰਦ ਸਿੰਘ ਬਾਸੀ (79), ਹਜ਼ੂਰਾ ਸਿੰਘ (72) ਅਤੇ ਇਨ੍ਹਾਂ ਸਤਰਾਂ ਦੇ ਲੇਖਕ ਸੁਖਦੇਵ ਸਿੰਘ ਝੰਡ (72) ਵੀ ਸ਼ਾਮਲ ਸਨ।

ਦੌੜ ਦੀ ਸਮਾਪਤੀ ਤੋਂ ਬਾਅਦ ਸਾਰੇ ਮੈਂਬਰ ਬੱਸ ਵਿਚ ਸਵਾਰ ਹੋ ਕੇ ਜੌਰਜਿਨਾ ਦੇ ਸਿਬਾਲਡ ਪੁਆਇੰਟ ਪ੍ਰੋਵਿੰਸ਼ੀਅਲ ਪਾਰਕ ਵੱਲ ਚੱਲ ਪਏ ਜਿੱਥੇ ਉਨ੍ਹਾਂ ਪਹਿਲਾਂ ਹੀ ਪਿਕਨਿਕ ਮਨਾਉਣ ਦਾ ਪ੍ਰੋਗਰਾਮ ਉਲੀਕਿਆ ਹੋਇਆ ਸੀ। ਉੱਥੇ ਪਹੁੰਚਦਿਆਂ ਤੱਕ ਸਾਰਿਆਂ ਨੂੰ ਭੁੱਖ ਵੀ ਕਾਫ਼ੀ ਚਮਕ ਪਈ ਸੀ ਅਤੇ ਜਾਂਦਿਆਂ ਹੀ ਸਾਰੇ ਨਾਲ ਲਿਆਂਦੇ ਹੋਏ ਆਲੂ ਤੇ ਗੋਭੀ ਦੇ ਪਰੌਂਠਿਆਂ 'ਤੇ ਟੁੱਟ ਪਏ। ਦਹੀਂ ਅਤੇ ਅਚਾਰ ਨਾਲ ਇਹ ਪਰੌਠੇ ਖਾਣ ਦਾ ਆਪਣਾ ਹੀ ਵੱਖਰਾ ਸੁਆਦ ਸੀ ਜਿਸ ਨੂੰ ਸੱਭਨਾਂ ਨੇ ਖ਼ੂਬ ਮਾਣਿਆਂ। ਉਪਰੰਤ, ਕਲੱਬ ਦੇ ਸਾਥੀ ਰਾਜ ਸ਼ੈੱਫ਼ ਨੇ ਆਪਣੇ ਚੁੱਲ੍ਹੇ ਸਿੱਧੇ ਕਰਨੇ ਸ਼ੁਰੂ ਕਰ ਲਏ ਅਤੇ ਜਲਦੀ ਹੀ ਇਕ ਵੱਡੇ ਸਾਰੇ ਪਤੀਲੇ ਵਿਚ ਗੋਟ ਮੀਟ ਲਈ ਤੜਕਾ ਭੁੰਨਣਾ ਆਰੰਭ ਦਿੱਤਾ। ਕਈ ਸਾਥੀ ਉਸ ਦੀ ਮਦਦ ਵਿਚ ਵਿਚ ਜੁੱਟ ਗਏ, ਜਦਕਿ ਬਹੁਤ ਸਾਰੇ ਮੈਂਬਰ ਪਾਰਕ ਅਤੇ ਬੀਚ ਦੀ ਖ਼ੂਬਸੂਰਤੀ ਦਾ ਅਨੰਦ ਲੈਣ ਲਈ ਸੈਰ ਨੂੰ ਚੱਲ ਪਏ। ਹਰੇ-ਭਰੇ ਇਸ ਪਾਰਕ ਵਿਚ ਕਈ ਤਰ੍ਹਾਂ ਦੇ ਫੁੱਲ-ਬੂਟੇ ਲੱਗੇ ਹੋਏ ਸਨ ਜੋ ਉੱਥੇ ਆਉਣ ਵਾਲਿਆਂ ਨੂੰ ਦੂਰੋਂ ਹੀ ਖਿੱਚ ਪਾ ਰਹੇ ਸਨ।

ਕਲੱਬ ਦੇ ਸੱਤ ਸੀਨੀਅਰ ਮੈਂਬਰਾਂ ਦਾ ਗਰੁੱਪ ਪਾਰਕ ਵਿੱਚੋਂ ਹੁੰਦਾ ਹੋਇਆ ਜੌਰਜਿਨਾ ਬੀਚ ਦੇ ਕੰਢੇ-ਕੰਢੇ ਟਹਿਲਦਾ ਹੋਇਆ ਦੂਰ ਤੱਕ ਨਿਕਲ ਗਿਆ। ਬੀਚ 'ਤੇ ਲੋਕ ਪਰਿਵਾਰਾਂ ਸਮੇਤ ਸੈਰ ਕਰ ਰਹੇ ਸਨ ਅਤੇ ਕਈ ਆਪੋ-ਆਪਣੇ ਟੈਂਟ ਲਗਾ ਕੇ ਉੱਥੇ ਖਾਣ-ਪੀਣ ਤੇ ਸਿਮਕੋ ਲੇਕ ਦੇ ਠੰਡੇ ਪਾਣੀ ਵਿਚ ਤਾਰੀਆਂ ਲਾਉਣ ਦਾ ਅਨੰਦ ਲੈ ਰਹੇ ਸਨ। ਸੀਨੀਅਰਾਂ ਸਾਥੀਆਂ ਨੇ ਲੇਕ ਦੇ ਅੰਦਰ ਜਾਣ ਲਈ ਵੱਡੇ-ਵੱਡੇ ਪੱਥਰਾਂ ਦੇ ਬਣੇ ਹੋਏ ਰਸਤੇ 'ਤੇ ਚੱਲ ਕੇ ਅੱਗੇ ਬਣੇ ਹੋਏ ਇਕ ਖ਼ੂਬਸੂਰਤ ਪੁਆਇੰਟ 'ਤੇ ਜਾ ਕੇ ਤਸਵੀਰਾਂ ਖਿੱਚੀਆਂ ਅਤੇ ਫਿਰ ਉੱਥੋਂ ਵਾਪਸੀ 'ਤੇ ਬੀਚ ਉੱਪਰ ਡੱਠੇ ਹੋਏ ਲੱਕੜ ਦੇ ਬੈਂਚਾਂ ਉੱਪਰ ਬੈਠ ਕੇ ਆਪਸੀ ਵਿਚਾਰ-ਵਟਾਂਦਰਾ ਕਰਨ ਵਿਚ ਰੁੱਝ ਗਏ। ਕੁਦਰਤ ਦੀ ਖ਼ੂਬਸੂਰਤੀ, ਧਰਤੀ ਉੱਪਰ ਜੀਵਾਂ ਦੀ ਉਤਪਤੀ ਤੇ ਵਿਕਾਸ, ਆਤਮਾ ਤੇ ਪ੍ਰਮਾਤਮਾ ਦੀ ਹੋਂਦ, ਅਗਲੇ ਜਨਮ ਵਿਚ ਵਿਸ਼ਵਾਸ ਅਤੇ ਅੱਗੋਂ 84 ਲੱਖ ਸੰਭਾਵੀ ਜੂੰਨਾਂ ਹੋਣ ਜਾਂ ਨਾ ਹੋਣ ਵਰਗੇ ਅਹਿਮ ਨੁਕਤਿਆਂ ਉੱਪਰ ਖ਼ੂਬ ਚਰਚਾ ਹੋਈ।

ਵਾਪਸ ਆਉਂਦਿਆਂ ਤੀਕ ਗੋਟ ਮੀਟ ਤਿਆਰ ਹੋ ਚੁੱਕਾ ਸੀ ਅਤੇ ਕਈ ਮੈਂਬਰ ਇਸ ਦਾ ਸੁਆਦ ਚੱਖ ਰਹੇ ਸਨ। ਕੋਈ ਕਹਿ ਰਿਹਾ ਸੀ ਕਿ ਨਮਕ ਕੁਝ ਨਰਮ ਹੈ ਅਤੇ ਕੋਈ ਇਸ ਨੂੰ ਠੀਕ ਕਹਿੰਦਾ ਹੋਇਆ ਬੀ.ਪੀ. ਵਾਲਿਆਂ ਲਈ 'ਬਿਲਕੁਲ ਸਹੀ' ਦਰਸਾ ਰਿਹਾ ਸੀ। ਸਰੀਰਾਂ ਨੂੰ ਗਰਮ ਕਰਨ ਅਤੇ ਚਿੱਤ ਨੂੰ ਸਹੀ ਕਰਨ ਲਈ ਕਈ ਬੀਅਰ ਤੇ 'ਸ਼ਕਤੀ-ਵਾਟਰ' ਦਾ ਪ੍ਰਯੋਗ ਕਰ ਰਹੇ ਸਨ। ਲੋਹ 'ਤੇ ਰਾਤ ਦੇ ਬਣੇ ਹੋਏ ਚੋਪੜੇ ਫੁਲਕੇ ਭਾਵੇਂ ਠੰਡੇ ਹੀ ਸਨ ਪਰ ਗਰਮ-ਗਰਮ ਗੋਟ ਮੀਟ ਦੀ ਲਜ਼ੀਜ਼ ਤਰੀ ਦੇ ਨਾਲ ਉਹ ਵੀ ਬਿਲਕੁਲ ਠੀਕ ਲੱਗ ਰਹੇ ਸਨ। ਕਲੱਬ ਦੇ ਕੁਝ ਕੁ ਵੈਸ਼ਨੋ ਮੈਂਬਰਾਂ ਲਈ ਪ੍ਰਬੰਧਕਾਂ ਵੱਲੋਂ ਪਨੀਰ ਦੀ ਸਬਜ਼ੀ ਦਾ ਅਗਾਊਂ ਪ੍ਰਬੰਧ ਕੀਤਾ ਗਿਆ ਸੀ। ਸੋ ਉਨ੍ਹਾਂ ਨੂੰ ਵੀ ਖਾਣ-ਪੀਣ ਵਿਚ ਕਿਸੇ ਦਿੱਕਤ ਦਾ ਸਾਹਮਣਾ ਨਾ ਕਰਨਾ ਪਿਆ। ਖਾ ਪੀ ਕੇ ਵਿਹਲੇ ਹੋ ਕੇ ਸ਼ਾਮ ਦੇ ਸਵਾ ਕੁ ਤਿੰਨ ਵਜੇ ਵਾਪਸੀ ਦਾ ਸਫ਼ਰ ਸ਼ੁਰੂ ਹੋਇਆ। ਬੱਸ ਵਿਚ ਆਉਂਦਿਆਂ ਕਲੱਬ ਦੇ ਸੀਨੀਅਰ ਮੈਬਰ ਪਰਮਿੰਦਰ ਗਿੱਲ, ਅਵਤਾਰ ਸਿੱਧੂ ਪਿੰਕੀ ਅਤੇ ਸੰਧੂਰਾ ਸਿੰਘ ਬਰਾੜ ਨੇ ਕਲੱਬ ਦੇ ਸਮੂਹ ਮੈਂਬਰਾਂ, ਸਪੌਂਸਰਾਂ ਅਤੇ ਵਾਲੰਟੀਅਰਾਂ, ਵਿਸ਼ੇਸ਼ ਤੌਰ 'ਤੇ ਜਗਤਾਰ ਗਰੇਵਾਲ ਤੇ ਜਗੀਰ ਸਿੰਘ ਦਾ ਧੰਨਵਾਦ ਕੀਤਾ। ਜੌਰਜਿਨਾ ਮੈਰਾਥਨ ਵਿਚ ਭਾਗ ਲੈਣ ਜਾਣ ਲਈ ਸਕੂਲ ਬੱਸ ਨੂੰ ਸਪਾਂਸਰ ਕਰਨ ਵਾਲੀ ਸੰਸਥਾ ਏਅਰ ਫ਼ਲਾਈਟ ਸਰਵਿਸਿਜ਼ ਦਾ ਵੀ ਧੰਨਵਾਦ ਕੀਤਾ ਗਿਆ। ਰਸਤੇ ਵਿਚ ਇਕ ਥਾਂ 'ਤੇ ਟਿਮ-ਹੌਲਟਿਨ 'ਤੇ ਇਕ ਛੋਟਾ ਜਿਹਾ ਪੜਾਅ ਕਰਕੇ ਸਾਰਿਆਂ ਨੇ ਕਾਫ਼ੀ ਦਾ ਅਨੰਦ ਲਿਆ ਅਤੇ ਸਾਢੇ ਕੁ ਪੰਜ ਵਜੇ ਵਾਪਸ ਬਰੈਂਪਟਨ ਪਹੁੰਚੇ।

# ਪਰਵਾਸੀ ਪੰਜਾਬੀ ਪੈੱਨਸ਼ਨਰਜ਼ ਵੈੱਲਫ਼ੇਅਰ ਐਸੋਸੀਏਸ਼ਨ ਦੀ ਸਲਾਨਾ ਜਨਰਲ ਬਾਡੀ ਮੀਟਿੰਗ ਵਿਚ ਹੋਈ ਤਿੰਨ ਮੁੱਖ ਅਹੁਦੇਦਾਰਾਂ ਦੀ ਚੋਣ

**ਡਾ. ਪਰਮਜੀਤ ਸਿੰਘ ਢਿੱਲੋਂ ਚੇਅਰਮੈਨ, ਇੰਜੀ. ਬਲਦੇਵ ਸਿੰਘ ਪ੍ਰਧਾਨ ਤੇ ਪ੍ਰੋ. ਜਗੀਰ ਸਿੰਘ ਕਾਹਲੋਂ ਜਨਰਲ ਸਕੱਤਰ ਚੁਣੇ ਗਏ**





ਬਰੈਂਪਟਨ, (ਡਾ. ਝੰਡ) -ਪਰਵਾਸੀ ਪੰਜਾਬੀ ਪੈੱਨਸ਼ਨਰਜ਼ ਵੈੱਲਫ਼ੇਅਰ ਐਸੋਸੀਏਸ਼ਨ, ਓਨਟਾਰੀਓ ਦੀ ਸਲਾਨਾ ਜਨਰਲ ਬਾਡੀ ਦੀ ਇਕੱਤਰਤਾ ਲੰਘੇ ਐਤਵਾਰ 11 ਸਤੰਬਰ ਨੂੰ ਬਰੈਂਪਟਨ ਦੇ ਗੋਰਮੀਡੋ ਕਮਿਊਨਿਟੀ ਸੈਂਟਰ ਵਿਚ ਹੋਈ। ਮੀਟਿੰਗ ਦੇ ਆਰੰਭ ਵਿਚ ਜਨਰਲ ਸਕੱਤਰ ਪ੍ਰੋ. ਜਗੀਰ ਸਿੰਘ ਕਾਹਲੋਂ ਵੱਲੋਂ ਐਸੋਸੀਏਸ਼ਨ ਦੀਆਂ ਸਰਗਰਮੀਆਂ ਦੀ ਰਿਪੋਰਟ ਪੇਸ਼ ਕੀਤੀ ਗਈ ਜਿਸ ਵਿਚ ਉਨ੍ਹਾਂ ਦੱਸਿਆ ਕਿ ਐਸੋਸੀਏਸ਼ਨ ਦੀ ਜਨਰਲ ਬਾਡੀ ਦੀ ਪਿਛਲੀ ਮੀਟਿੰਗ 25 ਸਤੰਬਰ 2019 ਨੂੰ ਹੋਈ ਸੀ ਅਤੇ ਕੋਵਿਡ-19 ਦੇ ਸਾਰੇ ਸੰਸਾਰ ਵਿਚ ਫ਼ੈਲੇ ਪ੍ਰਕੋਪ ਦੇ ਕਾਰਨ ਸਾਲ 2020 ਅਤੇ 2021 ਵਿਚ ਜਨਰਲ ਬਾਡੀ ਦੀ ਮੀਟਿੰਗ ਨਾ ਹੋ ਸਕੀ। ਸਾਲ 2021 ਦੀ ਕੈਨੇਡਾ ਫ਼ੈਡਰਲ ਚੋਣ ਸਮੇਂ ਐਸੋਸੀਏਸ਼ਨ ਦੇ ਵਫ਼ਦ ਲਿਬਰਲ ਪਾਰਟੀ, ਪੀ.ਸੀ. ਪਾਰਟੀ ਤੇ ਐੱਨ.ਡੀ.ਪੀ. ਦੇ ਉਮੀਦਵਾਰਾਂ ਨੂੰ ਮਿਲੇ ਅਤੇ ਉਨ੍ਹਾਂ ਨਾਲ ਪੈੱਨਸ਼ਨਰਾਂ ਦੀਆਂ ਮੰਗਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ ਜਿਨ੍ਹਾਂ ਵਿਚ ਸਿਹਤ ਸਬੰਧਿਤ ਦੰਦਾਂ ਅਤੇ ਅੱਖਾਂ ਦੇ ਇਲਾਜ ਦੀ ਕੱਵਰੇਜ ਅਤੇ ਸੀਨੀਅਰਜ਼ ਦੇ ਓ.ਏ.ਐੱਸ.ਅਤੇ ਜੀ.ਆਈ.ਐੱਸ. ਵਿਚ ਵਾਧੇ ਦੀਆਂ ਮੰਗਾਂ ਮੁੱਖ ਤੌਰ 'ਤੇ ਸ਼ਾਮਲ ਸਨ।

ਜੂਨ 2022 ਵਿਚ ਬਰੈਂਪਟਨ ਵਿਚ ਆਮ ਆਦਮੀ ਪਾਰਟੀ ਦੇ ਸਰਗਰਮ ਵਾਲੰਟੀਅਰ ਸੰਦੀਪ ਸਿੰਗਲਾ ਰਾਹੀਂ ਐਸੋਸੀਏਸ਼ਨ ਦਾ ਇਕ ਮੰਗ-ਪੱਤਰ ਭੇਜ ਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਤੱਕ ਪਹੁੰਚ ਕੀਤੀ ਗਈ ਜਿਸ ਵਿਚ ਪੰਜਾਬ ਦੇ ਪੈੱਨਸ਼ਨਰਾਂ ਨੂੰ ਸੋਧੀ ਹੋਈ ਨਵੀਂ ਪੈੱਨਸ਼ਨ ਲਾਗੂ ਕਰਨ ਲਈ 2.59 ਦੇ ਗੁਣਕ ਵਾਲਾ ਸੂਤਰ ਅਪਨਾਉਣ ਡੀ.ਏ. ਦੀਆਂ ਬਕਾਇਆ ਕਿਸ਼ਤਾਂ ਦੇਣ ਲਈ ਬੇਨਤੀ ਕੀਤੀ ਗਈ ਸੀ। ਪਿਛਲੇ ਦਿਨੀਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਜਦੋਂ ਬਰੈਂਪਟਨ ਆਏ ਤਾਂ ਐਸੋਸੀਏਸ਼ਨ ਦੇ ਇਕ ਵਫ਼ਦ ਨੇ ਉਨ੍ਹਾਂ ਦੇ ਨਾਲ ਮੁਲਾਕਾਤ ਕਰਕੇ ਮੁੱਖ ਮੰਤਰੀ ਅਤੇ ਵਿੱਤ ਮੰਤਰੀ ਕੋਲ ਉਠਾਈਆਂ ਗਈਆਂ ਆਪਣੀਆਂ ਮੰਗਾਂ ਬਾਰੇ ਵਿਸਥਾਰ ਪੂਰਵਕ ਚਰਚਾ ਕੀਤੀ ਜਿਸ ਨੂੰ ਉਨ੍ਹਾਂ ਬੜੇ ਧਿਆਨ ਨਾਲ ਸੁਣਿਆਂ ਅਤੇ ਇਹ ਮੁੱਖ ਮੰਤਰੀ ਤੇ ਵਿੱਤ ਮੰਤਰੀ ਨਾਲ ਸਾਂਝੀਆਂ ਕਰਨ ਦਾ ਵਿਸ਼ਵਾਸ ਦਿਵਾਇਆ। ਰਿਪੋਰਟ ਵਿਚ ਇਸ ਗੱਲ ਦਾ ਵੀ ਜ਼ਿਕਰ ਕੀਤਾ ਗਿਆ ਕਿ ਪੰਜਾਬ ਸਰਕਾਰ ਨੇ ਯੂ.ਜੀ.ਸੀ. ਦੀਆਂ ਸ਼੍ਰੇਣੀਆਂ ਦੇ ਨਵੇਂ ਸਕੇਲ ਸੱਤਵੇਂ ਤਨਖ਼ਾਹ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਅਨੁਸਾਰ ਅਕਤੂਬਰ 2022 ਤੋਂ ਲਾਗੂ ਕਰਨ ਦਾ ਬਹੁਤ ਵਧੀਆ ਫ਼ੈਸਲਾ ਕੀਤਾ ਹੈ ਅਤੇ ਇਸ ਦੇ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਗਿਆ। ਇਸ ਦੇ ਨਾਲ ਹੀ ਸਰਕਾਰ ਨੂੰ ਡੀ.ਏ. ਸਬੰਧੀ ਮੰਗ ਮੰਨਣ ਦੀ ਵੀ ਅਪੀਲ ਕੀਤੀ ਗਈ।

ਰਿਪੋਰਟ ਸਬੰਧੀ ਹੋਈ ਬਹਿਸ ਵਿਚ ਸ਼ਿਵ ਸ਼ਰਮਾ, ਪ੍ਰੀਤਮ ਸਿੰਘ ਢੀਂਡਸਾ, ਇੰਦਰਦੀਪ ਸਿੰਘ, ਵੀਰ ਕੌਰ, ਸੁਖਵੰਤ ਕੌਰ, ਬਲਵਿੰਦਰ ਸਿੰਘ ਬਰਾੜ, ਸੁਖਦੇਵ ਸਿੰਘ ਪੰਜਾਬ ਰਾਜ ਬਿਜਲੀ ਬੋਰਡ, ਲਾਲ ਸਿੰਘ ਢਿੱਲੋਂ, ਪਰਮਜੀਤ ਸਿੰਘ ਬੜਿੰਗ, ਮੱਲ ਸਿੰਘ ਬਾਸੀ ਅਤੇ ਪੰਜਾਬ ਰਾਜ ਬਿਜਲੀ ਬੋਰਡ ਦੇ ਸਾਬਕਾ ਚੀਫ਼ ਇੰਜੀਨੀਅਰ ਏ.ਪੀ. ਸਿੰਘ ਨੇ ਭਾਗ ਲਿਆ। ਜਨਰਲ ਸਕੱਤਰ ਦੀ ਰਿਪੋਰਟ ਤੋਂ ਬਾਅਦ ਵਿੱਤ ਸਕੱਤਰ ਮੁਹਿੰਦਰ ਸਿੰਘ ਮੋਹੀ ਵੱਲੋਂ ਵਿੱਤੀ ਰਿਪੋਰਟ ਪੇਸ਼ ਕੀਤੀ ਗਈ। ਦੋਵੇਂ ਰਿਪੋਰਟਾਂ ਜਨਰਲ ਹਾਊਸ ਵੱਲੋਂ ਸਰਬਸੰਮਤੀ ਨਾਲ ਪਾਸ ਕਰ ਦਿੱਤੀਆਂ ਗਈਆਂ।

ਉਪਰੰਤ, ਜਨਰਲ ਸਕੱਤਰ ਦੀ ਬੇਨਤੀ 'ਤੇ ਐਸੋਸੀਏਸ਼ਨ ਦੇ ਪ੍ਰਧਾਨ ਪਰਮਜੀਤ ਸਿੰਘ ਬੜਿੰਗ ਨੇ ਵਰਤਮਾਨ ਕਾਰਜਕਾਰਨੀ ਨੂੰ ਭੰਗ ਕਰਨ ਅਤੇ ਕਾਰਜਕਾਰਨੀ ਦੀ ਨਵੀਂ ਚੋਣ ਕਰਵਾਉਣ ਦਾ ਐਲਾਨ ਕੀਤਾ। ਇਸ ਮੰਤਵ ਲਈ ਐਸੋਸੀਏਸ਼ਨ ਵੱਲੋਂ ਨਿਯੁੱਕਤ ਕੀਤੇ ਗਏ ਰਿਟਰਨਿੰਗ ਅਫ਼ਸਰ ਪ੍ਰਿਤਪਾਲ ਸਿੰਘ ਸਚਦੇਵਾ ਨੇ ਚੋਣ-ਪ੍ਰਕਿਰਿਆ ਆਰੰਭ ਕਰਦਿਆਂ ਹੋਇਆਂ ਐਸੋਸੀਏਸ਼ਨ ਦੇ ਤਿੰਨ ਅਹੁਦਿਆਂ ਚੇਅਰਪਰਸਨ, ਪ੍ਰਧਾਨ ਅਤੇ ਜਨਰਲ ਸਕੱਤਰ ਲਈ ਨਾਮਜ਼ਦਗੀ-ਪੱਤਰ ਭਰਨ ਲਈ ਸੱਦਾ ਦਿੱਤਾ। ਇਸ ਚੋਣ-ਪ੍ਰਕਿਰਿਆ ਦੌਰਾਨ ਇਨ੍ਹਾਂ ਤਿੰਨਾਂ ਅਹੁਦਿਆਂ ਲਈ ਕੇਵਲ ਇਕ-ਇਕ ਨਾਮਜ਼ਦਗੀ ਹੀ ਦਾਖ਼ਲ ਹੋਈ। ਇਸ ਲਈ ਰਿਟਰਨਿੰਗ ਅਫ਼ਸਰ ਵੱਲੋਂ ਤਿੰਨਾਂ ਹੀ ਅਹੁਦਿਆਂ ਲਈ ਚੋਣ ਨਿਰਵਿਰੋਧ ਹੋਣ ਦਾ ਐਲਾਨ ਕਰ ਦਿੱਤਾ ਗਿਆ ਜਿਸ ਅਨੁਸਾਰ ਡਾ. ਪਰਮਜੀਤ ਸਿੰਘ ਢਿੱਲੋਂ ਨੂੰ ਚੇਅਰਮੈਨ, ਇੰਜੀ. ਬਲਦੇਵ ਸਿੰਘ ਬਰਾੜ ਨੂੰ ਪ੍ਰਧਾਨ ਅਤੇ ਪ੍ਰੋ. ਜਗੀਰ ਸਿੰਘ ਕਾਹਲੋਂ ਨੂੰ ਜਨਰਲ ਸਕੱਤਰ ਚੁਣ ਲਿਆ ਗਿਆ। ਨਵੇਂ ਚੁਣੇ ਗਏ ਅਹੁਦੇਦਾਰਾਂ ਵੱਲੋਂ ਪ੍ਰਧਾਨ ਇੰਜੀ. ਬਲਦੇਵ ਸਿੰਘ ਬਰਾੜ ਨੇ ਸੱਭਨਾਂ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੇ ਨਵੀਂ ਟੀਮ ਵੱਲੋਂ ਪੂਰੀ ਤਨਦੇਹੀ ਨਾਲ ਨਾਲ ਕੰਮ ਕਰਨ ਦਾ ਅਹਿਦ ਕੀਤਾ। ਨਵੀਂ ਟੀਮ ਦੇ ਇਨ੍ਹਾਂ ਅਹੁਦੇਦਾਰਾਂ ਨੂੰ ਉਨ੍ਹਾਂ ਦੇ ਨਾਂਵਾਂ ਨਾਲ ਦਿੱਤੇ ਗਏ ਸੈੱਲ ਫ਼ੋਨਾਂ 'ਤੇ ਸੰਪਰਕ ਕੀਤਾ ਜਾ ਸਕਦਾ ਹੈ, ਡਾ. ਪਰਮਜੀਤ ਸਿੰਘ ਢਿੱਲੋਂ (416-527-1040), ਇੰਜੀ. ਬਲਦੇਵ ਸਿੰਘ ਬਰਾੜ (437-982-5202), ਪ੍ਰੋ. ਜਗੀਰ ਸਿੰਘ ਕਾਹਲੋਂ (647-533-8297)।

ਜ਼ਿਕਰਯੋਗ ਹੈ ਕਿ ਐਸੋਸੀਏਸ਼ਨ ਦੇ ਸੰਵਿਧਾਨ ਅਨੁਸਾਰ ਹੁਣ ਇਹ ਤਿੰਨੇ ਅਹੁਦੇਦਾਰ ਆਪਸੀ ਸਲਾਹ-ਮਸ਼ਵਰੇ ਤੋਂ ਬਾਅਦ ਬਾਕੀ ਰਹਿੰਦੇ ਅਹੁਦੇਦਾਰਾਂ ਤੇ ਡਾਇਰੈੱਕਟਰਾਂ ਦੀ ਨਾਮਜ਼ਦਗੀ ਕਰਨਗੇ। ਇਸ ਸਬੰਧੀ ਮੀਟਿੰਗ ਵਿਚ ਹਾਜ਼ਰ ਮੈਂਬਰਾਂ ਤੋਂ ਪੇਸ਼ਕਸ਼ ਦੀ ਬੇਨਤੀ ਵੀ ਕੀਤੀ ਗਈ। ਬੇਸ਼ਕ, ਪਰਵਾਸੀ ਪੰਜਾਬੀ ਪੈੱਨਸ਼ਨਰਾਂ ਦੀ ਇਹ ਐਸੋਸੀਏਸ਼ਨ ਕੋਈ ਸਿਆਸੀ ਜੱਥੇਬੰਦੀ ਨਹੀਂ ਹੈ ਪਰ ਫਿਰ ਵੀ ਅੱਜਕੱਲ੍ਹ ਮਿਉਂਨਿਸਿਪੈਲਿਟੀ ਚੋਣਾਂ ਦੇ ਚੱਲ ਰਹੇ ਮੌਸਮ ਕਰਕੇ ਬਰੈਂਪਟਨ ਦੇ ਮੇਅਰ ਦੀ ਚੋਣ ਲੜ ਰਹੀ ਉਮੀਦਵਾਰ ਨਿੱਕੀ ਕੌਰ ਨੇ ਇਸ ਮੀਟਿੰਗ ਵਿਚ ਹਾਜ਼ਰੀ ਭਰਦਿਆਂ ਹੋਇਆਂ ਆਪਣੇ ਲਈ ਵੋਟਾਂ ਪਾਉਣ ਦੀ ਵੀ ਅਪੀਲ ਕੀਤੀ। ਇਸ ਅਪੀਲ ਦਾ ਵੋਟਰਾਂ ਉੱਪਰ ਕਿੰਨਾ ਕੁ ਅਸਰ ਹੁੰਦਾ ਹੈ, ਇਸ ਦਾ ਪਤਾ ਤਾਂ 24 ਅਕਤੂਬਰ ਦੀ ਰਾਤ ਨੂੰ ਹੀ ਲੱਗੇਗਾ।

# ਬੱਚਿਆਂ ਅਤੇ ਮਾਪਿਆਂ ਦੀਆਂ ਮੁਸ਼ਕਿਲਾਂ ਨੂੰ ਸਮਝਣਾ ਜਰੂਰੀ: ਸਤਪਾਲ ਸਿੰਘ ਜੌਹਲ

*** ਬਰੈਂਪਟਨ ਦੇ ਵਾਰਡ 9-10 'ਚ ਸਕੂਲ ਟਰੱਸਟੀ ਉਮੀਦਵਾਰ ਵਜੋਂ ਜੌਹਲ ਨੂੰ ਭਰਵਾਂ ਹੁੰਗਾਰਾ**



ਬਰੈਂਪਟਨ ਦੇ ਵਾਰਡ 9-10 ਤੋਂ ਸਕੂਲ ਟਰੱਸਟੀ ਉਮੀਦਵਾਰ ਸਤਪਾਲ ਸਿੰਘ ਜੌਹਲ ਨਾਲ਼ ਫੋਟੋ 'ਚ ਇਲਾਕੇ ਦੇ ਵਾਸੀ।

ਬਰੈਂਪਟਨ, 13 ਸਤੰਬਰ, (ਹਰਜੀਤ ਸਿੰਘ ਬਾਜਵਾ)- ਬਰੈਂਪਟਨ ਦੇ ਵਾਰਡ 9-10 ਵਿੱਚ ਪੀਲ ਪਬਲਿਕ ਸਕੂਲ ਟਰੱਸਟੀ ਉਮੀਦਵਾਰ ਵਜੋਂ ਸਤਪਾਲ ਸਿੰਘ ਜੌਹਲ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਦੋਵਾਂ ਵਾਰਡਾਂ ਵਿੱਚ ਲੋਕਾਂ ਨਾਲ਼ ਘਰੋ ਘਰੀ ਪਹੁੰਚ ਕਰਦੇ ਸਮੇਂ ਬੀਤੇ ਦਿਨ ਸ. ਜੌਹਲ ਨੇ ਦੱਸਿਆ ਕਿ ਵਿਦਿਅਕ ਢਾਂਚੇ ਅਤੇ ਸਕੂਲਾਂ ਨਾਲ਼ ਬੱਚਿਆਂ ਅਤੇ ਮਾਪਿਆਂ ਦੀਆਂ ਸਮੱਸਿਆਵਾਂ ਨੂੰ ਸੁਣਨਾ, ਸਮਝਣਾ ਅਤੇ ਉਨ੍ਹਾਂ ਦੇ ਹੱਲ ਲਈ ਨਿੱਠ ਕੇ ਕੰਮ ਕਰਨਾ ਜਰੂਰੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਲੋਕਾਂ ਨੂੰ ਇਕ ਸਮਰੱਥ ਅਤੇ ਮੰਝੇ ਹੋਏ ਸਕੂਲ ਟਰੱਸਟੀ ਦੀ ਜਰੂਰਤ ਹੈ। ਬਰੈਂਪਟਨ ਸਮੇਤ ਉਂਟਾਰੀਓ ਵਿੱਚ ਮਿਊਂਸਪਲ ਇਲੈਕਸ਼ਨ 24 ਅਕਤੂਬਰ ਨੂੰ ਹੈ ਪਰ ਇਸ ਤੋਂ ਪਹਿਲਾਂ 7, 8, 9, 14 ਅਤ 15 ਅਕਤੂਬਰ ਨੂੰ ਐਡਵਾਂਸ ਵਿੱਚ ਵੋਟਾਂ ਪੈਣਗੀਆਂ। ਵਾਰਡ 9 ਦੇ ਵੋਟਰ ਸੇਵਮੈਕਸ (ਸੌਕਰ ਸੈਂਟਰ), ਜੋ ਡਿਕਸੀ ਰੋਡ ਸੰਦਲਵੁੱਡ ਪਾਰਕਵੇ ਦੀ ਨੁੱਕਰ ਉਪਰ ਸਥਿਤ ਹੈ, ਵਿੱਚ ਵੋਟ ਪਾਉਣ ਜਾ ਸਕਣਗੇ। ਵਾਰਡ 10 ਦੇ ਵੋਟਰਾਂ ਲਈ ਗੋਰ ਰੋਡ ਉਪਰ ਗੋਰਮੀਡੋ ਕਮਿਊਨਿਟੀ ਸੈਂਟਰ ਪੋਲਿੰਗ ਸਟੇਸ਼ਨ ਹੋਵੇਗਾ। ਉਮੀਦਵਾਰ ਸਤਪਾਲ ਸਿੰਘ ਜੌਹਲ ਨੇ ਕਿਹਾ ਕਿ ਇਲੈਕਸ਼ਨ ਦਾ ਦਿਨ 24 ਅਕਤੂਬਰ, ਦਿਵਾਲੀ ਅਤੇ ਬੰਦੀ ਛੋੜ ਹੈ ਜਿਸ ਕਰਕੇ ਸਾਰੇ ਵੋਟਰਾਂ ਨੂੰ ਅਗਾਊਂ ਵੋਟਾਂ ਪਾਉਣ ਦੀ ਅਪੀਲ ਕੀਤੀ ਜਾ ਰਹੀ ਹੈ। ਇਕ ਸਵਾਲ ਦਾ ਜਵਾਬ ਦਿੰਦਿਆਂ ਉਨ੍ਹਾਂ ਨੇ ਇਹ ਵੀ ਦੱਸਿਆ ਕਿ ਵਾਰਡ 10 ਵਿੱਚ ਕੁੱਲ 41663 ਅਤੇ ਵਾਰਡ 9 ਵਿੱਚ 35723 ਵੋਟਰ ਹਨ ਜਿਨ੍ਹਾਂ ਵਿੱਚ ਪਬਲਿਕ ਸਕੂਲ ਬੋਰਡ ਟੱਰਸਟੀ ਵਾਸਤੇ ਦੋਵਾਂ ਵਾਰਡਾਂ ਵਿੱਚ ਕੁੱਲ 65754 ਵੋਟਰ ਹਨ। ਕਮਿਊਨਿਟੀ ਵਿੱਚੋਂ ਹਰਦੀਪ ਸਿੰਘ ਸ਼ੋਕਰ, ਬਲਦੇਵ ਸਿੰਘ ਮੰਘੇੜਾ, ਸਤਪਾਲ ਸਿੰਘ ਮੱਲ੍ਹੀ, ਅਵਤਾਰ ਸਿੰਘ ਅਤੇ ਹੋਰਨਾਂ ਨੇ ਚੋਣ ਪ੍ਰਚਾਰ ਦੌਰਾਨ ਸਤਪਾਲ ਸਿੰਘ ਜੌਹਲ ਨਾਲ਼ ਗਰੁੱਪ ਫੋਟੋ ਖਿਚਵਾਉਣ ਤੋਂ ਬਾਅਦ ਆਖਿਆ ਕਿ ਸ. ਜੌਹਲ ਸਿਰੜ ਨਾਲ਼ ਸਖਤ ਮਿਹਨਤ ਕਰਨ ਵਾਲਾ ਇਨਸਾਨ ਹੈ ਅਤੇ ਸਕੂਲ ਟੱਰਸਟੀ ਵਾਸਤੇ ਉਹ ਬਿਲਕੁੱਲ ਸਹੀ ਉਮੀਦਵਾਰ ਹੈ। ਸ. ਜੌਹਲ ਨੇ ਕਿਹਾ ਕਿ ਚੋਣ ਪ੍ਰਚਾਰ ਦੌਰਾਨ ਲੋਕਾਂ ਤੋਂ ਉਨ੍ਹਾਂ ਦੀਆਂ ਮੁਸ਼ਕਿਲਾਂ ਨੋਟ ਕਰਨਾ ਜਾਰੀ ਰੱਖਿਆ ਜਾ ਰਿਹਾ ਹੈ।

# ਚਰਚਾ ਵਿੱਚ ਹਨ ਸਿਆਸਤਦਾਨ ਪੰਜਾਬ ਦੇ



ਗੁਰਮੀਤ ਸਿੰਘ ਪਲਾਹੀ
9815802070

ਇਹਨਾ ਦਿਨਾਂ 'ਚ ਪੰਜਾਬ ਦੇ ਸਿਆਸਤਦਾਨ ਚਰਚਾ ਵਿੱਚ ਹਨ। ਇਸ ਕਰਕੇ ਨਹੀਂ ਕਿ ਉਹਨਾ ਨੇ ਪੰਜਾਬ ਲਈ ਕੋਈ ਵੱਡੀ ਪ੍ਰਾਪਤੀ ਕੀਤੀ ਹੈ ਜਾਂ ਪੰਜਾਬ ਦੇ ਹੱਕਾਂ ਦੀ ਰਾਖੀ ਲਈ ਕੋਈ ਵੱਡੀ ਮੱਲ ਮਾਰੀ ਹੈ ਜਾਂ ਪੰਜਾਬ ਸੂਬੇ ਨੂੰ ਖੁਦਮੁਖਤਿਆਰ ਸੂਬਾ ਬਨਾਉਣ ਲਈ ਅਵਾਜ਼ ਚੁੱਕੀ ਹੈ। ਸਗੋਂ ਚਰਚਾ ਇਸ ਗੱਲ ਦੀ ਹੈ ਕਿ ਪੰਜਾਬ ਦੀ ਕਿਸੇ ਵੀ ਸਿਆਸੀ ਪਾਰਟੀ ਦੇ ਵੱਡੀ ਗਿਣਤੀ ਨੇਤਾ ਵੱਡੀ ਖੋਰੀ, ਭਾਰੀ-ਭਰਕਮ ਜਾਇਦਾਦਾਂ ਬਨਾਉਣ ਅਤੇ ਆਪਣੇ ਅਧਿਕਾਰਾਂ ਦੀ ਦੁਰਵਰਤੋਂ ਕਰਕੇ ਵੱਡੀ ਲੁੱਟ ਮਚਾਉਣ ਲਈ ਜਾਣੇ ਜਾਣ ਲੱਗ ਪਏ ਹਨ ।

ਸਿਆਸੀ ਪਾਰਟੀਆਂ ਇੱਕ ਦੂਜੇ 'ਤੇ ਇਲਜ਼ਾਮ ਲਾ ਰਹੀਆਂ ਹਨ ਕਿ ਫਲਾਨੀ ਪਾਰਟੀ ਦਾ ਫਲਾਨਾ ਨੇਤਾ ਚੋਰ ਹੈ, ਡਾਕੂ ਹੈ, ਫਰੇਬੀ ਹੈ, ਧੋਖੇਬਾਜ ਹੈ, ਮਕਾਰ ਹੈ, ਲੋਕਾਂ ਨੂੰ ਲੁੱਟਦਾ ਹੈ। ਪਰ ਆਪਣੀ ਪੀੜ੍ਹੀ ਹੇਠ ਸੋਟਾ ਨਹੀਂ ਫੇਰਦਾ। ਹਮਾਮ ਵਿੱਚ ਤਾਂ ਸਾਰੇ ਨੰਗੇ ਹਨ।

ਸ਼੍ਰੋਮਣੀ ਅਕਾਲੀ ਦਲ (ਬ) ਨੇ ਪੰਜਾਬ 'ਚ ਲੰਮਾ ਸਮਾਂ ਹਕੂਮਤ ਕੀਤੀ। ਕਿਹਾ ਜਾਂਦਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਨੇ ਪੰਜਾਬ ਵਿੱਚ ਵਿਕਾਸ ਦੇ ਕੰਮ ਕੀਤੇ। ਆਪਣੀ ਪਾਰਟੀ ਵਲੋਂ ਕੀਤੇ ਚੋਣ ਵਾਇਦੇ ਪੂਰੇ ਕਰਨ ਦੀ ਗੱਲ ਕੀਤੀ। ਪਰ ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਦੀ ਸਰਕਾਰ ਬਹੁਤੀ ਭੱਲ ਨਾ ਖੱਟ ਸਕੀ, ਸਗੋਂ ਲੋਕਾਂ ਦੇ ਮਨਾਂ ਵਿਚੋਂ ਲੱਥ ਗਈ। ਕਾਰਨ ਬਹੁਤਾ ਕਰਕੇ ਇਹ ਸੀ ਕਿ ਬਾਵਜੂਦ ਕੇਂਦਰ ਵਿੱਚ ਆਪਣੇ ਭਾਈਵਾਲਾਂ ਦੀ ਸਰਕਾਰ ਹੋਣ ਦੇ, ਨਾ ਕੋਈ ਵੱਡਾ ਪ੍ਰਾਜੈਕਟ ਪੰਜਾਬ ਲਿਆਂਦਾ, ਨਾ ਪੰਜਾਬ ਲਈ ਕੋਈ ਪੈਕੇਜ ਲੈ ਸਕੇ, ਜੇ ਕੁਝ ਉਹਨਾ ਤੋਂ ਪ੍ਰਾਪਤ ਕੀਤਾ ਤਾਂ ਉਹ ਸੀ ਬਾਦਲ ਪਰਿਵਾਰ ਵਿਚੋਂ ਹਰਸਿਮਰਤ ਕੌਰ ਬਾਦਲ ਲਈ ਕੈਬਨਿਟ ਵਜ਼ੀਰੀ, ਜਿਸਨੇ ਦੇਸ਼ ਦਾ ਤਾਂ ਕੀ ਕੁਝ ਸੁਆਰਨਾ ਸੀ, ਪੰਜਾਬ ਦੇ ਪੱਲੇ ਵੀ ਕੁਝ ਨਾ ਪਿਆ। ਪੰਜਾਬ 'ਚ ਫੈਲੇ ਮਾਫੀਆ ਰਾਜ ਨੇ ਇਸ ਸਰਕਾਰ ਦੀ ਬਦਨਾਮੀ ਕਰਵਾਈ, ਨਾਲ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਵਾਪਰੀਆਂ, ਜਿਸਨੂੰ ਸਰਕਾਰ ਹੱਲ ਨਾ ਕਰ ਸਕੀ। ਇਸ ਗੱਠ ਜੋੜ ਦੇ ਮੰਤਰੀਆਂ ਉਤੇ ਆਪਣੀ ਜਾਇਦਾਦ ਆਮਦਨ ਤੋਂ ਵੱਧ ਬਨਾਉਣ ਦੇ ਇਲਜ਼ਾਮ ਲੱਗੇ। ਪਰਿਵਾਰਵਾਦ ਦੀ ਸਿਆਸਤ ਅਕਾਲੀ ਦਲ 'ਚ ਭਾਰੂ ਹੋਈ। ਕਈ ਟਕਸਲੀ ਅਕਾਲੀ ਸ਼੍ਰੋਮਣੀ ਅਕਾਲੀ ਦਲ (ਬਾਦਲ) ਛੱਡ ਗਏ। ਸਿੱਟਾ ਇਸ ਸਰਕਾਰ ਨੂੰ ਲੋਕਾਂ ਨੇ ਪਹਿਲਾਂ ਕਾਂਗਰਸ ਨੂੰ ਰਾਜ ਭਾਗ ਦੇਕੇ ਸਬਕ ਸਿਖਾਇਆ, ਪਰ ਪਾਰਲੀਮੈਂਟ ਦੀਆਂ ਚੋਣਾਂ 'ਚ ਇਸ ਤੋਂ ਵੀ ਵੱਡੀ ਹਾਰ ਦਿੱਤੀ ਅਤੇ ਅੰਤ ਪੰਜਾਬ ਵਿਧਾਨ ਸਭਾ 'ਚ, ਉਸੇ ਅਕਾਲੀ ਦਲ ਨੂੰ ਗਿਣਤੀ ਦੇ ਵਿਧਾਇਕਾਂ 'ਤੇ ਸਬਰ ਕਰਨਾ ਪਿਆ ਜਿਹੜੀ ਪੰਜਾਬ 'ਚ ਖੇਤਰੀ ਪਾਰਟੀ ਵਜੋਂ ਮਸ਼ਹੂਰ ਹੋਈ ਅਤੇ ਜਿਸ ਨੇ ਦੇਸ਼ ਅੰਦਰ ਤਤਕਾਲੀਨ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵਲੋਂ ਲਗਾਈ ਐਮਰਜੈਂਸੀ ਦਾ ਡਟਵਾਂ ਵਿਰੋਧ ਕੀਤਾ ਸੀ। ਉਹ ਵਿਧਾਇਕ, ਉਹ ਨੇਤਾ, ਜਿਹੜੇ ਲੋਕਾਂ ਦੇ ਕੰਮ ਨਾ ਆਏ, ਕੁਰਬਾਨੀਆਂ ਵਾਲੀ ਪਾਰਟੀ ਜਿਹੜੀ ਵੱਡੇ ਸਰਮਾਏਦਾਰਾਂ, ਜਾਇਦਾਦਾਂ ਵੇਚਣ ਵੱਟਣ ਵਾਲਿਆਂ ਦੀ ਪਾਰਟੀ ਬਣ ਗਈ, ਉਸ ਪਾਰਟੀ ਨੂੰ ਲੋਕਾਂ ਨੇ ਸਬਕ ਸਿਖਾ ਦਿੱਤਾ। ਸਬਕ ਇਸ ਕਰਕੇ ਵੀ ਸਿਖਾਇਆ ਕਿ ਨੇਤਾ, ਲੋਕ ਸੇਵਕ ਨਾ ਰਹੇ, ਹਾਕਮ ਬਣ ਗਏ, ਮਨ ਆਈਆਂ ਕਰਨ 'ਤੇ ਤੁਲ ਪਏ।



ਅਕਾਲੀ-ਭਾਜਪਾ ਗੱਠਜੋੜ ਵਾਲੇ ਪੰਜਾਬ ਸਿਰ ਕਰਜ਼ੇ ਦੀ ਪੰਡ ਭਾਰੀ ਕਰ ਗਏ ਅਤੇ ਪੰਜਾਬ ਨੂੰ ਅਫ਼ਸਰਸ਼ਾਹੀ ਦੇ ਹੱਥ ਫੜਾ ਗਏ ਜਿਹਨਾ ਵਿੱਚ ਕੁਝ ਨੇ ਪੰਜਾਬ ਨੂੰ ਚੰਗਾ ਲੁੱਟਿਆ, ਕੁੱਟਿਆ, ਵੱਡੀ ਜਾਇਦਾਦਾਂ 'ਤੇ ਗੈਰਕਾਨੂੰਨੀ, ਕਾਨੂੰਨੀ ਕਬਜ਼ੇ ਕੀਤੇ। ਲੁੱਟ ਦੇ ਇਸ ਦੌਰ 'ਚ ਕਈ ਅਫ਼ਸਰਾਂ, ਕਈ ਕਾਂਗਰਸੀਆਂ ਚੰਗੇ ਹੱਥ ਰੰਗੇ ਅਤੇ ਭ੍ਰਿਸ਼ਟਾਚਾਰ ਦਾ ਇੰਨਾ ਬੋਲਬਾਲਾ ਹੋ ਗਿਆ ਕਿ ਪੈਸੇ ਬਿਨ੍ਹਾਂ ਕੰਮ ਹੀ ਕੋਈ ਨਹੀਂ ਸੀ ਹੁੰਦਾ ਤੇ ਇਨਸਾਫ਼ ਮਿਲਣ ਦੀ ਗੱਲ ਤਾਂ ਦੂਰ ਸੀ। ਨੇਤਾਵਾਂ, ਆਪਣੇ ਵਿਰੋਧੀ ਉਤੇ ਨਜਾਇਜ਼ ਕੇਸ ਕਰਵਾਏ ਅਤੇ ਹੈਂਕੜ ਨਾਲ ਪੰਜਾਬ 'ਤੇ ਰਾਜ ਕਰਕੇ ਚਲਦੇ ਬਣੇ।

ਪਿਛਲੀ ਚੋਣ 'ਚ ਕਾਂਗਰਸ ਸੀਟਾਂ ਜਿੱਤਕੇ ਅਮਰਿੰਦਰ ਸਿੰਘ ਦੀ ਅਗਵਾਈ 'ਚ ਹਾਕਮ ਧਿਰ ਬਣ ਬੈਠੀ। ਸਰਕਾਰ ਨੇ ਪਾਣੀਆਂ ਦੇ ਮਸਲੇ 'ਤੇ ਸਟੈਂਡ ਲਿਆ, ਅਕਾਲੀ ਨੇਤਾਵਾਂ ਖਿਲਾਫ਼ ਭ੍ਰਿਸ਼ਟਾਚਾਰ ਦੇ ਦੋਸ਼ ਵੀ ਲਗਾਏ ਪਰ ਅਮਰਿੰਦਰ ਸਿੰਘ ਨੇ ਪੰਜਾਬ ਦੇ ਲੋਕਾਂ ਜਾਂ ਪੰਜਾਬੀਆਂ ਦੇ ਹਿੱਤਾਂ ਦੀ ਕੋਈ ਗੱਲ ਨਾ ਕੀਤੀ।

ਇੱਕ ਪੁਰਖਾ ਰਾਜ ਕਾਇਮ ਕਰਨ ਦਾ ਯਤਨ ਕੀਤਾ, ਆਪਣੇ ਸਿਆਸੀ ਵਿਰੋਧੀਆਂ ਭਾਵੇਂ ਉਹ ਉਸ ਦੀ ਆਪਣੀ ਪਾਰਟੀ ਦੇ ਸਨ ਜਾਂ ਵਿਰੋਧੀ ਪਾਰਟੀ ਦੇ ਨੂੰ ਨੁਕਰੇ ਲਾਈ ਰੱਖਿਆ। ਰਾਜ ਪ੍ਰਬੰਧ ਦੀ ਜੁੰਮੇਵਾਰੀ ਅਫ਼ਸਰਸ਼ਾਹੀ ਬਾਬੂਸ਼ਾਹੀ ਨੂੰ ਸੌਂਪਕੇ ਆਪ ਸੁੱਖ ਦੀ ਨੀਂਦ ਸੌਂਦਾ ਰਿਹਾ। ਉਪਰਲੇ ਹਾਕਮਾਂ ਨਾਲ ਜੋੜ-ਤੋੜ ਕਰਕੇ ਪੰਜਾਬ ਦੇ ਲੋਕਾਂ ਉਤੇ ਸਥਿਰਤਾ ਨਾਲ ਰਾਜ ਕਰਨ ਦਾ ਵਿਖਾਵਾ ਤਾਂ ਉਸ ਵਲੋਂ ਕੀਤਾ ਗਿਆ, ਪਰ ਉਸਦੇ ਮੰਤਰੀਆਂ, ਸੰਤਰੀਆਂ ਨੇ ਲੋਕਾਂ ਦੇ ਚੰਗੇ ਆਹੂ ਲਾਹੇ। ਜਿਸ ਅਕਾਲੀ-ਭਾਜਪਾ ਸਰਕਾਰ ਨੂੰ ਜਿਹਨਾਂ ਮਾਮਲਿਆਂ 'ਤੇ ਗੱਦੀਓ ਲੋਕਾਂ ਨੇ ਲਾਹਿਆ, ਕੁਰੱਪਸ਼ਨ ਕਰਨ, ਨਸ਼ਾ ਤਸਕਰਾਂ ਨੂੰ ਹੱਥ ਪਾਉਣ , ਗੁਰੂ ਦੀ ਬੇਅਦਬੀ ਲਈ ਇਨਸਾਫ਼ ਨਾ ਕਰਨ, ਉਹਨਾ ਲੀਹਾਂ ਉਤੇ ਕਾਂਗਰਸ ਦੀ ਇਹ ਸਰਕਾਰ ਚੱਲੀ। ਅੰਨ੍ਹੇ ਵਾਹ ਖਜ਼ਾਨੇ ਦੀ ਲੁੱਟ ਹੋਈ। ਚਿੱਟੇ ਤੋਲੀਏ, ਚਿੱਟੀ ਕਾਰ, ਚਿੱਟੀ ਕੋਠੀ, ਚਿੱਟਾ ਸਾਬਣ ਅਤੇ ਚਿੱਟੇ ਕੁੜਤੇ 'ਚ ਇਸ ਸਰਕਾਰ ਨੇ ਚੰਗੀ ਕਾਲਖ ਖੱਟੀ, ਕਈ ਨੇਤਾਵਾਂ ਉਤੇ ਵੱਡੇ ਇਲਜ਼ਾਮ ਲੱਗੇ, ਜਿਸਦੀ ਜਾਣਕਾਰੀ ਅਮਰਿੰਦਰ ਸਿੰਘ ਨੂੰ ਸੀ, ਜਿਸ ਕੋਲ ਮੰਤਰੀਆਂ ਦੇ ਕੱਚੇ ਚਿੱਠੇ ਸਨ,ਜਿਹੜੇ ਗੱਦੀਓਂ ਲਾਹੇ ਜਾਣ ਮਗਰੋਂ ਭਾਜਪਾ ਉੱਚ ਨੇਤਾਵਾਂ ਤੇ ਕੇਂਦਰੀ ਹਾਕਮਾਂ ਦੇ ਸਪੁਰਦ ਕੀਤੇ, ਜਿਹਨਾ ਇਨ੍ਹਾ ਦੀ ਵਰਤੋਂ ਕਰਕੇ, ਉਹ ਦਾਗੀ ਮੰਤਰੀਆਂ, ਨੇਤਾਵਾਂ ਨੂੰ ਆਪਣੇ ਪਾਲੇ ਵਿੱਚ ਕਰ ਲਿਆ ਜਾਂ ਕਰਨ ਦੀ ਕੋਸ਼ਿਸ਼ ਕੀਤੀ।

ਕਾਂਗਰਸ ਹਾਈ ਕਮਾਂਡ ਵਲੋਂ ਅਮਰਿੰਦਰ ਸਿੰਘ ਨੂੰ ਸਰਕਾਰੋਂ ਅੱਡ ਕੀਤੇ ਜਾਣ ਬਾਅਦ ਪੰਜਾਬ ਦੀ ਹਕੂਮਤ ਦੀ ਵਾਂਗਡੋਰ ਚਰਨਜੀਤ ਚੰਨੀ ਹੱਥ ਆਈ, ਜਿਸਨੇ ਅੰਨ੍ਹੇਵਾਹ ਲੋਕਾਂ ਨੂੰ ਸਹੂਲਤਾਂ ਦੇਣ ਦੇ ਨਾਮ ਉਤੇ ਪੰਜਾਬ ਸਿਰ ਹੋਰ ਕਰਜ਼ਾ ਚੜ੍ਹਾਇਆ ਤੇ ਪੰਜਾਬ ਦੇ ਲੋਕਾਂ ਨੂੰ ਕੰਗਾਲ ਕਰਨ 'ਚ ਕੋਈ ਕਸਰ ਨਾ ਛੱਡੀ। ਇੰਜ ਕਾਂਗਰਸ ਸਰਕਾਰ ਆਪਣੀ ਇਸ ਪਾਰੀ 'ਚ ਜਿਹੜੇ ਦੋ ਮੁੱਖ ਮੰਤਰੀ ਦਿੱਤੇ, ਕੋਈ ਚੰਗੀ ਕਾਰਗੁਜ਼ਾਰੀ ਨਾ ਕੀਤੀ। ਖਜ਼ਾਨੇ ਦੀ ਲੁੱਟ ਨੇ, ਲੋਕਾਂ ਵਿੱਚ ਕਾਂਗਰਸੀ ਨੇਤਾਵਾਂ ਦੀ ਦਿੱਖ ਇੱਕ ਸਵਾਰਥੀ, ਭ੍ਰਿਸ਼ਟ, ਆਪਹੁਦਰੇ ਨੇਤਾਵਾਂ ਦੀ ਕਰ ਦਿੱਤੀ। ਪੰਜਾਬ ਇਸ ਸਮੇਂ ਦੌਰਾਨ ਬੁਰੀ ਤਰ੍ਹਾਂ ਕਰਾਹਿਆ। ਬੇਰੁਜ਼ਗਾਰੀ ਦੀ ਮਾਰ ਹੇਠ ਆਇਆ, ਭਾਵੇਂ ਕਿ ਕੈਪਟਨ ਦੀ ਸਰਕਾਰ ਨੇ ਆਪਣੇ ਵਲੋਂ ਕੀਤੇ ਚੋਣ ਵਾਇਦੇ 90 ਫ਼ੀਸਦੀ ਪੂਰੇ ਕਰਨ ਲਈ ਅੰਕੜੇ ਪੇਸ਼ ਕੀਤੇ, ਕਿਸਾਨਾਂ ਦੇ ਕਰਜ਼ੇ ਮੁਆਫ਼ ਕਰਨ ਦੀ ਗੱਲ ਕੀਤੀ, ਪਰ ਇਹ ਅੰਕੜੇ, ਅੰਕੜੇ ਹੀ ਰਹੇ ਤੇ ਲੋਕਾਂ ਨੂੰ ਕੁਝ ਸੁੱਖ ਨਾ ਦੇ ਸਕੇ। ਨਾ ਬੇਰੁਜ਼ਗਾਰੀ ਤੋਂ ਰਾਹਤ ਦੇ ਸਕੇ, ਨਾ ਪੰਜਾਬ 'ਚ ਕੋਈ ਵੱਡੀ ਇੰਡਸਟਰੀ ਲਾ ਸਕੇ।

ਰਵਾਇਤੀ ਸਿਆਸੀ ਪਾਰਟੀਆਂ ਦੀ ਕਾਰਗੁਜ਼ਾਰੀ ਤੋਂ ਪ੍ਰੇਸ਼ਾਨ ਲੋਕਾਂ ਨੇ ਵੱਡੇ ਪੱਧਰ 'ਤੇ ਆਮ ਆਦਮੀ ਪਾਰਟੀ ਨੂੰ ਆਪਣੀ ਹਾਕਮ ਧਿਰ ਬਣਾ ਲਿਆ। ਹਾਲੇ ਗੋਹੜੇ ਵਿਚੋਂ ਪੂਣੀ ਵੀ ਨਹੀਂ ਸੀ ਕੱਤੀ ਗਈ। ਇਸ ਪਾਰਟੀ ਦੇ ਨੇਤਾਵਾਂ ਵਲੋਂ ਕਿ ਮੁੱਢ 'ਚ ਹੀ ਇਸਦੇ ਕਈ ਮੰਤਰੀਆਂ ਉਤੇ ਕਮਿਸ਼ਨ ਅਤੇ ਆਪਣਾ ਹਿੱਸਾ ਮੰਗਣ, ਸਰਕਾਰੀ ਦਫ਼ਤਰਾਂ 'ਚ ਮੁਲਾਜ਼ਮਾਂ ਨੂੰ ਡਰਾਉਣ ਤੇ ਉਹਨਾ ਨਾਲ ਗਲਤ ਸ਼ਬਦਾਂ ਦੀ ਵਰਤੋਂ ਦੇ ਇਲਜ਼ਾਮ ਲੱਗੇ। ਇਥੋਂ ਤੱਕ ਕਿ ਮੁੱਖ ਮੰਤਰੀ ਨੂੰ ਆਪਣੇ ਇੱਕ ਮੰਤਰੀ ਨੂੰ ਬਰਖ਼ਾਸਤ ਤੱਕ ਕਰਨਾ ਪਿਆ। ਮੌਕੇ ਦੀ ਇਸ ਸਰਕਾਰ ਨੇ ਕਾਂਗਰਸ ਮੰਤਰੀਆਂ ਉਤੇ ਕੁਰਪਸ਼ਨ ਦੇ ਮੁਕੱਦਮੇ ਵਿਜੀਲੈਂਸ ਜਾਂਚ ਕਰਨ ਉਪਰੰਤ ਦਰਜ਼ ਕੀਤੇ, ਪੰਚਾਇਤਾਂ ਦੀਆਂ ਜ਼ਮੀਨਾਂ ਛੁਡਾਉਣ ਲਈ ਵੱਡੀ ਚਰਚਾ 'ਚ ਆਏ। ਗਰੀਬਾਂ ਦੇ ਬਿਜਲੀ ਬਿੱਲ ਮੁਆਫ਼ ਕਰਨ ਦੀ ਗੱਲ ਕੀਤੀ ਪਰ ਇਸ ਗੱਲ ਤੋਂ ਉੱਕ ਗਏ ਕਿ ਸ਼ਰਾਬ ਨੀਤੀ ਨਾਲ ਖਜ਼ਾਨੇ ਕਿਵੇਂ ਭਰੇ ਜਾਣਗੇ, ਰੇਤ ਮਾਫੀਏ ਨੂੰ ਨੱਥ ਕਿਵੇਂ ਪਾਈ ਜਾਏਗੀ। ਇਸ ਪਾਰਟੀ ਦੇ ਦਮਗਜਿਆਂ ਦੇ ਬਾਵਜੂਦ ਖਜ਼ਾਨੇ ਉਤੇ ਕਰਜ਼ੇ ਦਾ ਭਾਰ ਵਧ ਰਿਹਾ ਹੈ ਤੇ ਲੋਕਾਂ ਨੂੰ ਮਹਿੰਗਾਈ ਨਾਲ ਜੂਝਣ ਲਈ ਵੱਧ ਹੱਥ ਪੈਰ ਮਾਰਨੇ ਪੈ ਰਹੇ ਹਨ।ਅਸਲ ਵਿੱਚ ਲੋਕਾਂ ਨੇ ਜਿਸ ਢੰਗ ਨਾਲ ਇਸ ਪਾਰਟੀ ਤੋਂ ਤਬੱਕੋ ਕੀਤੀ ਸੀ, ਉਸਤੋਂ ਲੋਕ ਕੁਝ ਮਹੀਨਿਆਂ 'ਚ ਹੀ ਨਿਰਾਸ਼ ਹੋ ਗਏ। ਸਿੱਟਾ ਲੋਕ ਸਭਾ ਦੀ ਜ਼ਿਮਣੀ ਚੋਣ ਜਿਹੜੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਅਸਤੀਫ਼ੇ ਤੋਂ ਬਾਅਦ ਖਾਲੀ ਹੋਈ ਸੀ, ਉਹ ਆਮ ਆਦਮੀ ਪਾਰਟੀ ਹਾਰ ਗਈ ਅਤੇ ਹਾਰੀ ਵੀ ਉਸ ਨੇਤਾ ਤੋਂ ਜਿਹੜਾ ਤਿੰਨ ਮਹੀਨੇ ਪਹਿਲਾਂ ਵਿਧਾਨ ਸਭਾ ਦੀ ਸੀਟ ਹਾਰ ਗਿਆ ਸੀ, ਸਿਮਰਨਜੀਤ ਸਿੰਘ ਮਾਨ ਅਕਾਲੀ ਨੇਤਾ, ਸ਼੍ਰੋਮਣੀ ਅਕਲੀ ਦਲ (ਮਾਨ) ਦੇ ਪ੍ਰਧਾਨ ਤੋਂ। ਇਹ ਕੇਹੀ ਵਿਡੰਬਨਾ ਹੈ ਪੰਜਾਬ ਦੀ ਕਿ ਲੋਕਾਂ ਨੂੰ ਪੰਜਾਬ ਦਾ ਕੋਈ ਨੇਤਾ ਹੀ ਨਹੀਂ ਮਿਲ ਰਿਹਾ, ਜੋ ਉਹਨਾ ਦੇ ਮਸਲਿਆਂ ਦਾ ਹੱਲ ਕਰ ਸਕੇ, ਕਿਉਂਕਿ ਕੋਈ ਵੀ ਨੇਤਾ ਹਾਲੀ ਤੱਕ ਪੰਜਾਬੀਆਂ ਦੇ ਮਨਾਂ ਦੀ ਥਾਹ ਪਾਉਣ ਲਈ ਤਤਪਰ ਨਹੀਂ ਦਿਸਦਾ, ਸਗੋਂ ਉਹਨਾ ਦੇ ਜਜ਼ਬਿਆਂ ਨਾਲ ਖੇਡਕੇ ਆਪਣੀ ਕੁਰਸੀ ਪੱਕੀ ਕਰਨ ਦੀ ਰਾਹ 'ਤੇ ਚਲਦਾ ਦਿਸਦਾ ਹੈ।

ਸੂਬਿਆਂ ਲਈ ਵੱਧ ਅਧਿਕਾਰਾਂ ਦੀ ਮੰਗ ਕਰਨ ਵਾਲੀ ਪਾਰਟੀ, ਪੰਜਾਬ ਲਈ ਖੁਦ ਮੁਖਤਾਰੀ ਦੇ ਹੱਕ 'ਚ ਖੜਨ ਵਾਲੀ ਪਾਰਟੀ, ਹਾਕਮ ਧਿਰ ਬਣਕੇ ਕੇਂਦਰ ਸਰਕਾਰ ਨਾਲ ਜਾ ਖੜੀ। ਪੰਜਾਬ ਦੀ ਰਾਜਧਾਨੀ ਚੰਡੀਗੜ੍ਹ, ਪੰਜਾਬੀ ਬੋਲ ਦੇ ਇਲਾਕਿਆਂ, ਰਿਪੇਰੀਅਨ ਕਾਨੂੰਨ ਲਾਗੂ ਕਰਕੇ ਦਰਿਆਵਾਂ ਦੇ ਪਾਣੀ ਉਤੇ ਪੰਜਾਬ ਦੇ ਹੱਕ ਨੂੰ ਭੁਲਾ ਬੈਠੀ। ਕੇਂਦਰ ਦੀਆਂ ਚਾਲਾਂ ਦੀ ਸ਼ਿਕਾਰ ਹੋਕੇ, ਪੰਜਾਬ ਦੇ ਇਹ ਨੇਤਾ ਪੰਜਾਬੀਆਂ ਨੂੰ ਪੰਜਾਬ ਦੇ ਹੱਕਾਂ ਦੀ ਪ੍ਰਾਪਤੀ ਲਈ ਲਾਮਬੰਦ ਤੇ ਸੁਚੇਤ ਕਰਨ ਦੀ ਥਾਂ ਆਪਣੇ ਸਵਾਰਥੀ ਹਿੱਤਾਂ, ਆਪਣੇ ਪਰਿਵਾਰਾਂ ਦੇ ਸੁੱਖਾਂ ਨੂੰ ਤਰਜੀਹ ਦੇਣ ਦੇ ਰਾਹੇ ਪੈ ਗਏ। ਪੰਜਾਬ ਗੁਆਚ ਗਿਆ, ਪੰਜਾਬੀ ਪ੍ਰਵਾਸ ਦੇ ਰਾਹ ਪੈ ਗਏ, ਭ੍ਰਿਸ਼ਟਾਚਾਰ ਨੇ ਪੰਜਾਬ ਖਾ ਲਿਆ, ਕੁਨਬਾਪਰਵਰੀ ਨੇਤਾਵਾਂ ਦੇ ਕਣ-ਕਣ ਪਸਰ ਗਈ।

ਇੰਤਹਾ ਉਦੋਂ ਹੋਈ ਇਹ ਲੋਕ ਵਿਰੋਧੀ ਨੇਤਾ ਜਿਹਨਾ ਉਤੇ ਅਪਰਾਧਿਕ ਮਾਮਲੇ ਦਰਜ਼ ਹਨ, ਉਹ ਵਿਧਾਨ ਸਭਾ ਦੀਆਂ ਮੈਂਬਰੀਆਂ ਲਈ ਅੱਗੇ ਕਰ ਦਿੱਤੇ ਗਏ। ਬਾਹੂਬਲੀ ਨੇਤਾ ਬਣ ਗਏ। ਗੈਂਗਾਂ ਦੀ ਮਦਦ ਕੁਰਸੀ ਪ੍ਰਾਪਤੀ ਲਈ ਹੋਣ ਲੱਗੀ, ਜਿਵੇਂ ਬਿਹਾਰ ਵਿੱਚ ਲੁੱਟ-ਖਸੁੱਟ ਗੁੰਡਾ ਗਰਦੀ ਵੇਖਣ ਨੂੰ ਮਿਲਦੀ ਰਹੀ, ਪੰਜਾਬ ਇਹਨਾ ਨੇਤਾਵਾਂ ਦੀ ਬਦੌਲਤ ਉਸੇ ਰਾਹ ਤੁਰ ਪਿਆ।

ਪੰਜਾਬ ਦੇ ਲੋਕ ਨੇਤਾਵਾਂ ਦੀ ਕਾਰਗੁਜ਼ਾਰੀ ਤੋਂ ਅਸਤੁੰਸ਼ਟ ਦਿਸਦੇ ਹਨ। ਸਮੇਂ ਸਮੇਂ 'ਤੇ ਕਦੇ ਬਲਵੰਤ ਸਿੰਘ ਰਾਮੂੰਵਾਲੀਆਂ ਨੇ ਪੰਜਾਬੀਆਂ ਦੇ ਜਜ਼ਬਾਤ ਨਾਲ ਖੇਡਿਆ, ਲੋਕਾਂ ਖ਼ਾਸ ਕਰਕੇ ਪ੍ਰਵਾਸੀ ਪੰਜਾਬੀਆਂ ਉਸ ਨੂੰ ਵੱਡਾ ਸਾਥ ਦਿੱਤਾ। ਫਿਰ ਮਨਪ੍ਰੀਤ ਸਿੰਘ ਬਾਦਲ ਨੇ ਪਾਰਟੀ ਬਣਾਈ, ਪੰਜਾਬੀ ਵੱਡਾ ਹੁੰਗਾਰਾ ਉਹਨਾ ਲਈ ਭਰਿਆ, ਪਰ ਇਹ ਪਾਰਟੀ ਵੀ ਨਿੱਜੀ ਸਵਾਰਥੀ ਕਾਰਨਾਂ ਕਰਕੇ ਠੁੱਸ ਹੋ ਕੇ ਰਹਿ ਗਈ।

ਅੱਜ ਜਦੋਂ ਪੰਜਾਬ ਨੇਤਾਵਾਂ ਦੀ ਵਿਕਾਊ ਮੰਡੀ ਬਣ ਚੁੱਕਾ ਹੈ, "ਆਇਆ ਰਾਮ, ਗਿਆ ਰਾਮ" ਦਾ ਵਰਤਾਰਾ ਨੇਤਾਵਾਂ ਉਤੇ ਭਾਰੂ ਹੋ ਚੁੱਕਾ ਹੈ, ਸਿਆਸੀ ਪਾਰਟੀਆਂ ਦੇ ਨੇਤਾ ਜਿਵੇਂ ਪਾਲਾ ਬਦਲ ਰਹੇ ਹਨ, ਉਸ ਹਾਲਤ ਵਿੱਚ ਉਹਨਾ ਦੇ ਸਿਆਸੀ ਅਸੂਲ ਕਿਥੇ ਹਨ? ਪਾਰਟੀਆਂ 'ਚ ਨੇਤਾਵਾਂ ਦਾ ਧੜੇਬੰਦੀ ਤੇ ਅਧਾਰਤ ਕਾਟੋ ਕਲੇਸ਼ ਕਿਹੜੇ ਲੋਕ ਹਿੱਤਾਂ ਦੀ ਬਾਤ ਪਾਉਂਦਾ ਹੈ। ਨੇਤਾਵਾਂ ਵਲੋਂ ਸਿਰਫ਼ ਤੇ ਸਿਰਫ਼ ਆਪਣੇ ਪਰਿਵਾਰਾਂ ਪੁੱਤ, ਪੋਤਿਆਂ ਲਈ ਸਿਆਸੀ ਵਿਰਾਸਤ ਸਪੁਰਦ ਕਰਨਾ ਕੀ ਦਰਸਾ ਰਿਹਾ ਹੈ? ਇਹ ਕਿਸ ਕਿਸਮ ਦੀ ਲੋਕ ਸੇਵਾ ਹੈ?

"ਕੋਈ ਹਰਿਆ ਬੂਟ ਰਹਿਓ ਰੀ" ਵਾਂਗਰ ਵਿਰਲੇ ਟਾਂਵੇ ਨੇਤਾ ਹੀ ਪੰਜਾਬ ਹਿਤੈਸ਼ੀ ਬਣ ਪੰਜਾਬ ਦੇ ਹੱਕਾਂ ਅਤੇ ਪੰਜਾਬ ਦੇ ਲੋਕਾਂ ਲਈ ਸੰਘਰਸ਼ਸ਼ੀਲ ਹਨ। ਪਰ ਬਹੁਤੇ ਨੇਤਾ ਪੰਜਾਬ ਦਾ ਲਹੂ ਜੋਕਾਂ ਬਣ ਚੂਸ ਰਹੇ ਹਨ। ਕਾਰਨ ਹੀ ਇਹੋ ਹੈ ਪੰਜਾਬ ਦੀ ਵੈਰਾਨੀ , ਬਰਬਾਦੀ ਉਤੇ ਇਹ ਨੇਤਾ "ਰੋਮ ਜਲ ਰਹਾ ਹੈ ਨੀਰੂ ਬੰਸਰੀ ਵਜਾ ਰਹਾ ਹੈ" ਦਾ ਵਰਤਾਰਾ ਅਪਨਾ ਰਹੇ ਹਨ। ਪੰਜਾਬ ਇਹਨਾ ਭ੍ਰਿਸ਼ਟ, ਸਵਾਰਥੀ ਧੋਖੇਬਾਜ਼ ਨੇਤਾਵਾਂ ਦੇ ਪੰਜੇ ਤੋਂ ਕਦੋਂ ਛੁਟਕਾਰਾ ਪਾ ਸਕੇਗਾ, ਇਹ ਸਵਾਲ ਪੰਜਾਬ ਦੇ ਘਰ-ਘਰ, ਪਿੰਡ-ਪਿੰਡ, ਸ਼ਹਿਰ-ਸ਼ਹਿਰ ਆਮ ਲੋਕਾਂ ਦੀ ਜ਼ੁਬਾਨ 'ਤੇ ਹੈ।

# ਅਬ ਪੰਜਾਬ ਤੁਮਾਰੇ ਹਵਾਲੇ ਭਇਉ ਹਮ ਚਲੇ ਪਰਦੇਸ



ਸੂਬੇਦਾਰ ਜਸਵਿੰਦਰ ਸਿੰਘ ਭੁਲੇਰੀਆ
ਮਮਦੋਟ ਫਿਰੋਜ਼ਪੁਰ 7589155501

ਕਿਸੇ ਵੇਲੇ ਪੰਜਾਬ ਧਰਤੀ ਦਾ ਸਵਰਗ ਮੰਨਿਆ ਜਾਂਦਾ ਸੀ .ਇੱਥੇ ਗੁਰੂਆਂ ,ਪੀਰਾਂ ,ਪੈਗੰਬਰਾਂ ,ਰਿਸ਼ੀਆਂ ,ਮੁੰਨੀਆਂ ਤੇ ਅਵਤਾਰਾਂ ਨੇ ਜਨਮ ਲਿਆ ਹੈ .ਇਥੋਂ ਦਾ ਪਉਣ ਪਾਣੀ ਤੇ ਵਾਤਾਵਰਨ ਬਹੁਤ ਸੁੱਧ ਸੀ .ਪੰਜਾਬ ਦਾ ਪਾਣੀ ਵੀ ਦੁਨੀਆਂ ਦੇ ਦੁੱਧ ਦੇ ਬਰਾਬਰ ਮੰਨਿਆ ਜਾਂਦਾ ਸੀ .ਪਰ ਹੁਣ ਕੀ ਹੋ ਗਿਆ ਹੈ ਇੱਥੇ ਕੋਈ ਰਹਿਣਾ ਹੀ ਨਹੀਂ ਚਾਹੁੰਦਾ .ਕਾਲਜਾਂ ਨੂੰ ਜੰਦਰੇ ਵੱਜ ਗਏ ਨੇ ਯੂਨੀਵਰਸਿਟੀਆਂ ਬੰਦ ਹੋਣ ਦੇ ਕਿਨਾਰੇ ਤੇ ਹਨ .ਬਸ ਹਰ ਇੱਕ ਮੁੰਡੇ ਕੁੜੀ ਦੇ ਮੂੰਹ ਉੱਤੇ ਇਕੋ ਹੀ ਸਬਦ ਹੈ .ਕਿ ਅਸੀਂ ਬਾਹਰ ਚਲੇ ਜਾਣਾ ਹੈ .ਪੜ੍ਹੇ ਲਿਖੇ ਮਾਪਿਆਂ ਦੇ ਬੱਚੇ ਤਾਂ ਪਹਿਲਾਂ ਹੀ ਕਹਿੰਦੇ ਸਨ ਕਿ ਅਸੀਂ ਅਗਲੀ ਪੜ੍ਹਾਈ ਬਾਹਰ ਬਿਦੇਸ਼ ਵਿੱਚ ਕਰਨੀ ਹੈ .ਪਰ ਹੁਣ ਤਾਂ ਜਿਸ ਨੂੰ ਉੜਾ ਉੱਲੂ ਵੀ ਨਹੀਂ ਆਉਂਦਾ .ਉਹ ਵੀ ਇਹ ਹੀ ਕਹਿ ਰਿਹਾ ਹੈ. ਅਸੀਂ ਤਾਂ ਆਪਣੇ ਬੱਚੇ ਬਾਹਰ ਹੀ ਸੈਟ ਕਰਨੇ ਨੇ .ਬਾਹਰ ਦੇ ਚੱਕਰ ਨੇ ਅੰਦਰ ਦਾ ਮਾਹੌਲ ਖਰਾਬ ਕਰਕੇ ਰੱਖ ਦਿੱਤਾ ਹੈ .ਸਬਜ਼ੀ ਦੀਆਂ ਰੇਹੜੀਆਂ ਵਾਂਗੂੰ ਥਾਂ ਥਾਂ ਤੇ ਆਈਲੈਟਸ ਦੇ ਹੋਲਡਿੰਗ ਬੋਰਡ ਲਗੇ ਨਜ਼ਰ ਆਉਂਦੇ ਹਨ .ਕਿਸੇ ਸਮੇਂ ਇਸ ਤਰਾਂ ਬਸ ਅੱਡਿਆਂ ਤੇ ਕਲਾਕਾਰਾਂ ਦੇ



ਬੋਰਡ ਲਗੇ ਹੁੰਦੇ ਸੀ .ਜੋ ਕਿ ਅਜਕਲ ਨਜ਼ਰ ਨਹੀਂ ਆ ਰਹੇ .ਬੇਸ਼ਕ ਇਹ ਗੱਲ ਸਮੇਂ ਸਮੇ ਦੀ ਹੈ ਸਮਾਂ ਕਦੇ ਕਿਸੇ ਦੀ ਇੰਤਜ਼ਾਰ ਨਹੀਂ ਕਰਦਾ .ਪਰ ਹੁਣ ਜਿਹੜਾ ਸਮਾਂ ਚਲ ਰਿਹਾ ਹੈ .ਉਹ ਪੰਜਾਬ ਦੇ ਭਵਿੱਖ ਵਾਸਤੇ ਠੀਕ ਨਹੀਂ ਹੈ .ਥੋੜ੍ਹੇ ਦਿਨਾਂ ਦੀ ਹੀ ਗੱਲ ਹੈ ਕਿ ਕਿਸੇ ਪ੍ਰੋਗਰਾਮ ਵਿੱਚ ਮੈਨੂੰ ਬਟਾਲੇ ਜਾਣ ਦਾ ਮੌਕਾ ਮਿਲਿਆ .ਉਸ ਪ੍ਰੋਗਰਾਮ ਵਿੱਚ ਇੱਕ ਸੁਪਰੀਮ ਕੋਰਟ ਦਾ ਜੱਜ ਸਾਬ੍ਹ ਵੀ ਆਇਆ ਸੀ .ਸਾਡੀਆਂ ਉਹਨਾਂ ਨਾਲ ਗੱਲਾਂ ਬਾਤਾਂ ਚੱਲ ਰਹੀਆਂ ਸਨ .ਉਸ ਨੇ ਵੀ ਇਹੋ ਹੀ ਵਿਸ਼ਾ ਸ਼ੁਰੂ ਕੀਤਾ ਕਿ ਮੈਂ ਜਦੋਂ ਪੰਜਾਬ ਵਿੱਚ ਦਾਖਲ ਹੋਇਆ.ਉਥੋਂ ਹੀ ਹਰ ਅੱਡੇ ,ਦੁਕਾਨਾਂ ਤੇ ਸੜਕਾਂ ਉਤੇ ਇਹੋ ਹੀ ਹੋਲਡਿੰਗ ਬੋਰਡ ਨਜ਼ਰ ਆਏ .ਫਲਾਣਾ ਆਈਲੈਟਸ ਬਹੁਤ ਵਧੀਆ ਹੈ .ਫਲਾਣਾ ਆਈਲੈਟਸ ਹੋਰ ਵੀ ਵਧੀਆ ਹੈ .ਇਥੋਂ ਸਟੂਡੈਂਟ ਅੱਠ ਨੌਂ ਬੇਂਡ ਲੈ ਸਕਦੇ ਹਨ .ਕਈਆਂ ਥਾਵਾਂ ਤੇ ਇਹ ਵੀ ਲਿਖਿਆ ਹੋਇਆ ਸੀ ਕਿ ਸਾਰੇ ਪੈਸੇ ਵੀਜ਼ਾ ਲਗਨ ਤੋਂ ਬਾਹਦ .ਗਰੰਟੀ ਨਾਲ ਅਸੀਂ ਬਾਹਰ ਭੇਜਦੇ ਹਾਂ .ਕਈ ਥਾਵਾਂ ਤੇ ਪੀ ਆਰ ਦੀ ਵੀ ਗਰੰਟੀ ਲਿਖੀ ਹੋਈ ਸੀ .ਮੈਨੂੰ ਇਸ ਗੱਲ ਦੀ ਸਮਝ ਨਹੀਂ ਆਈ ਕਿ ਇਹ ਬਿਮਾਰੀ ਇੱਕਲੇ ਪੰਜਾਬ ਵਿੱਚ ਹੀ ਕਿਉਂ ਫੈਲ ਰਹੀ ਹੈ .ਕੀ ਸੱਚੀ ਮੁੱਚੀ ਪੰਜਾਬ ਵਿੱਚ ਕੋਈ ਇਹੋ ਜਿਹੀ ਅਸ਼ਾਂਤੀ ਵੜ ਗਈ ਹੈ .ਜਿਸ ਨੇ ਨਵੀਂ ਪੀੜੀ ਨੂੰ ਬੇਆਰਾਮ ਕਰ ਦਿੱਤਾ ਹੈ .ਖੈਰ ਮੇਰੇ ਨਾਲ ਹੋਰ ਵੀ ਹਾਈ ਕੋਰਟ ਦੇ ਵਕੀਲ ਤੇ ਜੱਜ ਸਾਬ੍ਹ ਬੈਠੇ ਸਨ .ਉਹ ਵੀ ਇਸ ਦਾ ਕੋਈ ਜਬਾਬ ਨਾ ਦੇ ਸਕੇ .ਹੌਲੀ ਜਿਹੇ ਮੈ ਜ਼ਰੂਰ ਉਹਨਾਂ ਨਾਲ ਗੱਲ ਦੀ ਸਾਂਝ ਪਾਈ ਕਿ ਜਨਾਬ ਇਹੋ ਜਿਹੀ ਕੋਈ ਗੱਲ ਨਹੀਂ ਬਸ ਇਥੋਂ ਦਾ ਸਿਸਟਮ ਹੀ ਸਹੀ ਨਹੀਂ ਹੈ .ਬਹੁਤੇ ਲੋਕ ਤਾਂ ਸਿਸਟਮ ਤੋਂ ਪਰੇਸ਼ਾਨ ਹੋ ਕੇ ਇਥੋਂ ਬਾਹਰ ਦਾ ਰੁਖ ਕਰਦੇ ਪਏ ਨੇ .ਅਗੋਂ ਫਿਰ ਉਹਨਾਂ ਦਾ ਜਬਾਬ ਸੀ ਕਿ ਸਿਸਟਮ ਠੀਕ ਕਿਸ ਨੇ ਕਰਨਾ ਹੈ .ਅਗਰ ਤੁਸੀਂ ਇਥੇ ਰਹੋਂਗੇ ਤਾਂ ਹੀ ਸਿਸਟਮ ਠੀਕ ਹੋਣ ਦੀ ਗੱਲ ਚਲੇਗੀ .ਜੇ ਤੁਸੀਂ ਇਥੋਂ ਬਾਹਰ ਹੀ ਚਲੇਗੇ ਤੇ ਫਿਰ ਕਿਹੜਾ ਸਿਸਟਮ ਤੇ ਕਿਹੜੇ ਲੋਕ .ਹਾਂ ਇੱਕ ਗੱਲ ਹੋਰ ਪੰਜਾਬੀਆਂ ਦੀ ਕਿ ਪੁੱਛਦੇ ਨਹੀਂ ਪੁਛਾਉਂਦੇ ਨਹੀਂ .ਬਸ ਐਵੇ ਹੀ ਏਜੇਂਟਾਂ ਨੂੰ ਪੈਸੇ ਦਿੱਤੀ ਜਾਂਦੇ ਹਨ .ਮੇਰੇ ਕੋਲ ਵੀ ਇਹੋ ਜਿਹੇ ਕਈ ਕੇਸ ਸੁਪਰੀਮ ਕੋਰਟ ਆਏ ਹਨ .ਕਿ ਏਜੇਂਟਾਂ ਨੇ ਆਸਟ੍ਰੇਲੀਆ ਭੇਜਣ ਦੀ ਬਜਾਏ ਆਸਟਰੀਆ ਭੇਜ ਦਿੱਤਾ .ਜਿਥੇ ਉਹਨਾਂ ਨੂੰ ਜਾਂਦਿਆਂ ਜਾਂ ਤਾਂ ਜੇਲ ਹੋ ਗਈ. ਨਹੀਂ ਤਾਂ ਉਹਨਾਂ ਨੇ ਬਦਰੰਗ ਲਿਫ਼ਾਫ਼ੇ ਵਾਂਗੂ ਵਾਪਿਸ ਭੇਜ ਦਿੱਤਾ .ਫਿਰ ਉਹ ਲੋਕ ਏਜੇਂਟਾਂ ਤੇ ਕੇਸ ਕਰ ਦਿੰਦੇ ਹਨ . ਏਜੈਂਟ ਵੀ ਪੂਰੇ ਹੁਸ਼ਿਆਰ ਹੁੰਦੇ ਹਨ ਉਹ ਵੀ ਤਗੜੇ ਵਕੀਲ ਖੜੇ ਕਰਕੇ ਉਹਨਾਂ ਨੂੰ ਕੋਈ ਦੇਹ ਦਵਾਲ ਨਹੀਂ ਹੁੰਦੇ .ਜੋ ਕਿ ਇਹ ਕੇਸ ਵੀ ਅੱਜਕਲ ਬਹੁਤ ਵੇਖਣ ਨੂੰ ਮਿਲ ਰਹੇ ਹਨ .ਇਹ ਗੱਲ ਕਿਸੇ ਇੱਕ ਦੀ ਨਹੀਂ ਇਹ ਗੱਲ ਅੱਜ ਸਮੁੱਚੇ ਪੰਜਾਬ ਦੀ ਹੈ .ਜੇ ਸਿਲਸਿਲਾ ਇਸੇ ਤਰਾਂ ਚਲਦਾ ਰਿਹਾ ਤੇ ਉਹ ਵੀ ਦਿਨ ਕੋਈ ਦੂਰ ਨਹੀਂ ਜਦੋ ਇਥੇ ਭਈਆਂ ਦਾ ਰਾਜ ਹੋ ਜਾਵੇਗਾ .ਦੁਆਬੇ ਵਿੱਚ ਤਾਂ ਹੁਣੇ ਹੀ ਵੱਡੀਆਂ ਵੱਡੀਆਂ ਕੋਠੀਆਂ ਦੇ ਵਿੱਚ ਜਾਂ ਤਾਂ ਕਬੂਤਰ ਰਹਿ ਰਹੇ ਹਨ ਜਾਂ ਫਿਰ ਭਈਏ .ਸਰਕਾਰ ਦੀ ਜੁੰਮੇਵਾਰੀ ਬਣਦੀ ਹੈ ਕਿ ਨਵੀਂ ਪੀੜ੍ਹੀ ਨੂੰ ਬਾਹਰ ਜਾਣ ਤੋਂ ਰੋਕਿਆ ਜਾਵੇ .ਉਹਨਾਂ ਦੀ ਜਿੰਦਗੀ ਬਸ਼ਰ ਕਰਨ ਵਾਸਤੇ ਉਹਨਾਂ ਦੀਆਂ ਮੁਸ਼ਕਿਲਾਂ ਹਲ ਕੀਤੀਆਂ ਜਾਣ .ਉਹਨਾਂ ਦੀ ਪੜ੍ਹਾਈ ਮੁਤਾਬਿਕ ਬਣਦਾ ਰੋਜ਼ਗਾਰ ਮੁਹਈਆ ਕਰਵਾਇਆ ਜਾਵੇ .ਕਾਲਜਾਂ ਤੇ ਯੂਨੀਵਰਸਿਟੀਆਂ ਨੂੰ ਦੁਬਾਰਾ ਬਹਾਲ ਕੀਤਾ ਜਾਵੇ .ਮੈਡੀਕਲ ਕਾਲਜ ਜਿਆਦਾ ਤੋਂ ਜ਼ਿਆਦਾ ਖੋਲ੍ਹੇ ਜਾਣ .ਸਰਕਾਰੀ ਕੋਟੇ ਤੇ ਵੱਧ ਤੋਂ ਵੱਧ ਸੀਟਾਂ ਤੇ ਬੱਚਿਆਂ ਨੂੰ ਦਾਖਲਾ ਦਿੱਤਾ ਜਾਵੇ .ਡੁੱਬਦੀ ਕਿਸਾਨੀ ਦਾ ਕੋਈ ਠੋਸ ਹਲ ਲੱਭਿਆ ਜਾਵੇ .ਜਵਾਨੀ ਤੇ ਕਿਸਾਨੀ ,ਨਸਲਾਂ ਤੇ ਫਸਲਾਂ ਨੂੰ ਫਿਲ ਦੇ ਅਧਾਰ ਤੇ ਬਚਾਇਆ ਜਾਵੇ .ਗਰੀਬਾਂ ਦੇ ਬੱਚਿਆਂ ਵਾਸਤੇ ਨਵੀਆਂ ਸਕੀਮਾਂ ਲਿਆਂਦੀਆਂ ਜਾਣ .ਇਹੋ ਜਿਹਾ ਮਾਹੌਲ ਤਿਆਰ ਕੀਤਾ ਜਾਵੇ ਕਿ ਨਵੀ ਪੀੜ੍ਹੀ ਬਾਹਰ ਜਾਣ ਦਾ ਨਾਂ ਹੀ ਨਾ ਲਵੇ . ਇਹ ਵੀ ਗੱਲ ਹੈ ਕਿ ਇੱਕਲੀ ਸਾਡੀ ਨਵੀ ਪੀੜ੍ਹੀ ਹੀ ਬਾਹਰ ਨਹੀਂ ਜਾ ਰਹੀ. ਸਗੋਂ ਲੱਗਭਗ 28 - 30 ਹਜ਼ਾਰ ਕਰੋੜ ਰੁਪਇਆ ਵੀ ਸਲਾਨਾ ਸਾਡੇ ਪੰਜਾਬ ਦਾ ਬਾਹਰ ਜਾ ਰਿਹਾ ਹੈ .ਜੋ ਆਰਥਿਕ ਤੌਰ ਤੇ ਬਹੁਤ ਵੱਡਾ ਘਾਟਾ ਹੈ .ਉਹੀ ਪੈਸਾ ਇੱਥੇ ਕਾਰੋਬਾਰਾਂ ਤੇ ਲਾਇਆ ਜਾਵੇ .ਜਿਸ ਨਾਲ ਹੋਰ ਲੋਕਾਂ ਵੀ ਨੌਕਰੀ ਮਿਲਣ ਦੀ ਸੰਭਾਵਨਾ ਵਧੇ .ਨਵੀਂ ਪੀੜ੍ਹੀ ਦੇ ਮੂੰਹੋ ਇਹ ਸ਼ਬਦ ਨਾ ਸੁਣਨ ਨੂੰ ਮਿਲਣ .ਕਿ ਅਬ ਪੰਜਾਬ ਤੁਮਾਰੇ ਹਵਾਲੇ ਭਇਉ ਹਮ ਚਲੇ ਪਰਦੇਸ ?

# ਵਿਸ਼ਵ ਪੰਜਾਬੀ ਖੇਡਾਂ ਵੀ ਹੋਣ

ਪੰਜਾਬੀਆਂ ਲਈ ਇਹ ਬੜੀ ਖਾਸ ਖਬਰ ਹੈ ਕਿ ਚਾਰ ਦੇਸ਼ਾਂ ਦੇ ਚਾਰ ਪੰਜਾਬੀ ਪਹਿਲਵਾਨ ਇਕੱਠੇ ਕਾਮਨਵੈੱਲਥ ਖੇਡਾਂ ਦੇ ਵਿਕਟਰੀ ਸਟੈਂਡ ਉਤੇ ਖੜੇ ਸਨ। 125 ਕਿਲੋਗ੍ਰਾਮ ਵਜ਼ਨ ਵਰਗ ਵਾਲਾ ਗੋਲਡ ਮੈਡਲ ਕੈਨੇਡਾ ਦੇ ਅਮਰਬੀਰ ਸਿੰਘ ਡੇਸੀ ਨੇ ਜਿੱਤਿਆ, ਸਿਲਵਰ ਮੈਡਲ ਪਾਕਿਸਤਾਨ ਦੇ ਜ਼ਮਾਨ ਅਨਵਰ ਨੇ ਅਤੇ ਕਾਂਸੀ ਦਾ ਮੈਡਲ ਭਾਰਤ ਦੇ ਮੋਹਿਤ ਗਰੇਵਾਲ ਅਤੇ ਇੰਗਲੈਂਡ ਦੇ ਮਨਧੀਰ ਸਿੰਘ ਕੂਨਰ ਨੇ ਜਿੱਤੇ ਸਨ। ਜਦੋਂ ਕੁਸ਼ਤੀ ਵਿੱਚ ਸਿਖਰਲੇ ਵਜ਼ਨ ਦੇ ਚਾਰੇ ਮੈਡਲ ਪੰਜਾਬੀ ਪਹਿਲਵਾਨਾਂ ਦੇ ਗਲੀਂ ਪਏ ਤਾਂ ਮੈਨੂੰ ਮੁੜ 'ਪੰਜਾਬੀ ਓਲੰਪਿਕਸ' ਦਾ ਚੇਤਾ ਆ ਗਿਆ ਹੈ। 2001 ਵਿੱਚ ਲਾਹੌਰ ਦੀ ਵਰਲਡ ਪੰਜਾਬੀ ਕਨਫਰੰਸ ਸਮੇਂ ਪੰਜਾਬੀਆਂ ਦੀਆਂ ਖੇਡਾਂ ਬਾਰੇ ਪਰਚਾ ਪੜ੍ਹਦਿਆਂ ਮੈਂ ਇੱਕ 'ਪੰਜਾਬੀ ਓਲੰਪਿਕਸ' ਦਾ ਵਿਚਾਰ ਪੇਸ਼ ਕੀਤਾ ਤਾਂ ਪਾਕਿਸਤਾਨ ਦੇ ਮੀਡੀਆ ਨੇ ਵਿਸ਼ੇਸ਼ ਨੋਟਿਸ ਲਿਆ ਸੀ। ਓਦੋਂ ਚਾਰ ਸਾਲ ਬਾਅਦ ਪਟਿਆਲਾ ਵਿੱਚ ਇੰਡੋ-ਪਾਕਿ ਪੰਜਾਬ ਖੇਡਾਂ 2004 ਸ਼ੁਰੂ ਹੋਈਆਂ ਸਨ। ਇੰਡੋ-ਪਾਕਿ ਪੰਜਾਬ ਖੇਡਾਂ 2005 ਲਾਹੌਰ ਵਿੱਚ ਹੋਣੀਆਂ ਸਨ, ਪਰ ਕਸ਼ਮੀਰ ਵਿੱਚ ਆਏ ਭੂਚਾਲ ਕਾਰਨ ਮੁਲਤਵੀ ਹੋ ਗਈਆਂ ਤੇ ਜੋ ਅੱਜ ਤੱਕ ਨਹੀਂ ਹੋ ਸਕੀਆਂ। 2010 ਵਿੱਚ ਪੰਜਾਬ ਸਰਕਾਰ ਨੇ ਨੌਂ ਦੇਸ਼ਾਂ ਦੀਆਂ ਟੀਮਾਂ ਦਾ ਕਬੱਡੀ ਵਰਲਡ ਕੱਪ ਪੰਜਾਬ ਦੇ ਅੱਠ ਸ਼ਹਿਰਾਂ ਵਿੱਚ ਕਰਾਇਆ ਸੀ। ਉਸ ਦੀ ਪੰਜਾਬੀ ਕੁਮੈਂਟਰੀ ਨੇ ਕੁੱਲ ਦੁਨੀਆ ਵਿੱਚ ਵਸਦੇ ਪੰਜਾਬੀਆਂ ਦੇ ਰੋਮ-ਰੋਮ ਵਿੱਚ ਝਰਨਾਹਟਾਂ ਛੇੜ ਦਿੱਤੀਆਂ ਸਨ। ਪੰਜਾਬੀ ਲੋਕ ਅੱਜ ਪੰਜ ਦਰਿਆਵਾਂ ਦੀ ਧਰਤੀ ਤੱਕ ਸੀਮਿਤ ਨਹੀਂ ਰਹੇ। ਇਹ ਕੁੱਲ ਦੁਨੀਆ ਵਿੱਚ ਪੱਸਰ ਗਏ ਹਨ। ਸੌ ਤੋਂ ਵੱਧ ਦੇਸ਼ਾਂ ਵਿੱਚ ਥੋੜ੍ਹੇ ਬਹੁਤੇਪੰਜਾਬੀ ਵਸਦੇ ਹਨ। ਬੀਤੇ ਸੌ ਸਾਲਾਂ ਤੋਂ ਪੰਜਾਬੀਆਂ ਦਾ ਵਧਦਾ ਪਰਵਾਸ ਅੱਜ ਗਲੋਬਲ ਵਾਸਾ ਹੋ ਗਿਆ ਤੇ ਪੰਜਾਬੀ ਗਲੋਬਲ ਭਾਸ਼ਾ ਬਣ ਗਈ ਹੈ। ਪੰਜਾਬੀ ਅੱਜ ਪੰਜ ਦਰਿਆਵਾਂ ਦੀ ਭਾਸ਼ਾ ਨਹੀਂ ਰਹੀ, ਬਲਕਿ ਸੱਤ ਸਮੁੰਦਰਾਂ ਦੀ ਜ਼ੁਬਾਨ ਜਾਣੀ ਜਾਣ ਲੱਗੀ ਹੈ। ਜਿਨ੍ਹਾਂ ਦੇਸ਼ਾਂ ਵਿੱਚ ਪੰਜਾਬੀ ਲੋਕ ਅਜੇ ਤੱਕ ਨਹੀਂ ਜਾ ਸਕੇ, ਹੋਰ ਕੁਝ ਸਾਲਾਂ ਤੱਕ ਉਥੇ ਵੀ ਚਲੇ ਜਾਣਗੇ, ਕਿਉਂਕਿ ਪੰਜਾਬੀਆਂ ਵਿੱਚ ਪਰਦੇਸੀਂ ਜਾਣ ਦੀ ਪ੍ਰਬਲ ਲੋਚਾ ਹੈ। ਉਹ ਤਾਂ ਜਹਾਜ਼ ਦੇ ਪਹੀਆਂ ਉੱਤੇ ਬੈਠ ਕੇ ਜਾਣ ਲਈ ਵੀ ਤਿਆਰ ਹਨ।

ਪੰਜਾਬੀ ਜਿੱਥੇ ਵੀ ਗਏ, ਉਥੇ ਆਪਣਾ ਸਭਿਆਚਾਰ ਵੀ ਲੈ ਗਏ ਹਨ, ਜਿਸ ਵਿੱਚ ਉਨ੍ਹਾਂ ਦੀਆਂ ਖੇਡਾਂ ਵੀ ਸ਼ਾਮਲ ਹਨ। ਅਜਿਹੇ ਕਈ ਦੇਸ਼ਾਂ ਵਿੱਚ ਪੰਜਾਬੀ ਖੇਡ ਮੇਲੇ ਲੱਗਣ ਲੱਗ ਪਏ ਹਨ। ਪੰਜਾਬ ਤੋਂ ਦੂਜੀ ਪਾਸੇ ਅਮਰੀਕਾ ਦੀ ਧਰਤੀ ਉੱਤੇ ਦਰਜਨਾਂ ਪੰਜਾਬੀ ਖੇਡ ਮੇਲੇ ਲੱਗਦੇ ਹਨ, ਜਿਨ੍ਹਾਂ ਵਿੱਚੋਂ ਨਿਊ ਯਾਰਕ, ਸ਼ਿਕਾਗੋ, ਸਿਆਟਲ, ਸਿਨਸਿਨਾਟੀ, ਡੇਟਨ, ਡਿਟਰਾਇਟ, ਸੈਲਮਾ, ਸੈਕਰਾਮੈਂਟੋ, ਸੈਨ ਹੋਜ਼ੇ ਤੇ ਹੇਵਰਡ ਦੇ ਖੇਡ ਮੇਲੇ ਅੱਖੀਂ ਵੇਖੇ ਹਨ। ਕੈਨੇਡਾ, ਇੰਗਲੈਂਡ, ਇਟਲੀ, ਆਸਟਰੇਲੀਆ, ਨਿਊਜ਼ੀਲੈਂਡ, ਨਾਰਵੇ, ਸਪੇਨ, ਜਰਮਨੀ, ਬੈਲਜੀਅਮ, ਹਾਲੈਂਡ, ਆਸਟਰੀਆ, ਮਲਾਇਆ, ਸਿੰਗਾਪੁਰ, ਹਾਂਗਕਾਂਗ, ਅਰਬ ਤੇ ਅਫਰੀਕੀ ਦੇਸ਼ਾਂ ਦੇ ਪੰਜਾਬੀ ਖੇਡ ਮੇਲਿਆਂ ਦੀਆਂ ਰਿਪੋਰਟਾਂ ਅਕਸਰ ਪੜ੍ਹਨ ਨੂੰ ਮਿਲਦੀਆਂ ਹਨ। ਭਾਰਤ ਤੇ ਪਾਕਿਸਤਾਨ ਤੋਂ ਬਾਹਰ ਸੌ ਕੁ ਪੰਜਾਬੀ ਖੇਡ ਮੇਲੇ ਲੱਗਦੇ ਹਨ, ਜਿਨ੍ਹਾਂ ਦਾ ਜ਼ਿਕਰ ਮੈਂ ਪੁਸਤਕ 'ਮੇਲੇ ਕਬੱਡੀ ਦੇ' ਵਿੱਚ ਵੀ ਕੀਤਾ ਹੈ।ਇੰਡੋ-ਪਾਕਿ ਪੰਜਾਬ ਖੇਡਾਂ ਕਰਾਉਣ ਵਿੱਚ ਅਕਸਰ ਸਿਆਸੀ ਕਾਰਨ ਅੜਿੱਕਾ ਬਣਦੇ ਰਹੇ ਹਨ ਜਿਵੇਂ ਭਾਰਤ-ਪਾਕਿ ਕ੍ਰਿਕਟ ਅਤੇ ਹਾਕੀ ਦੀਆਂ ਖੇਡਾਂ ਲਈ ਕਈ ਸਾਲ ਮੁੰਬਈ ਦਾ ਦਹਿਸ਼ਤੀ ਕਾਂਡ ਅੜਿੱਕਾ ਬਣਿਆ ਰਿਹਾ। ਇੱਕੀਵੀਂ ਸਦੀ ਮੰਗ ਕਰਦੀ ਹੈ ਕਿ ਓਲੰਪਿਕ ਖੇਡਾਂ ਦੀ ਤਰਜ਼ ਉੱਤੇ ਹਰ ਚਾਰ ਸਾਲ ਬਾਅਦ 'ਵਿਸ਼ਵ ਪੰਜਾਬੀ ਖੇਡਾਂ' ਕਰਾਉਣ ਦੇ ਵਿਚਾਰ ਉਤੇ ਗੌਰ ਕੀਤਾ ਜਾਵੇ। ਇਨ੍ਹਾਂ ਖੇਡਾਂ ਵਿੱਚ ਕੁੱਲ ਦੁਨੀਆ ਵਿਚਲੇ ਪੰਜਾਬੀ ਮੂਲ ਦੇ ਖਿਡਾਰੀ ਭਾਗ ਲੈਣ। ਜਾਤ ਪਾਤ, ਧਰਮ, ਦੇਸ਼ ਤੇ ਉਚ-ਨੀਚ ਦਾ ਕੋਈ ਵਿਤਕਰਾ ਨਾ ਹੋਵੇ। 'ਵਿਸ਼ਵ ਪੰਜਾਬੀ ਖੇਡਾਂ' ਦੇ ਸੰਚਾਰ ਦੀ ਭਾਸ਼ਾ ਪੰਜਾਬੀ ਤੇ ਅੰਗਰੇਜ਼ੀ ਹੋਵੇ ਜਿਵੇਂ ਕਬੱਡੀ ਦੇ ਵਰਲਡ ਕੱਪ ਦੀ ਸੀ। ਉਹ ਖੇਡਾਂ ਪੰਜਾਬੀ ਸਭਿਆਚਾਰ ਨਾਲ ਓਤ-ਪੋਤ ਹੋਣ ਤੇ ਉਨ੍ਹਾਂ ਵਿੱਚ ਪੰਜਾਬ ਦੀਆਂ ਦੇਸੀ ਖੇਡਾਂ ਸ਼ਾਮਲ ਕੀਤੀਆਂ ਜਾਣ ਜਿਵੇਂ ਕਬੱਡੀ, ਕੁਸ਼ਤੀ, ਰੱਸੀਕਸ਼ੀ, ਗਤਕਾ ਤੇ ਨੇਜ਼ਾਬਾਜ਼ੀ ਆਦਿ। ਓਲੰਪਿਕ ਖੇਡਾਂ ਵਾਲੀਆਂ ਆਧੁਨਿਕ ਖੇਡਾਂ ਵੀ ਸ਼ਾਮਲ ਹੋਣ। ਵੱਖ-ਵੱਖ ਦੇਸ਼ਾਂ ਵਿੱਚ ਵੱਸਦੇ ਪੰਜਾਬੀ ਆਪੋ ਆਪਣੇ ਦੇਸ਼ਾਂ ਵੱਲ ਜਾਂ ਆਜ਼ਾਦ ਤੌਰ ਉੱਤੇ ਖੇਡਾਂ ਵਿੱਚ ਭਾਗ ਲੈ ਸਕਣ।

ਇਹਦੇ ਨਾਲ ਪੰਜਾਬੀਅਤ ਦੀ ਸਾਂਝ ਹੋਰ ਮਜ਼ਬੂਤ ਹੋਵੇਗੀ ਅਤੇ ਪੰਜਾਬੀ ਕੌਮ ਵਿਸ਼ਵ ਪੱਧਰ ਉੱਤੇ ਆਪਣੀ ਹੋਂਦ ਦਰਸਾ ਸਕੇਗੀ। ਪੰਜਾਬੀਅਤ ਦਾ ਜਜ਼ਬਾ ਪ੍ਰਫੁੱਲਤ ਹੋਣ ਨਾਲ ਸੌੜੀਆਂ ਫਿਰਕੂ ਸੋਚਾਂ ਨੂੰ ਢਾਹ ਲੱਗੇਗੀ।ਇਨ੍ਹਾਂ ਖੇਡਾਂ ਲਈ ਪਹਿਲਾ ਸਥਾਨ ਲਾਹੌਰ, ਲੁਧਿਆਣਾ, ਲੰਡਨ, ਮੈਲਬਰਨ, ਅਮਰੀਕਾ ਜਾਂ ਕੈਨੇਡਾ ਦਾ ਕੋਈ ਸ਼ਹਿਰ ਹੋ ਸਕਦੈ। ਚਾਰ ਸਾਲਾਂ ਬਾਅਦ ਇਹ ਖੇਡਾਂ ਬਦਲਵੇਂ ਦੇਸ਼ ਵਿੱਚ ਹੋਣ, ਜਿਵੇਂ ਓਲੰਪਿਕ, ਏਸ਼ੀਅਨ ਤੇ ਕਾਮਨਵੈਲਥ ਖੇਡਾਂ ਹੁੰਦੀਆਂ ਹਨ। ਪਹਿਲਾਂ ਇਹ ਸੀਮਿਤ ਪੱਧਰ ਉੱਤੇ ਸ਼ੁਰੂ ਕਰ ਕੇ ਸਮੇਂ ਨਾਲ ਵਧਾਈਆਂ ਜਾ ਸਕਦੀਆਂ ਹਨ। ਏਥਨਜ਼ ਦੀਆਂ ਪਹਿਲੀਆਂ ਓਲੰਪਿਕ ਖੇਡਾਂ ਵਿੱਚ ਕੇਵਲ 14 ਦੇਸ਼ਾਂ ਦੇ ਸਿਰਫ 200 ਖਿਡਾਰੀ ਸ਼ਾਮਲ ਹੋਏ ਸਨ ਅਤੇ ਦਿੱਲੀ ਦੀਆਂ ਪਹਿਲੀਆਂ ਏਸ਼ਿਆਈ ਖੇਡਾਂ ਵਿੱਚ ਵੀ 11 ਦੇਸ਼ਾਂ ਦੇ 489 ਖਿਡਾਰੀਆਂ ਨੇ ਭਾਗ ਲਿਆ ਸੀ। ਅੱਜ ਉਨ੍ਹਾਂ ਖੇਡਾਂ ਵਿੱਚ ਸੈਂਕੜੇ ਦੇਸ਼ ਤੇ ਹਜ਼ਾਰਾਂ ਖਿਡਾਰੀ ਭਾਗ ਲੈ ਰਹੇ ਹਨ। ਵਿਸ਼ਵ ਪੰਜਾਬੀ ਖੇਡਾਂ ਦਾ ਵਿਚਾਰ ਬੇਸ਼ੱਕ ਹਾਲੇ ਸੁਫਨਾ ਲੱਗਦਾ ਹੈ, ਪਰ ਸੁਫਨੇ ਸਮੇਂ ਨਾਲ ਸਾਕਾਰ ਹੁੰਦੇ ਹਨ। ਕਦੇ ਕਬੱਡੀ ਦੇ ਵਰਲਡ ਕੱਪ ਦਾ ਸੁਫਨਾ ਲਿਆ ਤਾਂ 2010 ਵਿੱਚ ਸਾਕਾਰ ਹੋ ਗਿਆ। ਆਸ ਹੈ ਖੇਡਾਂ ਨਾਲ ਜੁੜੇ ਪੰਜਾਬੀ ਖੇਡ ਪ੍ਰੇਮੀ, ਖਿਡਾਰੀ, ਖੇਡ ਪ੍ਰਮੋਟਰ ਤੇ ਖੇਡ ਅਧਿਕਾਰੀ ਵਿਸ਼ਵ ਪੰਜਾਬੀ ਖੇਡਾਂ ਬਾਰੇ ਵਿਚਾਰ ਕਰਨਗੇ।

-ਪ੍ਰਿੰਸੀਪਲ ਸਰਵਣ ਸਿੰਘ




# ਲੁਟੇਰੇ ਕਾਰੋਬਾਰੀ ਤੋਂ ਅੱਠ ਲੱਖ ਰੁਪਏ ਲੁੱਟ ਕੇ ਫ਼ਰਾਰ



ਜਲੰਧਰ, 15 ਸਤੰਬਰ (ਪੋਸਟ ਬਿਊਰੋ): ਜਲੰਧਰ ਸ਼ਹਿਰ 'ਚ ਗੁਰੂ ਗੋਬਿੰਦ ਸਿੰਘ ਐਵੇਨਿਊ ਦੇ ਬਾਹਰ ਪੈਟਰੋਲ ਪੰਪ 'ਤੇ ਰਾਤ ਸਮੇਂ ਲੁਟੇਰਿਆਂ ਨੇ ਵੱਡੀ ਵਾਰਦਾਤ ਨੂੰ ਅੰਜਾਮ ਦਿੱਤਾ। ਲੁਟੇਰੇ ਪੈਟਰੋਲ ਪੰਪ ਦੇ ਬਾਹਰ ਟਾਇਰ ਪੈਂਕਚਰ ਲਗਵਾ ਰਹੇ ਵਪਾਰੀ ਦੀ ਕਾਰ ਦੀ ਕੰਡਕਟਰ ਸੀਟ ਤੋਂ ਨਕਦੀ ਵਾਲਾ ਬੈਗ ਲੈ ਕੇ ਫ਼ਰਾਰ ਹੋ ਗਏ। ਲੁਟੇਰੇ ਮੋਟਰਸਾਈਕਲ 'ਤੇ ਆਏ ਸਨ। ਦੱਸਿਆ ਜਾ ਰਿਹਾ ਹੈ ਕਿ ਬੈਗ 'ਚ 8 ਲੱਖ ਤੋਂ ਵੱਧ ਦੀ ਨਕਦੀ ਸੀ। ਚਸ਼ਮਦੀਦਾਂ ਨੇ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਐਨਕਲੇਵ ਦੇ ਨਾਲ ਲੱਗਦੇ ਸੂਰਿਆ ਐਨਕਲੇਵ ਵਿੱਚ ਰਹਿਣ ਵਾਲਾ ਕਾਰੋਬਾਰੀ ਸ਼ਾਮ ਕਪੂਰ ਸ਼ਾਮ ਨੂੰ ਆਪਣਾ ਦਫ਼ਤਰ ਬੰਦ ਕਰਕੇ ਰੋਜ਼ਾਨਾ ਦੀ ਤਰ੍ਹਾਂ ਨਕਦੀ ਲੈ ਕੇ ਘਰ ਜਾ ਰਿਹਾ ਸੀ। ਰਸਤੇ ਵਿੱਚ ਉਸਦੀ ਇਨੋਵਾ ਗੱਡੀ ਪੈਂਕਚਰ ਹੋ ਗਈ। ਘਰ ਜਾਂਦੇ ਸਮੇਂ ਉਹ ਗੁਰੂ ਗੋਬਿੰਦ ਸਿੰਘ ਐਵੀਨਿਊ ਦੇ ਬਾਹਰ ਪੈਟਰੋਲ ਪੰਪ ਦੇ ਕੋਨੇ 'ਤੇ ਪੰਕਚਰ ਲਗਵਾਉਣ ਪਹੁੰ-ਚੇ। ਉਸ ਨੇ ਦੁਕਾਨਦਾਰ ਨੂੰ ਪੰਕਚਰ ਲਗਵਾਉਣ ਲਈ ਕਿਹਾ। ਉਹ ਕਾਰ ਤੋਂ ਹੇਠਾਂ ਨਹੀਂ ਉਤਰਿਆ, ਡਰਾਈਵਿੰਗ ਸੀਟ 'ਤੇ ਬੈਠਾ ਰਿਹਾ। ਇਸ ਦੌਰਾਨ ਲੁਟੇਰੇ ਆਏ, ਇਕ ਨੇ ਕਾਰ ਦੀ ਖਿੜਕੀ ਖੋਲ੍ਹੀ ਅਤੇ ਗੱਡੀ ਦੀ ਕੰਡਕਟਰ ਸੀਟ 'ਤੇ ਪਿਆ ਨਕਦੀ ਵਾਲਾ ਬੈਗ ਲੈ ਕੇ ਬਾਈਕ 'ਤੇ ਫਰਾਰ ਹੋ ਗਏ। ਲੁੱਟ ਦੀ ਸੂਚਨਾ ਮਿਲਣ ’ਤੇ ਥਾਣਾ ਰਾਮਾਮੰਡੀ ਦੀ ਪੁਲਿਸ, ਸੀਆਈਏ ਸਟਾਫ਼, ਡੀਸੀਪੀ ਜਗਮੋਹਨ ਸਿੰਘ, ਏਸੀਪੀ ਅਸ਼ਵਨੀ ਅੱਤਰੀ ਮੌਕੇ ’ਤੇ ਪੁੱਜੇ। ਪੁਲਸ ਨੇ ਸਭ ਤੋਂ ਪਹਿਲਾਂ ਪੈਟਰੋਲ ਪੰਪ 'ਤੇ ਲੱਗੇ ਸੀਸੀਟੀਵੀ ਕੈਮਰਿਆਂ ਦੀ ਜਾਂਚ ਕੀਤੀ। ਥਾਣਾ ਰਾਮਾਮੰਡੀ ਦੇ ਇੰਚਾਰਜ ਨਵਦੀਪ ਸਿੰਘ ਨੇ ਦੱਸਿਆ ਕਿ ਉਹ ਮਾਮਲੇ ਦੀ ਪੜਤਾਲ ਕਰ ਰਹੇ ਹਨ। ਆਸਪਾਸ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਦੀ ਜਾਂਚ ਕੀਤੀ ਜਾ ਰਹੀ ਹੈ।

# ਸਮਾਰਟ ਸਕੂਲ ਦੀ ਪਾਣੀ ਵਾਲੀ ਟੈਂਕੀ ਵਿਚੋਂ ਨਿਕਲੇ ਮਰੇ ਚੂਹੇ ਅਤੇ ਛਿਪਕਲੀਆਂ

ਬਠਿੰਡਾ, 15 ਸਤੰਬਰ (ਪੋਸਟ ਬਿਊਰੋ): ਪੰਜਾਬ ਦੇ ਸਮਾਰਟ ਸਕੂਲਾਂ ਦੀ ਬਠਿੰਡਾ ਵਿੱਚ ਉਸ ਸਮੇਂ ਪੋਲ ਖੁੱਲ੍ਹ ਗਈ ਜਦੋਂ ਇਕ ਸਰਕਾਰੀ ਸਮਾਰਟ ਸਕੂਲ ਦੀ ਪਾਣੀ ਵਾਲੀ ਟੈਂਕੀ ਵਿਚੋਂ ਮਰ੍ਹੇ ਹੋਏ ਚੂਹੇ ਤੇ ਛਿਪਕਲੀਆਂ ਕੱਢੀਆਂ ਗਈਆਂ। ਇਸ ਮੌਕੇ ਵਿਦਿਆਰਥੀਆਂ ਦੇ ਮਾਪਿਆਂ ਨੇ ਸਕੂਲ ਦੇ ਘਟੀਆ ਪ੍ਰਬੰਧਾਂ ਖਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਦਿਆਰਥੀਆਂ ਦੇ ਮਾਪਿਆਂ ਨੇ ਕਿਹਾ ਕਿ ਪਾਣੀ ਵਾਲੀ ਟੈਂਕੀ ’ਚੋਂ ਡੱਡੂ ਅਤੇ ਮਰੇ ਚੂਹੇ ਆਦਿ ਨਿੱਕਲਣਾ ਬੱਚਿਆਂ ਦੀ ਜ਼ਿੰਦਗੀ ਨਾਲ ਖਿਲਵਾੜ ਹੈ। ਮਿਲੀ ਜਾਣਕਾਰੀ ਅਨੁਸਾਰ ਬਠਿੰਡਾ ਦੇ ਧੋਬੀਆਣਾ ਬਸਤੀ ਵਿਖੇ ਸਕੂਲ ’ਚ ਪੜ੍ਹਦੇ ਵਿਦਿਆਰਥੀਆਂ ਦੇ ਮਾਪਿਆਂ ਨੇ ਪੱਤਰਕਾਰਾਂ ਨੂੰ ਸਕੂਲ ’ਚ ਲਿਜਾ ਕੇ ਇੱਕ ਪਾਣੀ ਵਾਲੀ ਟੈਂਕੀ ਦਿਖਾਈ ਜਿਸ ’ਚ ਪਾਣੀ ਭਰਨ ਨਾਲ ਉਸ ’ਚੋਂ ਮਰੇ ਹੋਏ ਚੂਹੇ, ਛਿਪਕਲੀਆਂ ਅਤੇ ਡੱਡੂ ਬਾਹਰ ਨਿੱਕਲੇ ਪਾਣੀ ਵਾਲੀਆਂ ਟੈਂਕੀਆਂ ’ਤੇ ਨਾ ਤਾਂ ਢੱਕਣ ਹਨ, ਜਿਸ ਕਾਰਨ ਟੈਂਕੀਆਂ ਅੰਦਰੋਂ ਖਰਾਬ ਹੋਈਆਂ ਪਈਆਂ ਹਨ।

ਮਹਿਲਾ ਨੇ ਕਿਹਾ ਕਿ ਸਕੂਲ ’ਚ ਸਾਫ਼-ਸਫ਼ਾਈ ਦਾ ਕੋਈ ਪ੍ਰਬੰਧ ਨਹੀਂ ਹੈ, ਟੈਂਕੀਆਂ ’ਚ ਸਫ਼ਾਈ ਨਹੀਂ ਤਾਂ ਹੀ



ਬੱਚੇ ਮਾੜਾ ਪਾਣੀ ਪੀ ਕੇ ਬਿਮਾਰ ਹੋ ਰਹੇ ਹਨ ਉਨ੍ਹਾਂ ਕਿਹਾ ਕਿ ਅੱਜ ਜਦੋਂ ਉਹ ਸਕੂਲ ’ਚ ਦੇਖਣ ਆਏ ਤਾਂ ਸਕੂਲ ਵਾਲਿਆਂ ਨੇ ਟੈਂਕੀ ਭਰਨ ਲਈ ਮੋਟਰ ਚਲਾ ਦਿੱਤੀ ਰੋਹ ’ਚ ਆਏ ਮਾਪਿਆਂ ਨੇ ਪਾਣੀ ਵਾਲੀ ਟੈਂਕੀ ਭਰਨ ਨਾਲ ਉਸ ’ਚ ਉੱਪਰ ਆਏ ਮਰੇ ਚੂਹੇ, ਡੱਡੂ ਅਤੇ ਛਿਪਕਲੀਆਂ ਹੱਥਾਂ ’ਚ ਚੁੱਕ ਕੇ ਆਖਿਆ ਕਿ ਕੀ ਸਮਾਰਟ ਸਕੂਲ ਇਹੋ ਜਿਹੇ ਹੁੰਦੇ ਹਨ ਜਦੋਂ ਬੱਚਿਆਂ ਵੱਲੋਂ ਪੀਣ ਵਾਲਾ ਪਾਣੀ ਸਾਫ਼ ਨਾ ਹੋਣ ਬਾਰੇ ਸਕੂਲ ’ਚ ਕਿਹਾ ਜਾਂਦਾ ਹੈ ਤਾਂ ਅੱਗੋਂ ਜਵਾਬ ਮਿਲਦਾ ਹੈ ‘ਘਰੋਂ ਬੋਤਲਾਂ ਭਰਕੇ ਲੈ ਆਇਆ ਕਰੋ’

ਸਕੂਲ ਇੰਚਾਰਜ ਕੁਲਜੀਤ ਕੌਰ ਨੇ ਕਿਹਾ ਉਨ੍ਹਾਂ ਵੱਲੋਂ ਸਮੇਂ-ਸਮੇਂ ਸਿਰ ਨਿਰੀਖਣ ਕੀਤਾ ਜਾਂਦਾ ਹੈ, ਜੋ ਪਾਣੀ ਵਾਲੀਆਂ ਟੈਂਕੀਆਂ ਦੇ ਢੱਕਣ ਹੁਣ ਟੁੱਟੇ ਹਨ। ਉਨ੍ਹਾਂ ਨੂੰ ਵੀ ਲਵਾਇਆ ਜਾਵੇਗਾ ਜਦੋਂ ਉਨ੍ਹਾਂ ਨੂੰ ਦੱਸਿਆ ਗਿਆ ਕਿ ਟੈਂਕੀ ’ਚੋਂ ਮਰੇ ਹੋਏ ਚੂਹੇ ਅਤੇ ਛਿਪਕਲੀਆਂ ਮਿਲੀਆਂ ਹਨ ਤਾਂ ਉਨ੍ਹਾਂ ਕਿਹਾ ਕਿ ਅੱਗੇ ਤੋਂ ਪੂਰਾ ਧਿਆਨ ਰੱਖਿਆ ਜਾਵੇਗਾ।

# ਮੁੱਖ ਮੰਤਰੀ ਵੱਲੋਂ ਐਗਰੀ-ਫੂਡ ਪ੍ਰਾਸੈਸਿੰਗ, ਟੈਕਸਟਾਈਲ, ਆਟੋ ਕੰਪੋਨੈਂਟ, ਫਾਰਮਾਸਿਊਟੀਕਲ ਤੇ ਕੈਮੀਕਲ ਖੇਤਰ ’ਚ ਜਰਮਨੀ ਤੋਂ ਸਹਿਯੋਗ ਦੀ ਵਕਾਲਤ

ਮਿਊਨਿਖ (ਜਰਮਨੀ) 15 ਸਤੰਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਐਗਰੀ-ਫੂਡ ਪ੍ਰਾਸੈਸਿੰਗ, ਟੈਕਸਟਾਈਲਜ਼, ਆਟੋ ਕੰਪੋਨੈਂਟਸ, ਫਾਰਮਾਸਿਊਟੀਕਲ ਤੇ ਕੈਮੀਕਲ ਖੇਤਰ ਵਿੱਚ ਸਹਿਯੋਗ ਲਈ ਇਨਵੈਸਟ ਇਨ ਬਾਵਰੀਆ ਨਾਲ ਸਹਿਯੋਗ ਦੀ ਵਕਾਲਤ ਕੀਤੀ।

ਮੁੱਖ ਮੰਤਰੀ ਨੇ ਮਿਊਨਿਖ ਵਿੱਚ ਆਪਣੇ ਦਫ਼ਤਰ ਵਿਖੇ ਇਨਵੈਸਟ ਇਨ ਬਾਵਰੀਆ ਦੀ ਟੀਮ ਨਾਲ ਮੁਲਾਕਾਤ ਕੀਤੀ, ਜਿੱਥੇ ਉਨ੍ਹਾਂ ਨੂੰ ਦੱਸਿਆ ਗਿਆ ਕਿ ਜਰਮਨੀ ਦੇ ਬਾਵਰੀਆ ਰਾਜ ਨੂੰ ਆਪਣੀ ਆਟੋ-ਮੋਟਿਵ ਇੰਡਸਟਰੀ, ਬਾਇਓ ਟੈਕਨਾਲੋਜੀ, ਕੈਮੀਕਲਜ਼, ਇਲੈਕਟ੍ਰਾਨਿਕਸ ਤੇ ਇਲੈਕਟ੍ਰੀਕਲ ਇੰਜਨੀਅਰਿੰਗ, ਊਰਜਾ ਤਕਨਾਲੋਜੀ, ਵਿੱਤੀ ਸੇਵਾਵਾਂ ਤੇ ਸੂਚਨਾ ਤਕਨਾਲੋਜੀ ਲਈ ਜਾਣਿਆ ਜਾਂਦਾ ਹੈ। ਉਨ੍ਹਾਂ ਨੂੰ ਦੱਸਿਆ ਗਿਆ ਕਿ ਇਸ ਖਿੱਤੇ ਦੀਆਂ 350 ਕੰਪਨੀਆਂ, ਜਿਨ੍ਹਾਂ ਵਿੱਚ ਸੀਮਨਜ਼, ਬੀ.ਐਮ.ਡਬਲਯੂ., ਔਡੀ, ਮੈਨ, ਐਡੀਡਸ, ਏਲੀਅਨਜ਼ ਏ.ਜੀ., ਮਿਊਨਿਖ ਰੇ, ਏਅਰਬੱਸ, ਇਨਫੀਨੀਅਨ, ਵੈਕਰ ਕੈਮੀ, ਓਸਰਾਮ ਲਿੰਡੇ ਤੇ ਹੋਰ ਸ਼ਾਮਲ ਹਨ,



ਭਾਰਤ ਵਿੱਚ ਆਪਣਾ ਕਾਰੋਬਾਰ ਕਰ ਰਹੀਆਂ ਹਨ। ਭਗਵੰਤ ਮਾਨ ਨੂੰ ਦੱਸਿਆ ਗਿਆ ਕਿ ਇਨਵੈਸਟ ਇਨ ਬਾਵਰੀਆ ਇਸ ਸਮੇਂ ਬਾਵਰੀਆ ਰਾਜ ਦੀ ਕਾਰੋਬਾਰ ਪ੍ਰੋਮੋਸ਼ਨ ਏਜੰਸੀ ਵਜੋਂ ਕੰਮ ਕਰ ਰਹੀ ਹੈ। ਇਸ ਦੇ ਨਾਲ-ਨਾਲ ਜਰਮਨੀ ਤੇ ਵਿਦੇਸ਼ੀ ਕੰਪਨੀਆਂ ਨੂੰ ਬਾਵਰੀਆ ਵਿੱਚ ਕਾਰੋਬਾਰ ਲਈ ਸਹਿਯੋਗੀ ਸੇਵਾਵਾਂ ਦੇਣ ਦੀ ਜ਼ਿੰਮੇਵਾਰੀ ਨਿਭਾਉਂਦਾ ਹੈ।

ਇਸ ਦੌਰਾਨ ਵਿਚਾਰ-ਵਟਾਂਦਰੇ ਵਿੱਚ ਭਾਗ ਲੈਂਦਿਆਂ ਮੁੱਖ ਮੰਤਰੀ ਨੇ ਐਗਰੀ-ਫੂਡ ਪ੍ਰਾਸੈਸਿੰਗ, ਟੈਕਸਟਾਈਲ, ਆਟੋ ਕੰਪੋਨੈਂਟਸ, ਫਾਰਮਾਸਿਊਟੀਕਲ ਤੇ ਕੈਮੀਕਲਜ਼ ਵਰਗੇ ਖੇਤਰਾਂ ਵਿੱਚ ਪੰਜਾਬ ਦੀਆਂ ਸਮਰੱਥਾਵਾਂ ਬਾਰੇ ਦੱਸਿਆ। ਉਨ੍ਹਾਂ ਕਿਹਾ ਕਿ ਇਨ੍ਹਾਂ ਖੇਤਰਾਂ ਤੇ ਹੋਰ ਖੇਤਰਾਂ ਵਿੱਚ ਇਨਵੈਸਟ ਪੰਜਾਬ ਤੇ ਇਨਵੈਸਟ ਇਨ ਬਾਵਰੀਆ ਵਿਚਾਲੇ ਸਹਿਯੋਗ ਦੇ ਸੰਭਾਵੀ ਖੇਤਰਾਂ ਬਾਰੇ ਦੱਸਿਆ। ਭਗਵੰਤ ਮਾਨ ਨੇ ਇਨਵੈਸਟ ਪੰਜਾਬ ਦੇ ਰਾਜ ਵਿੱਚ ਨਿਵੇਸ਼ਕਾਂ ਦੀ ਸਹੂਲਤ ਲਈ ਆਦਰਸ਼ ਵਨ ਸਟਾਪ ਦਫ਼ਤਰ ਵਜੋਂ ਕੰਮ ਕਰਦਿਆਂ ਕਿਸੇ ਪ੍ਰਾਜੈਕਟ ਦੀ ਯੋਜਨਾ ਤੋਂ ਤਾਮੀਰ ਤੱਕ ਸਹਿਯੋਗ ਕਰਨ ਬਾਰੇ ਦੱਸਿਆ।

ਸੂਬਾ ਸਰਕਾਰ ਦੀਆਂ ਸਨਅਤ ਪੱਖੀ ਨੀਤੀਆਂ ਦੀ ਨਿਸ਼ਾਨਦੇਹੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਨੀਤੀਆਂ ਸੂਬੇ ਨੂੰ ਸਨਅਤੀ ਤਰੱਕੀ ਦਾ ਧੁਰਾ ਬਣਾਉਣ ਲਈ ਕੰਮ ਕਰ ਰਹੀਆਂ ਹਨ। ਉਨ੍ਹਾਂ ਇਨਵੈਸਟ ਇਨ ਬਾਵਰੀਆ ਦੇ ਇੰਟਰਨੈਸ਼ਨਲ ਇਕਨਾਮਿਕ ਰਿਲੇਸ਼ਨਜ਼ ਦੇ ਮੁਖੀ ਡਾ. ਮਾਰਕਸ ਵਿਟਮੈਨ ਨੂੰ 23 ਤੇ 24 ਫਰਵਰੀ 2023 ਨੂੰ ਹੋਣ ਵਾਲੇ ਪ੍ਰੋਗਰੈਸਿਵ ਪੰਜਾਬ ਇਨਵੈਸਟਰਜ਼ ਸੰਮੇਲਨ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਤਾਂ ਕਿ ਦੋਵਾਂ ਮੁਲਕਾਂ ਵਿੱਚ ਸਹਿਯੋਗ ਵਧਾਉਣ ਵਾਲੇ ਖੇਤਰਾਂ ਦੀ ਪਛਾਣ ਕੀਤੀ ਜਾ ਸਕੇ। ਬਾਵਰੀਆ ਰਾਜ ਦੀਆਂ ਕੰਪਨੀਆਂ ਨੂੰ ਪੰਜਾਬ ਵਿੱਚ ਨਿਵੇਸ਼ ਦਾ ਸੱਦਾ ਦਿੰਦਿਆਂ ਉਨ੍ਹਾਂ ਵਪਾਰ, ਨਿਵੇਸ਼ ਤੇ ਸਹਿਯੋਗ ਲਈ ਹਰ ਸੰਭਵ ਸਹਿਯੋਗ ਤੇ ਤਾਲਮੇਲ ਦਾ ਭਰੋਸਾ ਦਿੱਤਾ।

ਇਸ ਦੌਰਾਨ ਇਨਵੈਸਟ ਇਨ ਬਾਵਰੀਆ ਟੀਮ ਨੇ ਵਧੀਆ ਤਜਰਬਿਆਂ ਦੇ ਆਪਸੀ ਆਦਾਨ-ਪ੍ਰਦਾਨ ਦੌਰਾਨ ਰੈਗੂਲੇਟਰੀ ਅਤੇ ਵਿੱਤੀ ਸੇਵਾਵਾਂ ਅਤੇ ਕਾਰੋਬਾਰੀ ਦਰਜਾਬੰਦੀ ਵਿੱਚ ਸੌਖ ਲਈ ਪੰਜਾਬ ਦੀ ਸਿੰਗਲ-ਵਿੰਡੋ ਪ੍ਰਣਾਲੀ ਦੀ ਸ਼ਲਾਘਾ ਕੀਤੀ। ਇਨਵੈਸਟ ਪੰਜਾਬ ਐਂਡ ਇਨਵੈਸਟ ਇਨ ਬਾਵਰੀਆ ਨੇ ਦੁਵੱਲੇ ਵਪਾਰ ਅਤੇ ਨਿਵੇਸ਼ ਮੌਕਿਆਂ ਦਾ ਸਹਿਯੋਗ ਅਤੇ ਅਦਾਨ-ਪ੍ਰਦਾਨ ਕਰਨ, ਸਬੰਧਤ ਖੇਤਰਾਂ ਦੀਆਂ ਕੰਪਨੀਆਂ/ਉਦਯੋਗਾਂ ਦਰਮਿਆਨ ਵਪਾਰਕ, ਉਦਯੋਗਿਕ ਅਤੇ ਤਕਨੀਕੀ ਅਦਾਨ-ਪ੍ਰਦਾਨ ਦੇ ਖੇਤਰਾਂ ਵਿੱਚ ਸਹਿਯੋਗ ਨੂੰ ਉਤਸ਼ਾਹਿਤ ਕਰਨ ਅਤੇ ਖੋਜ, ਹੁਨਰ ਵਿੱਚ ਸਹਿਯੋਗ ਦੇ ਮੌਕਿਆਂ ਦੀ ਖੋਜ ਕਰਨ ਲਈ ਵੀ ਸਹਿਮਤੀ ਪ੍ਰਗਟਾਈ।

# ਮਜ਼ਦੂਰਾਂ ਦੇ ਸਾਂਝੇ ਮੋਰਚੇ ਨਾਲ ਵਿੱਤ ਮੰਤਰੀ ਨੇ ਜੱਥੇਬੰਦੀਆਂ ਨਾਲ ਕੀਤੀ ਮੀਟਿੰਗ

## ਮੰਗਾਂ ਦੇ ਹੱਲ ਲਈ ਮੁੱਖ ਮੰਤਰੀ ਨਾਲ ਮੀਟਿੰਗ ਦਾ ਪੱਤਰ ਹੋਇਆ ਜਾਰੀ

ਚੰਡੀਗੜ੍ਹ, 15 ਸਤੰਬਰ (ਪੋਸਟ ਬਿਊਰੋ): ਪੇਂਡੂ ਤੇ ਖੇਤ ਮਜ਼ਦੂਰ ਜੱਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਆਗੂਆਂ ਨਾਲ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਚੰਡੀਗੜ੍ਹ ਵਿਖੇ ਉਹਨਾਂ ਦੇ ਦਫ਼ਤਰ ਵਿੱਚ ਹਾਂ ਪੱਖੀ ਰੂਪ ਵਿੱਚ ਮੀਟਿੰਗ ਹੋਈ। ਜਿਸ ਵਿੱਚ ਮਨਰੇਗਾ ਦੇ ਬਕਾਇਆਂ ਸੰਬੰਧੀ ਤੁਰੰਤ ਨੋਟਿਸ ਜਾਰੀ ਕਰਨ ਦਾ ਫ਼ੈਸਲਾ ਕੀਤਾ,ਕਰਜ਼ੇ ਸਮੇਤ ਵਿੱਤ ਮੰਤਰੀ ਨਾਲ ਸੰਬੰਧਿਤ ਮੰਗਾਂ ਦੇ ਹੱਲ ਲਈ 29 ਸਤੰਬਰ ਨੂੰ ਪੰਜਾਬ ਭਵਨ ਵਿਖੇ ਮੀਟਿੰਗ ਤਹਿ ਕੀਤੀ ਗਈ ਅਤੇ ਬਾਕੀ ਮੰਗਾਂ ਜਿਨ੍ਹਾਂ ਦਾ ਪਹਿਲੀਆਂ ਮੀਟਿੰਗਾਂ ਵਿੱਚ ਮੁੱਖ ਮੰਤਰੀ ਵੱਲੋਂ ਮੰਨਣ ਦਾ ਭਰੋਸਾ ਦਿੱਤਾ ਗਿਆ ਸੀ, ਉਹਨਾਂ ਮੰਗਾਂ ਨੂੰ ਲਾਗੂ ਕਰਵਾਉਣ ਲਈ 3 ਅਕਤੂਬਰ ਨੂੰ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨਾਲ ਮੀਟਿੰਗ ਕਰਨ ਦਾ ਭਰੋਸਾ ਦਿੱਤਾ ਗਿਆ।

ਵਿੱਤ ਮੰਤਰੀ ਨਾਲ਼ ਮੀਟਿੰਗ ਚ ਹਾਜ਼ਰ ਸਾਂਝੇ ਮਜ਼ਦੂਰ ਮੋਰਚੇ ਦੀ ਸਫਲਤਾ ਤਰਫੋਂ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂ ਮੁਕੇਸ਼ ਮਾਲੌਦ, ਦਿਹਾਤੀ ਮਜ਼ਦੂਰ ਸਭਾ ਦੇ ਪ੍ਰਧਾਨ ਦਰਸ਼ਨ ਨਾਹਰ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਲਛਮਣ ਸਿੰਘ ਸੇਵੇਵਾਲਾ, ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਗੁਲਜ਼ਾਰ ਗੌਰੀਆ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਪ੍ਰਧਾਨ ਤਰਸੇਮ ਪੀਟਰ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਜਨਰਲ ਸਕੱਤਰ ਲਖਵੀਰ ਲੌਂਗੋਵਾਲ, ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਜਨਰਲ ਸਕੱਤਰ ਹਰਵਿੰਦਰ ਸਿੰਘ ਸੇਮਾਂ ਨੇ ਐਲਾਨ ਕੀਤਾ ਕਿ ਜੇਕਰ ਮੁੱਖ ਮੰਤਰੀ ਨਾਲ ਮੀਟਿੰਗ ਸੰਬੰਧੀ ਅੱਜ ਦੁਪਹਿਰ 2.30 ਵਜੇ ਤੱਕ ਅਧਿਕਾਰਤ ਤੌਰ ਉੱਤੇ ਲਿਖਤੀ ਪੱਤਰ ਨਾ ਮਿਲਿਆ ਤਾਂ ਪਟਿਆਲਾ-ਬਠਿੰਡਾ ਨੈਸ਼ਨਲ ਹਾਈਵੇ ਜਾਮ ਕੀਤਾ ਜਾਵੇਗਾ। ਜਿਸ ਉਪਰੰਤ ਅਧਿਕਾਰਤ ਤੌਰ ਉੱਤੇ 3 ਅਕਤੂਬਰ ਨੂੰ ਬਾਅਦ ਦੁਪਹਿਰ 3.30 ਵਜੇ ਮੁੱਖ ਮੰਤਰੀ ਦੇ ਚੰਡੀਗੜ੍ਹ ਦਫ਼ਤਰ ਵਿਖੇ ਉਹਨਾਂ ਨਾਲ ਜਥੇਬੰਦੀਆਂ ਦੀ ਮੀਟਿੰਗ ਦਾ ਪੱਤਰ ਮਜ਼ਦੂਰਾਂ ਦੇ ਸੰਗਰੂਰ ਇਕੱਠ ਵਿਚ ਪ੍ਰਸ਼ਾਸਨਿਕ ਅਧਿਕਾਰੀਆਂ ਵਲੋਂ ਮਜ਼ਦੂਰ ਆਗੂਆਂ ਨੂੰ ਸੌਂਪਿਆ ਗਿਆ। ਜਿਸ ਉਪਰੰਤ ਸਾਂਝੇ ਮੋਰਚੇ ਦੇ ਆਗੂਆਂ ਕ੍ਰਿਸ਼ਨ ਚੌਹਾਨ, ਪ੍ਰਗਟ ਸਿੰਘ ਕਾਲਾਝਾੜ,ਭਗਵੰਤ ਸਮਾਉਂ, ਅਵਤਾਰ ਸਿੰਘ ਰਸੂਲਪੁਰ, ਬਲਦੇਵ ਸਿੰਘ ਨੂਰਪੁਰੀ, ਜ਼ੋਰਾ ਸਿੰਘ ਨਸਰਾਲੀ ਅਤੇ ਬਿੱਕਰ ਸਿੰਘ ਹਥੋਆਂ ਨੇ ਐਲਾਨ ਕੀਤਾ ਕਿ ਜੇਕਰ ਵਿੱਤ ਮੰਤਰੀ ਅਤੇ ਮੁੱਖ ਮੰਤਰੀ ਨਾਲ ਹੋਣ ਵਾਲੀਆਂ ਮੀਟਿੰਗਾਂ ਵਿੱਚ ਮੰਨੀਆਂ ਮਜ਼ਦੂਰ ਮੰਗਾਂ ਨੂੰ ਲਾਗੂ



ਨਾ ਕੀਤਾ ਗਿਆ ਅਤੇ ਰਹਿੰਦੀਆਂ ਮੰਗਾਂ ਦਾ ਕੋਈ ਹੱਲ ਨਾ ਨਿਕਲਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

ਜ਼ਿਕਰਯੋਗ ਹੈ ਕਿ 7 ਪੇਂਡੂ ਅਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵਿੱਚ ਸ਼ਾਮਲ ਜਥੇਬੰਦੀਆਂ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ,ਪੰਜਾਬ ਖੇਤ ਮਜ਼ਦੂਰ ਯੂਨੀਅਨ,ਦਿਹਾਤੀ ਮਜ਼ਦੂਰ ਸਭਾ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਪੰਜਾਬ ਖੇਤ ਮਜ਼ਦੂਰ ਸਭਾ, ਮਜ਼ਦੂਰ ਮੁਕਤੀ ਮੋਰਚਾ ਪੰਜਾਬ ਅਤੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੀ ਅਗਵਾਈ ਹੇਠ ਤਿੰਨ ਰੋਜ਼ਾ ਮੁੱਖ ਮੰਤਰੀ ਦੇ ਘਰ ਅੱਗੇ ਲੱਗੇ ਮੋਰਚੇ ਵਿੱਚ ਮਜ਼ਦੂਰਾਂ ਦੀਆਂ ਮੰਗਾਂ ਵਿੱਚ ਇਹ ਮੰਗਾਂ ਮਗਨਰੇਗਾ ਤਹਿਤ ਟੱਬਰ ਦੇ ਸਾਰੇ ਬਾਲਗ ਮੈਂਬਰਾਂ ਨੂੰ ਸਾਰਾ ਸਾਲ ਕੰਮ ਦੇਣ, ਮਗਨਰੇਗਾ ਸਮੇਤ ਹੋਰਨਾਂ ਕੰਮਾਂ ਦੀ ਦਿਹਾੜੀ 700 ਰੁਪੈ ਕਰਨ, ਪੰਚਾਇਤੀ ਜ਼ਮੀਨ ਦਾ ਤੀਜੇ ਹਿੱਸੇ ਦਾ ਹੱਕ ਦਲਿਤਾਂ ਨੂੰ ਅਮਲ ਵਿੱਚ ਦੇਣ,ਅਲਾਟ ਪਲਾਟਾਂ ਦੇ ਮਜ਼ਦੂਰਾਂ ਨੂੰ ਕਬਜ਼ੇ ਦੇਣ, ਲੋੜਵੰਦ ਪਰਿਵਾਰਾਂ ਨੂੰ ਰਿਹਾਇਸ਼ੀ ਪਲਾਟ ਅਲਾਟ ਕਰਨ,ਲਾਲ ਲਕੀਰ ਰਹਿੰਦੇ ਪਰਿਵਾਰਾਂ ਨੂੰ ਮਾਲਕੀ ਹੱਕ ਦੇਣ, ਮਕਾਨ ਉਸਾਰੀ ਲਈ ਗ੍ਰਾਂਟ ਦਿੱਤੀ ਜਾਵੇ, ਗੁਲਾਬੀ ਸੁੰਡੀ ਕਾਰਨ ਖ਼ਰਾਬ ਨਰਮੇ ਅਤੇ ਮੀਹਾਂ ਕਾਰਨ ਮਰੀਆਂ ਫਸਲਾਂ ਦਾ ਮਜ਼ਦੂਰਾਂ ਨੂੰ ਮੁਆਵਜ਼ਾ ਦੇਣ, ਮਾਈਕਰੋਫਾਈਨਾਂਸ ਕੰਪਨੀਆਂ ਸਮੇਤ ਸਰਕਾਰੀ ਤੇ ਗੈਰ-ਸਰਕਾਰੀ ਕਰਜ਼ੇ ਮੁਆਫ਼ ਕੀਤੇ ਜਾਣ, ਸਹਿਕਾਰੀ ਸਭਾਵਾਂ ਵਿੱਚ ਬੇਜ਼ਮੀਨੇ ਮਜ਼ਦੂਰਾਂ ਨੂੰ ਬਿਨ੍ਹਾਂ ਸ਼ਰਤ ਮੈਂਬਰਸ਼ਿਪ ਦਿੱਤੀ ਜਾਵੇ, ਤਿੱਖੇ ਭੂਮੀ ਸੁਧਾਰ ਕਰਕੇ ਵਾਧੂ ਜ਼ਮੀਨਾਂ ਬੇਜ਼ਮੀਨੇ ਲੋਕਾਂ ਵਿੱਚ ਵੰਡ ਕਰਨ, ਬੁਢਾਪਾ,ਵਿਧਵਾ, ਅੰਗਹੀਣ ਪੈਨਸ਼ਨਾਂ ਦੀ ਰਾਸ਼ੀ 5 ਹਜ਼ਾਰ ਰੁਪਏ ਕੀਤੀ ਜਾਵੇ ਅਤੇ ਉੱਮਰ ਹੱਦ ਘਟਾ ਕੇ 55-58 ਸਾਲ ਕੀਤੀ ਜਾਵੇ ਆਦਿ ਸ਼ਾਮਲ ਸਨ

ਤਿੰਨੋਂ ਦਿਨ ਮੋਰਚੇ ਵਿੱਚ ਪੰਜਾਬ ਦੇ ਕੋਨੇ ਕੋਨੇ ਤੋਂ ਸੈਂਕੜੇ ਪਿੰਡਾਂ ਦੇ ਹਜ਼ਾਰਾਂ ਮਜ਼ਦੂਰ ਮਰਦ,ਔਰਤਾਂ, ਬੱਚੇ ਪੂਰੇ ਉਤਸ਼ਾਹ ਨਾਲ ਸ਼ਾਮਲ ਹੋਏ।

ਵਿੱਤ ਮੰਤਰੀ ਨਾਲ ਹੋਈ ਮੀਟਿੰਗ ਵਿੱਚ ਮਜ਼ਦੂਰ ਆਗੂ ਗੁਰਨਾਮ ਸਿੰਘ ਦਾਊਦ, ਦੇਵੀ ਕੁਮਾਰੀ,ਹਰਮੇਸ਼ ਮਾਲੜੀ, ਕਸ਼ਮੀਰ ਸਿੰਘ ਘੁੱਗਸ਼ੋਰ, ਦਿਲਬਾਗ ਸਿੰਘ ਜ਼ੀਰਾ, ਗੋਬਿੰਦ

# ਧਰਨੇ ਤੋਂ ਜਾਂਦੇ ਸਮੇਂ ਰੇਲ ਹਾਦਸੇ ’ਚ ਦੋ ਮਜ਼ਦੂਰਾਂ ਦੀ ਮੌਤ

ਸੰਗਰੂਰ, 15 ਸਤੰਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੇ ਸੰਗਰੂਰ ਘਰ ਅੱਗੇ ਆਪਣੀਆਂ ਮੰਗਾਂ ਨੂੰ ਲੈ ਕੇ ਤਿੰਨ ਦਿਨ ਦਿੱਤੇ ਲਗਾਤਾਰ ਧਰਨੇ ਤੋਂ ਵਾਪਸ ਜਾਂਦੇ ਸਮੇਂ ਦੋ ਮਜ਼ਦੂਰਾਂ ਦੀ ਮੌਤ ਹੋ ਗਈ। ਤਿੰਨ ਰੋਜ਼ਾ ਮੋਰਚੇ ਦੀ ਸਮਾਪਤੀ ਉਪਰੰਤ ਘਰਾਂ ਨੂੰ ਵਾਪਸ ਜਾ ਰਹੇ ਸਨ ਤਾਂ ਫਿਲੌਰ ਨੇੜੇ ਰੇਲ ਹਾਦਸੇ ਵਿੱਚ ਬੀਤੇ ਰਾਤ ਨੂੰ ਦੋ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਕਾਰਕੁੰਨ ਅਵਤਾਰ ਸਿੰਘ ਉਰਫ਼ ਤਾਰਾ 50 ਸਾਲ, ਵਾਸੀ



ਪੱਬਵਾਂ ਅਤੇ ਲੁਭਾਇਆ ਰਾਮ 65 ਸਾਲ ਕਰੀਬ ਵਾਸੀ ਬੁੰਡਾਲਾ ਤਹਿਸੀਲ ਫਿਲੌਰ ਜ਼ਿਲ੍ਹਾ ਜਲੰਧਰ ਦੀ ਮੌਤ ਹੋ ਗਈ। ਇਸ ਸਬੰਧੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਸਾਂਝੇ ਮੋਰਚੇ ਵਿੱਚ ਸ਼ਾਮਲ ਜਥੇਬੰਦੀਆਂ ਦੇ ਸਾਥੀਆਂ ਨੂੰ ਅਪੀਲ ਕੀਤੀ ਕਿ 15 ਸਤੰਬਰ ਨੂੰ ਸਵੇਰੇ 12 ਵਜੇ ਸਿਵਲ ਹਸਪਤਾਲ ਫਿਲੌਰ ਵਿਖੇ ਪੁੱਜਣ। ਆਗੂਆਂ ਨੇ ਕਿਹਾ ਕਿ ਇਹ ਹਾਦਸਾ ਨਹੀਂ ਕਤਲ ਹੈ। ਸਾਥੀਆਂ ਦੇ ਕਤਲ ਲਈ ਭਗਵੰਤ ਸਿੰਘ ਮਾਨ ਸਰਕਾਰ ਜ਼ਿੰਮੇਵਾਰ ਹੈ। ਉਨ੍ਹਾਂ ਮੰਗ ਕੀਤੀ ਕਿ ਪਰਿਵਾਰ ਨੂੰ ਮੁਆਵਜ਼ਾ ਦਿੱਤਾ ਜਾਵੇ ਅਤੇ ਸਰਕਾਰ ਮਜ਼ਦੂਰ ਮੰਗਾਂ ਦਾ ਤੁਰੰਤ ਹੱਲ ਕਰੇ।

Steinmetz & Associates
PERSONAL INJURY LAWYERS



Harry Steinmetz
Certified as Specialist by the Law Society of Ontario in Civil Litigation
(with over 27yrs. of experience)



BOBBY SIDHU
partner
(Serving the Community for Over 16 yrs.)

ਕੀ ਐਕਸੀਡੈਂਟ ਵਿੱਚ ਤੁਹਾਡੇ ਸੱਟ ਲੱਗ ਗਈ ਹੈ?
ਮੁੱਫਤ ਸਲਾਹ ▪ ਫੀਸ ਸੈਟਲਮੈਂਟ ਹੋਣ ਤੋ ਬਾਅਦ

ਜੇਕਰ ਤੁਹਾਡਾ ਕਸੂਰ ਹੈ ਜਾਂ ਨਹੀਂ, ਚਾਹੇ ਤੁਸੀਂ ਕੰਮ ਕਰਦੇ ਹੋ ਜਾਂ ਨਹੀਂ, ਚਾਹੇ ਤੁਸੀਂ Housewife ਹੋ, Student ਹੋ, Pedestrian ਹੋ, Cycliust ਹੋ, ਐਕਸੀਡੈਂਟ ਵਿਚ ਸੱਟ ਲੱਗਣ ਦੀ ਸੂਰਤ ਵਿਚ ਤੁਸੀਂ ਕਈ ਬੈਨੀਫਿਟਸ ਦੇ ਹੱਕਦਾਰ ਹੋ ਸਕਦੇ ਹੋ। ਜੇਕਰ ਤੁਹਾਡੀ ਗਲਤੀ ਨਹੀਂ ਹੈ ਤਾਂ ਤੁਸੀਂ Pain & Suffering ਸਮੇਤ ਕਈ ਮਿਲੀਅਨ ਡਾਲਰ ਦੇ ਕਲੇਮ ਦੇ ਹੱਕਦਾਰ ਹੋ ਸਕਦੇ ਹੋ।

ਹੁਣ ਤੱਕ ਅਸੀਂ ਆਪਣੇ Clients ਨੂੰ ਕਈ ਮਿਲੀਅਨ ਤੱਕ ਦੇ ਕਲੇਮ ਦੁਆ ਚੁੱਕੇ ਹਾਂ।
ਜੇਕਰ ਤੁਸੀਂ ਆਪਣੀਆਂ ਮੋਜੂਦਾ ਕਾਨੂੰਨੀ ਸੇਵਾਵਾਂ ਤੋਂ ਸੰਤੁਸ਼ਟ ਨਹੀਂ ਹੋ ਤਾਂ ਅਸੀਂ ਤੁਹਾਡੀ ਸੇਵਾ ਲਈ ਹਾਜਰ ਹਾਂ।

If you are hurt in Auto Accident, Slip & Fall or you have long Term Disability Claims
Protect yourself, Protect your family, Know your rights.
For exceptional service, benefits you are entitled to and a settlement you deserve, call the name you trust
You only pay upon settlement
GURSHARAN BOBBY SIDHU
647.539.3020
1450 Meyerside Drive, Suite 308, Mississauga
2 OFFICES TO SERVE YOU
55 St. Clair Ave., West, Toronto
email: bsidhu@steinmetzlawyers.ca website: www.steinmetzlawyers.ca

ਖਿੜਕੀਆਂ ਅਤੇ ਦਰਵਾਜੇ ਲਗਵਾਓ Free Estimates



ਵਨਾਈਲ ਅਤੇ ਐਲੂਮੀਨੀਅਮ ਵਿੰਡੋਜ਼,
ਸਟੋਰਮ ਡੋਰ, ਕਲੋਸੈਟ ਡੋਰ ਮਿਰਰਜ਼,
ਪੋਰਚ ਐਨਕਲੋਜ਼ਡ, ਮੇਨ ਐਂਟਰੈਂਸ ਡੋਰ,
ਹਰ ਤਰਾਂ ਦਾ ਗਲਾਸ ਰਿਪਲੇਸਮੈਂਟ
ਅਸੀਂ ਪੇਂਟ ਵੀ ਕਰਦੇ ਹਾਂ
24 ਘੰਟੇ ਤੁਹਾਡੀ ਸੇਵਾ ਵਿੱਚ
SINGH (TOCHI)
416-454-3031
647-784-8240
Email: tochisangha1@hotmail.com

CANADIAN
GLASS AND WINDOW




# ਲਖੀਮਪੁਰ ਖੀਰੀ 'ਚ ਦਰੱਖਤ ਨਾਲ ਲਟਕਦੀਆਂ ਮਿਲੀਆਂ ਦੋ ਦਲਿਤ ਲੜਕੀਆਂ ਦੀਆਂ ਲਾਸ਼ਾਂ, ਦੋ ਵਿਅਕਤੀ ਹਿਰਾਸਤ 'ਚ, ਮਾਂ ਨੇ ਲਗਾਏ ਗੰਭੀਰ ਦੋਸ਼

ਲਖੀਮਪੁਰ, 15 ਸਤੰਬਰ (ਪੋਸਟ ਬਿਊਰੋ): ਉੱਤਰ ਪ੍ਰਦੇਸ਼ ਦੇ ਲਖੀਮਪੁਰ ਖੀਰੀ 'ਚ ਬੁੱਧਵਾਰ ਨੂੰ ਦੋ ਭੈਣਾਂ ਦੀਆਂ ਲਾਸ਼ਾਂ ਦਰੱਖਤ ਨਾਲ ਲਟਕਦੀਆਂ ਮਿਲੀਆਂ। ਜਿਨ੍ਹਾਂ ਦੀਆਂ ਲਾਸ਼ਾਂ ਮਿਲੀਆਂ ਹਨ, ਉਹ ਦੋਵੇਂ ਸਕੀਆਂ ਭੈਣਾਂ ਹਨ। ਇਸ ਮਾਮਲੇ 'ਚ ਮ੍ਰਿਤਕਾਂ ਦੀ ਮਾਂ ਨੇ ਅਗਵਾ ਕਰਨ ਤੋਂ ਬਾਅਦ ਬਲਾਤਕਾਰ ਅਤੇ ਕਤਲ ਕਰਨ ਦਾ ਦੋਸ਼ ਲਗਾਇਆ ਹੈ। ਜਦਕਿ ਪੁਲਿਸ ਨੇ ਮ੍ਰਿਤਕਾਂਵਾਂ ਦੀ ਮਾਂ ਦੀ ਸ਼ਿਕਾਇਤ 'ਤੇ ਇੱਕ ਨਾਮੀ ਅਤੇ ਤਿੰਨ ਅਣਪਛਾਤੇ ਲੋਕਾਂ ਦੇ ਖਿਲਾਫ ਮਾਮਲਾ ਦਰਜ ਕਰ ਲਿਆ ਹੈ। ਇਹ ਪੂਰੀ ਘਟਨਾ ਨਿਘਾਸਨ ਕੋਤਵਾਲੀ ਖੇਤਰ ਦੇ ਤਮੋਲਿਨਪੁਰਵਾ ਪਿੰਡ ਦੀ ਹੈ।

ਇਸ ਮਾਮਲੇ ਵਿੱਚ ਏਡੀਜੀ ਲਾਅ ਐਂਡ ਆਰਡਰ ਪ੍ਰਸ਼ਾਂਤ ਕੁਮਾਰ ਦਾ ਬਿਆਨ ਆਇਆ ਹੈ। ਇਸ ਦੇ ਨਾਲ ਹੀ ਆਈਜੀ ਲਖਨਊ ਰੇਂਜ ਨੇ ਵੀ ਇਸ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਜਦਕਿ ਇਸ ਮਾਮਲੇ 'ਚ ਪੀੜਤਾ ਦੀ ਮਾਂ ਨੇ ਗੰਭੀਰ ਦੋਸ਼ ਲਗਾਏ ਹਨ। ਇਸ ਘਟਨਾ ਵਿੱਚ ਪੁਲਿਸ ਨੇ ਦੋ ਵਿਅਕਤੀਆਂ ਨੂੰ ਹਿਰਾ-ਸਤ ਵਿੱਚ ਵੀ ਲਿਆ ਹੈ।



ਇਸ ਦੇ ਨਾਲ ਹੀ ਲਖਨਊ ਰੇਂਜ ਦੇ ਆਈਜੀ ਲਕਸ਼ਮੀ ਸਿੰਘ ਇਸ ਘਟਨਾ ਦੀ ਜਾਂਚ ਕਰ ਰਹੇ ਹਨ। ਉਨ੍ਹਾਂ ਕਿਹਾ, "ਲੱਖੀਮਪੁਰ ਖੇੜੀ ਵਿੱਚ ਇੱਕ ਪਿੰਡ ਦੇ ਬਾਹਰ ਇੱਕ ਖੇਤ ਵਿੱਚ ਦੋ ਲੜਕੀਆਂ ਦੀਆਂ ਲਾਸ਼ਾਂ ਇੱਕ ਦਰੱਖਤ ਨਾਲ ਲਟਕਦੀਆਂ ਮਿਲੀਆਂ ਹਨ। ਲਾਸ਼ਾਂ 'ਤੇ ਕੋਈ ਸੱਟ ਦੇ ਨਿਸ਼ਾਨ ਨਹੀਂ ਮਿਲੇ ਹਨ। ਬਾਕੀ ਗੱਲਾਂ ਦਾ ਪੋਸਟਮਾਰਟਮ ਤੋਂ ਬਾਅਦ ਪਤਾ ਲੱਗੇਗਾ, ਜਾਂਚ ਜਾਰੀ ਹੈ।"

ਲਖੀਮਪੁਰ ਦੇ ਡੀਐਮ ਮਹਿੰਦਰ ਬਹਾਦਰ ਸਿੰਘ ਨੇ ਇਸ ਘਟਨਾ ਦੀ ਜਾਣਕਾਰੀ ਏਬੀਪੀ ਨੂੰ ਫ਼ੋਨ 'ਤੇ ਦਿੱਤੀ ਹੈ। ਉਨ੍ਹਾਂ ਕਿਹਾ ਕਿ ਦੋਵਾਂ ਲੜਕੀਆਂ ਦੇ ਪੋਸਟਮਾਰਟਮ ਤੋਂ ਬਾਅਦ ਕਤਲ ਦੇ ਕਾਰਨਾਂ ਦਾ ਪਤਾ ਲੱਗੇਗਾ। ਉਨ੍ਹਾਂ ਦੱਸਿਆ ਕਿ ਵੀਰਵਾਰ ਸਵੇਰੇ ਦੋਵੇਂ ਲੜਕੀਆਂ ਦਾ ਪੋਸਟਮਾਰਟਮ ਕੀਤਾ ਜਾਵੇਗਾ। ਇਸ ਦੇ ਨਾਲ ਹੀ ਇਸ ਘਟਨਾ ਨੂੰ ਲੈ ਕੇ ਯੂਪੀ ਦੇ ਏਡੀਜੀ ਲਾਅ ਐਂਡ ਆਰਡਰ ਪ੍ਰਸ਼ਾਂਤ ਕੁਮਾਰ ਦਾ ਬਿਆਨ ਵੀ ਆਇਆ ਹੈ। ਉਨ੍ਹਾਂ ਦੱਸਿਆ ਕਿ ਲਖੀਮਪੁਰ 'ਚ ਦੋ ਭੈਣਾਂ ਦੀਆਂ ਲਾਸ਼ਾਂ ਉਨ੍ਹਾਂ ਦੇ ਘਰ ਤੋਂ ਕੁਝ ਦੂਰੀ 'ਤੇ ਦਰੱਖਤ ਨਾਲ ਲਟਕਦੀਆਂ ਮਿਲੀਆਂ।

# ਜੰਮੂ-ਕਸ਼ਮੀਰ ਵਿਚ ਸੁਰੱਖਿਆ ਬਲਾਂ ਨੇ ਦੋ ਅੱਤਵਾਦੀ ਕੀਤੇ ਢੇਰ

ਸ਼੍ਰੀਨਗਰ, 15 ਸਤੰਬਰ (ਪੋਸਟ ਬਿਊਰੋ): ਜੰਮੂ-ਕਸ਼ਮੀਰ ਦੀ ਰਾਜਧਾਨੀ ਸ਼੍ਰੀਨਗਰ ਦੇ ਨੌਗਾਮ ਇਲਾਕੇ 'ਚ ਸੁਰੱਖਿਆ ਕਰਮੀਆਂ ਅਤੇ ਅੱਤਵਾਦੀਆਂ ਵਿਚਾਲੇ ਮੁੱਠਭੇੜ ਚੱਲ ਰਹੀ ਹੈ। ਇਸ 'ਚ ਸੁਰੱਖਿਆ ਬਲਾਂ ਨੇ ਹੁਣ ਤੱਕ 2 ਅੱਤਵਾਦੀਆਂ ਨੂੰ ਮਾਰ ਦਿੱਤਾ ਹੈ। ਦੋਵਾਂ ਦੀ ਪਛਾਣ ਪੁਲਵਾਮਾ ਦੇ ਏਜਾਜ਼ ਰਸੂਲ ਨਾਜ਼ਰ ਅਤੇ ਸ਼ਾਹਿਦ ਅਹਿਮਦ ਵਜੋਂ ਹੋਈ ਹੈ। ਇਹ ਅੱਤਵਾਦੀ ਸੰਗਠਨ ਅੰਸਾਰ ਗਜ਼ਵਤ-ਉਲ-ਹਿੰਦ ਨਾਲ ਜੁੜੇ ਹੋਏ ਸਨ। ਦੋਵੇਂ ਅੱਤਵਾਦੀ 2 ਸਤੰਬਰ ਨੂੰ ਪੁਲਵਾਮਾ 'ਚ ਬੰਗਾਲ ਦੇ ਇਕ ਮਜ਼ਦੂਰ ਮੁਨੀਰ-ਉਲ-ਇਸਲਾਮ ਦੀ ਹੱਤਿਆ 'ਚ ਸ਼ਾਮਲ ਸਨ। ਜੰਮੂ-ਕਸ਼ਮੀਰ ਪੁਲਸ ਨੇ ਕਿਹਾ ਕਿ ਇਲਾਕੇ 'ਚ ਕੁਝ ਅੱਤਵਾਦੀਆਂ ਦੇ ਲੁਕੇ ਹੋਣ ਦੀ ਸੂਚਨਾ ਮਿਲੀ ਸੀ। ਇਸ ਤੋਂ ਬਾਅਦ ਪੁਲਿਸ ਅਤੇ ਜਵਾਨਾਂ ਨੇ ਇਹ ਸਾਂਝਾ ਆਪਰੇਸ਼ਨ ਸ਼ੁਰੂ ਕੀਤਾ। ਇਸ ਤੋਂ ਬਾਅਦ ਮੁਕਾਬਲੇ 'ਚ ਦੋਵੇਂ ਅੱਤਵਾਦੀ ਮਾਰੇ ਗਏ। ਅੱਤਵਾਦੀਆਂ ਕੋਲੋਂ ਇਕ ਏ.ਕੇ.-47, 2 ਪਿਸਤੌਲ ਅਤੇ ਇਕ ਗ੍ਰੇਨੇਡ ਬਰਾਮਦ ਹੋਇਆ ਹੈ।



# ਮੁਕੁਲ ਰੋਹਤਗੀ ਦੇਸ਼ ਦੇ ਅਟਾਰਨੀ ਜਨਰਲ ਨਿਯੁਕਤ

ਨਵੀਂ ਦਿੱਲੀ, 15 ਸਤੰਬਰ (ਪੋਸਟ ਬਿਊਰੋ): ਮੁਕੁਲ ਰੋਹਤਗੀ ਨੂੰ ਦੇਸ਼ ਦਾ 14ਵਾਂ ਅਟਾਰਨੀ ਜਨਰਲ ਨਿਯੁਕਤ ਕੀਤਾ ਗਿਆ ਹੈ। ਉਹ 1 ਅਕਤੂਬਰ ਤੋਂ ਆਪਣਾ ਕਾਰਜਕਾਲ ਸ਼ੁਰੂ ਕਰਨਗੇ। ਰੋਹਤਗੀ ਕੇਕੇ ਵੇਣੂਗੋਪਾਲ ਦੀ ਥਾਂ ਲੈਣਗੇ ਜਿਨ੍ਹਾਂ ਦਾ ਕਾਰਜਕਾਲ 30 ਸਤੰਬਰ ਨੂੰ ਖਤਮ ਹੋ ਰਿਹਾ ਹੈ। ਰੋਹਤਗੀ ਨੂੰ ਇਸ ਤੋਂ ਪਹਿਲਾਂ ਜੂਨ 2014 ਵਿੱਚ ਵੀ ਅਟਾਰਨੀ ਜਨਰਲ ਨਿਯੁਕਤ ਕੀਤਾ ਗਿਆ ਸੀ ਅਤੇ ਜੂਨ 2017 ਤੱਕ ਸੇਵਾ ਕੀਤੀ ਸੀ। ਵੇਣੂਗੋਪਾਲ ਨੇ ਹਾਲ ਹੀ ਵਿੱਚ ਸੁਪਰੀਮ ਕੋਰਟ ਨੂੰ ਸੰਕੇਤ ਦਿੱਤਾ ਸੀ ਕਿ ਉਹ 30 ਸਤੰਬਰ ਤੋਂ ਬਾਅਦ ਅਹੁਦੇ 'ਤੇ ਨਹੀਂ ਰਹਿਣਗੇ। ਇਸ ਸਾਲ ਜੂਨ ਦੇ ਅੰਤ ਵਿੱਚ, ਏ.ਜੀ. ਵੇਣੂਗੋਪਾਲ ਦਾ ਕਾਰਜਕਾਲ ਤਿੰਨ ਮਹੀਨਿਆਂ ਲਈ ਵਧਾ ਦਿੱਤਾ ਗਿਆ ਸੀ। ਇਸ ਐਕਸਟੈਂਸ਼ਨ ਦੀ ਮਿਆਦ 30 ਸਤੰਬਰ ਨੂੰ ਖਤਮ ਹੋਣ ਵਾਲੀ ਹੈ। ਜ਼ਿਕਰਯੋਗ ਹੈ ਕਿ ਅਟਾਰਨੀ ਜਨਰਲ ਦੇਸ਼ ਦਾ ਚੋਟੀ ਦਾ ਕਾਨੂੰਨ ਅਧਿਕਾਰੀ ਅਤੇ ਕੇਂਦਰ ਸਰਕਾਰ ਦਾ ਮੁੱਖ ਕਾਨੂੰਨੀ ਸਲਾਹਕਾਰ ਹੁੰਦਾ ਹੈ। ਜੋ ਸੁਪਰੀਮ ਕੋਰਟ ਵਿੱਚ ਅਹਿਮ ਮਾਮਲਿਆਂ ਵਿੱਚ ਕੇਂਦਰ ਸਰਕਾਰ ਦੀ ਨੁਮਾਇੰਦਗੀ ਕਰਦੇ ਹਨ। ਅਟਾਰਨੀ ਜਨਰਲ ਸਰਕਾਰ ਦਾ ਪਹਿਲਾ ਕਾਨੂੰਨ ਅਧਿਕਾਰੀ ਹੁੰਦਾ ਹੈ।



## ਭਾਰਤ ਜੋੜੋ ਯਾਤਰਾ 'ਤੇ ਰਾਹੁਲ ਨੇ ਕਿਹਾ, ਦੇਸ਼ ਦਾ ਸੁਪਨਾ ਟੁੱਟਿਆ, ਬਖਰਿਆ ਨਹੀਂ

ਕਾਜ਼ਕੂਟਮ, 15 ਸਤੰਬਰ (ਪੋਸਟ ਬਿਊਰੋ): ਕੇਰਲ ਵਿਚ ਕਾਂਗਰਸ ਦੀ ਭਾਰਤ ਜੋੜੋ ਯਾਤਰਾ ਦੌਰਾਨ ਕਾਜ਼ਕੂਟਮ ਨੇੜੇ ਕੰਨਿਆਪੁਰਮ ਵਿਖੇ ਸਵੇਰੇ 7:15 ਵਜੇ ਸ਼ੁਰੂ ਹੋਈ ਇਸ ਯਾਤਰਾ ਦੌਰਾਨ ਕੇਰਲ ਲੇਗ ਦੇ ਪਿਛਲੇ ਦਿਨਾਂ ਵਾਂਗ ਹੀ ਲੋਕਾਂ ਦੀ ਭਾਰੀ ਭੀੜ ਦੇਖਣ ਨੂੰ ਮਿਲੀ। ਇਸ ਦੌਰਾਨ ਰਾਹੁਲ ਗਾਂਧੀ ਨੇ ਕਿਹਾ ਕਿ ਨਫ਼ਰਤ, ਹਿੰਸਾ ਅਤੇ ਗੁੱਸੇ ਨਾਲ ਚੋਣਾਂ ਜਿੱਤੀਆਂ ਜਾ ਸਕਦੀਆਂ ਹਨ, ਪਰ ਇਹ ਦੇਸ਼ ਨੂੰ ਦਰਪੇਸ਼ ਸਮਾਜਿਕ-ਆਰਥਿਕ ਸਮੱਸਿਆਵਾਂ ਦਾ ਹੱਲ ਨਹੀਂ ਕਰ ਸਕਦੀਆਂ। ਭਾਰਤ ਜੋੜੋ ਯਾਤਰਾ ਤਹਿਤ ਕੰਨਿਆਕੁਮਾਰੀ ਤੋਂ ਕਸ਼ਮੀਰ ਤੱਕ 3,570 ਕਿਲੋਮੀਟਰ ਦੀ ਦੂਰੀ ਤੈਅ ਕੀਤੀ ਜਾਵੇਗੀ। ਰਾਹੁਲ ਗਾਂਧੀ ਨੇ ਯਾਤਰਾ ਦੌਰਾਨ ਟਵੀਟ ਕੀਤਾ ਕਿ ਭਾਰਤ ਦਾ ਸੁਪਨਾ ਟੁੱਟਿਆ ਹੈ, ਬਿਖਰਿਆ ਨਹੀਂ ਹੈ।

# ਜੰਮੂ-ਕਸ਼ਮੀਰ ਵਿਚ 80 ਫੁੱਟ ਡੂੰਘੀ ਖੱਡ 'ਚ ਡਿੱਗੀ ਕਾਰ, 2 ਹਲਾਕ



ਜੰਮੂ, 15 ਸਤੰਬਰ (ਪੋਸਟ ਬਿਊਰੋ)- ਜੰਮੂ-ਕਸ਼ਮੀਰ ਦੇ ਡੋਡਾ ਜ਼ਿਲੇ ਵਿਚ ਸੋਮਵਾਰ ਨੂੰ ਇਕ ਕਾਰ ਖੱਡ 'ਚ ਡਿੱਗ ਗਈ, ਜਿਸ ਕਾਰਣ ਉਸ ਵਿਚ ਸਵਾਰ 2 ਲੋਕਾਂ ਦੀ ਮੌਤ ਹੋ ਗਈ। ਪੁਲਸ ਅਨੁਸਾਰ ਕਾਰ ਵਿਚ ਸਵਾਰ ਲੋਕ ਥਾਥਰੀ ਤੋਂ ਚੇਰਾ ਵੱਲ ਜਾ ਰਹੇ ਸਨ। ਇਸ ਦੌਰਾਨ ਨੰਦਨਾ, ਥਾਥਰੀ ਨੇੜੇ ਕਰੀਬ 80 ਫੁੱਟ ਡੂੰਘੀ ਖੱਡ 'ਚ ਕਾਰ ਡਿੱਗ ਗਈ। ਹਾਦਸੇ ਵਿਚ ਦੋ ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਅਜੈ ਕੁਮਾਰ (27) ਪੁੱਤਰ ਮਹਿੰਦਰ ਸਿੰਘ ਵਾਸੀ ਚਿਰਨਾ ਥਾਥਰੀ ਅਤੇ ਰਣਜੀਤ ਸਿੰਘ (31) ਪੁੱਤਰ ਸੋਮ ਲਾਲ ਵਾਸੀ ਜਗੋਤ ਤਹਿਸੀਲ ਫਗਸੋ ਵਜੋਂ ਹੋਈ ਹੈ।

# ਸੁਪਰੀਮ ਕੋਰਟ ਨੇ ਕੇਂਦਰ ਨੂੰ ਰਾਸ਼ਟਰੀ ਪੱਧਰ 'ਤੇ ਸ਼ਰਾਬ ਰੋਕਥਾਮ ਨੀਤੀ ਬਣਾਉਣ ਬਾਰੇ ਹੁਕਮ ਪਾਸ ਕਰਨ ਤੋਂ ਕੀਤੀ ਨਾਂਹ

ਨਵੀਂ ਦਿੱਲੀ, 15 ਸਤੰਬਰ (ਪੋਸਟ ਬਿਊਰੋ): ਸੁਪਰੀਮ ਕੋਰਟ ਨੇ ਸੋਮਵਾਰ ਨੂੰ ਰਾਸ਼ਟਰੀ ਸ਼ਰਾਬ ਰੋਕਥਾਮ ਨੀਤੀ ਦੀ ਮੰਗ ਕਰਨ ਵਾਲੀ ਪਟੀਸ਼ਨ ਨੂੰ ਖਾਰਿਜ ਕਰ ਦਿੱਤਾ ਹੈ। ਸੁਪਰੀਮ ਕੋਰਟ ਨੇ ਕੇਂਦਰ ਨੂੰ ਰਾਸ਼ਟਰੀ ਪੱਧਰ 'ਤੇ ਸ਼ਰਾਬ ਰੋਕਥਾਮ ਨੀਤੀ ਬਣਾਉਣ ਦਾ ਨਿਰਦੇਸ਼ ਦੇਣ ਦੀ ਮੰਗ 'ਤੇ ਕੋਈ ਵੀ ਹੁਕਮ ਪਾਸ ਕਰਨ ਤੋਂ ਸਾਫ਼ ਨਾਂਹ ਕਰ ਦਿੱਤੀ ਹੈ। ਚੀਫ਼ ਜਸਟਿਸ ਆਫ ਇੰਡੀਆ ਯੂ. ਯੂ. ਲਲਿਤ ਦੀ ਅਗਵਾਈ ਵਾਲੀ ਸੁਪਰੀਮ ਕੋਰਟ ਦੀ ਦੋ ਮੈਂਬਰੀ ਬੈਂਚ ਨੇ ਕਿਹਾ, ''ਇਹ ਨੀਤੀਗਤ ਮਾਮਲਾ ਹੈ। ਅਸੀਂ ਦਖਲ ਨਹੀਂ ਦੇਵਾਂਗੇ।''



ਪਟੀਸ਼ਨ 'ਚ ਕੇਂਦਰ ਨੂੰ ਰਾਸ਼ਟਰੀ ਪੱਧਰ 'ਤੇ ਸ਼ਰਾਬ ਰੋਕਥਾਮ ਨੀਤੀ ਬਣਾਉਣ ਦਾ ਨਿਰਦੇਸ਼ ਦੇਣ ਦੀ ਮੰਗ ਕੀਤੀ ਗਈ ਸੀ ਕਿਉਂਕਿ ਸੂਬੇ ਆਪਣੇ ਹਿਸਾਬ ਨਾਲ ਨਿਯਮ ਬਣਾ ਰਹੇ ਹਨ। ਬੈਂਚ ਦੇ ਸਾਹਮਣੇ ਵਕੀਲ ਨੇ ਕਿਹਾ ਕਿ ਇਹ ਸਮਵਰਤੀ ਮੁੱਦਾ ਹੈ ਪਰ ਕੇਂਦਰ ਸਰਕਾਰ ਨੇ ਇਸ ਮੁੱਦੇ 'ਤੇ ਆਪਣਾ ਪੱਲਾ ਝਾੜ ਲਿਆ ਹੈ।

# ਇਸ਼ਰਤ ਜਹਾਂ ਮੁਕਾਬਲੇ ਦੀ ਜਾਂਚ ਕਰਨ ਵਾਲਾ ਆਈਪੀਐਸ ਅਧਿਕਾਰੀ ਕੀਤਾ ਗਿਆ ਬਰਖਾਸਤ

*** ਵਰਮਾ ਨੇ ਦਿੱਲੀ ਹਾਈ ਕੋਰਟ ਦੇ ਹੁਕਮਾਂ ਤੋਂ ਬਾਅਦ ਸੁਪਰੀਮ ਕੋਰਟ ਦਾ ਦਰਵਾਜਾ ਖੜਕਾਇਆ**

ਨਵੀਂ ਦਿੱਲੀ, 15 ਸਤੰਬਰ (ਪੋਸਟ ਬਿਊਰੋ) - ਇਸ਼ਰਤ ਜਹਾਂ ਫਰਜ਼ੀ ਮੁਕਾਬਲੇ ਦੀ ਜਾਂਚ ਵਿਚ ਸੀਬੀਆਈ ਦੀ ਮਦਦ ਕਰਨ ਵਾਲੇ ਸੀਨੀਅਰ ਆਈਪੀਐਸ ਅਧਿਕਾਰੀ ਸਤੀਸ਼ ਚੰਦਰ ਵਰਮਾ ਉਤੇ ਗਾਜ ਡਿੱਗੀ ਹੈ। ਸਤੀਸ਼ ਚੰਦਰ ਵਰਮਾ ਨੂੰ ਸਰਕਾਰ ਵਲੋਂ ਸੇਵਾਮੁਕਤੀ ਤੋਂ ਇਕ ਮਹੀਨੇ ਪਹਿਲਾਂ ਹੀ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਗਿਆ ਹੈ। ਸਤੀਸ਼ ਨੇ ਅਧਿਕਾਰੀ ਨੇ 30 ਸਤੰਬਰ ਨੂੰ ਸੇਵਾਮੁਕਤ ਹੋਣਾ ਸੀ।

ਦਿੱਲੀ ਹਾਈ ਕੋਰਟ ਨੇ ਵਰਮਾ ਵਿਚ ਹੋਈ ਸੁਣਵਾਈ ਤੋਂ ਬਾਅਦ ਕੇਂਦਰੀ ਗ੍ਰਹਿ ਮੰਤਰਾਲੇ ਨੂੰ 19 ਸਤੰਬਰ ਤੱਕ ਬਰਖਾਸਤਗੀ ਦੇ ਹੁਕਮਾਂ 'ਤੇ ਅਮਲ ਨਾ ਕਰਨ ਦਾ ਨਿਰਦੇਸ਼ ਦਿੱਤਾ ਗਿਆ ਹੈ। ਇਸ ਨਾਲ ਆਈਪੀਐਸ ਅਧਿਕਾਰੀ ਨੂੰ ਰਾਹਤ ਲਈ ਉੱਚ ਅਦਾਲਤ ਤੱਕ ਪਹੁੰਚ ਕਰਨ ਦਾ ਸਮਾਂ ਮਿਲੇਗਾ। ਜੇਕਰ ਵਰਮਾ ਦੀ ਬਰਖਾਸਤਗੀ ਲਾਗੂ ਹੋ ਜਾਂਦੀ ਹੈ ਤਾਂ ਉਹ ਪੈਨਸ਼ਨ ਅਤੇ ਹੋਰ ਲਾਭਾਂ ਦਾ ਹੱਕਦਾਰ ਨਹੀਂ ਹੋਵੇਗਾ। ਸੀਨੀਅਰ ਪੁਲੀਸ ਅਧਿਕਾਰੀ ਮੌਜੂਦਾ ਸਮੇਂ ਵਿਚ ਤਾਮਿਲਨਾਡੂ ਵਿਚ ਕੇਂਦਰੀ ਰਿਜ਼ਰਵ ਪੁਲੀਸ ਬਲ (ਸੀਆਰਪੀਐਫ) ਵਿਚ ਇੰਸਪੈਕਟਰ ਜਨਰਲ ਵਜੋਂ ਤਾਇਨਾਤ ਸੀ। ਵਰਮਾ ਨੇ ਦਿੱਲੀ ਹਾਈ ਕੋਰਟ ਦੇ ਹੁਕਮਾਂ ਤੋਂ ਬਾਅਦ ਸੁਪਰੀਮ ਕੋਰਟ ਦਾ ਦਰਵਾਜਾ ਖੜਕਾਇਆ ਹੈ।



ਜ਼ਿਕਰਯੋਗ ਹੈ ਕਿ ਵਰਮਾ ਨੇ ਅਪਰੈਲ 2010 ਤੋਂ ਅਕਤੂਬਰ 2011 ਦਰਮਿਆਨ ਇਸ਼ਰਤ ਜਹਾਂ ਮਾਮਲੇ ਦੀ ਜਾਂਚ ਕੀਤੀ ਸੀ ਜਿਸ ਦੀ ਰਿਪੋਰਟ ਦੇ ਆਧਾਰ 'ਤੇ ਵਿਸ਼ੇਸ਼ ਜਾਂਚ ਟੀਮ ਨੇ ਇਸ ਮੁਕਾ-ਬਲੇ ਨੂੰ 'ਫਰਜ਼ੀ' ਮੰਨਿਆ ਸੀ। ਗੁਜਰਾਤ ਹਾਈ ਕੋਰਟ ਨੇ ਬਾਅਦ ਵਿਚ ਸੀਬੀਆਈ ਨੂੰ ਮਾਮਲੇ ਦੀ ਜਾਂਚ ਕਰਨ ਦੇ ਨਿਰਦੇਸ਼ ਦਿੱਤੇ ਸਨ।

# ਹੈਦਰਾਬਾਦ 'ਚ ਸ਼ੋਅਰੂਮ ਵਿਚ ਅੱਗ ਲੱਗਣ ਕਾਰਨ 8 ਵਿਅਕਤੀਆਂ ਦੀ ਮੌਤ

*** ਪ੍ਰਧਾਨ ਮੰਤਰੀ ਤੇ ਮੁੱਖ ਮੰਤਰੀ ਨੇ ਕੀਤਾ ਪੀੜਤ ਪਰਿਵਾਰਾਂ ਦੀ ਮਦਦ ਦਾ ਐਲਾਨ**

ਹੈਦਰਾਬਾਦ, 15 ਸਤੰਬਰ (ਪੋਸਟ ਬਿਊਰੋ)- ਤੇਲੰਗਾਨਾ ਦੇ ਸਿਕੰ-ਦਰਾਬਾਦ ਵਿਚ ਸੋਮਵਾਰ ਰਾਤ ਨੂੰ ਇਲੈਕਟ੍ਰਾਨਿਕ ਬਾਈਕ ਸ਼ੋਅਰੂਮ ਵਿਚ ਭਿਆਨਕ ਅੱਗ ਲੱਗ ਗਈ। ਅੱਗ ਸ਼ੋਅਰੂਮ ਦੇ ਉੱਪਰ ਬਣੇ ਹੋਟਲ ਵਿਚ ਵੀ ਫੈਲ ਗਈ। ਜਿਸ ਕਾਰਨ 8 ਵਿਅਕਤੀਆਂ ਹਲਾਕ ਹੋ ਗਏ ਅਤੇ ਪੰਜ ਜ਼ਖ਼ਮੀ ਹੋ ਗਏ। ਪੁਲਸ ਨੇ ਦੱਸਿਆ ਕਿ ਪਹਿਲਾਂ ਸ਼ੋਅਰੂਮ 'ਚ ਅੱਗ ਲੱਗੀ, ਜੋ ਬਾਅਦ 'ਚ ਉਸ ਦੇ ਉਪਰਲੇ ਹੋਟਲ 'ਚ ਫੈਲ ਗਈ। ਘਟਨਾ ਦੌਰਾਨ ਹੋਟਲ ਵਿਚ ਕਰੀਬ 25 ਤੋਂ 30 ਲੋਕ ਮੌਜੂਦ ਸਨ। ਫਾਇਰਫਾਈਟਰਜ਼ ਨੇ ਅੱਗ ਵਿਚ ਫਸੇ ਵਿਅਕਤੀਆਂ ਨੂੰ ਬਚਾਇਆ ਅਤੇ ਬੜੀ ਹੀ ਮੁਸ਼ੱਕਤ ਨਾਲ ਅੱਗ ਉਤੇ ਕਾਬੂ ਪਾਇਆ ਗਿਆ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਤੇਲੰਗਾਨਾ ਦੇ ਮੰਤਰੀ ਕੇਟੀ ਰਾਮਾ ਰਾਓ ਨੇ ਹੋਏ ਜਾਨੀ ਨੁਕਸਾਨ ਉਤੇ ਦੁੱਖ ਜਤਾਇਆ ਅਤੇ ਕੇਂਦਰ ਅਤੇ ਰਾਜ ਸਰਕਾਰਾਂ ਵੱਲੋਂ ਪੀੜਤਾਂ ਨੂੰ ਐਕਸ-ਗ੍ਰੇਸ਼ੀਆ ਦੇਣ ਦਾ ਐਲਾਨ ਕੀਤਾ ਹੈ।





## ਭਾਰਤ-ਨੇਪਾਲ ਸਰਹੱਦ 'ਤੇ ਬੱਦਲ ਫਟਣ ਨਾਲ 2 ਮਰੇ

ਪਿਥੌਰਾਗੜ੍ਹ, 15 ਸਤੰਬਰ (ਪੋਸਟ ਬਿਊਰੋ)- ਭਾਰਤ-ਨੇਪਾਲ ਸਰਹੱਦ 'ਤੇ ਬੱਦਲ ਫਟਣ ਕਾਰਨ ਭਾਰੀ ਤਬਾਹੀ ਮਚੀ ਹੈ। ਪਿਥੌਰਾਗੜ੍ਹ ਜ਼ਿਲੇ ਵਿੱਚ ਬਹੁਤ ਸਾਰੇ ਮਕਾਨਾਂ 'ਚ ਮਲਬਾ ਵੜ ਗਿਆ। 2 ਲੋਕਾਂ ਦੀ ਮੌਤ ਹੋਣ ਦੀ ਖਬਰ ਹੈ ਅਤੇ ਕਈ ਲੋਕ ਲਾਪਤਾ ਹਨ। ਉਤਰਾਖੰਡ ਦੇ ਸਰਹੱਦੀ ਜ਼ਿਲੇ ਪਿਥੌਰਾਗੜ੍ਹ ਦੇ ਧਾਰਚੂਲਾ ਇਲਾਕੇ 'ਚ ਇਹ ਤਬਾਹੀ ਹੋਈ ਹੈ। ਕਈ ਦਰਜਨ ਘਰ ਢਹਿ ਗਏ। ਸੈਂਕੜੇ ਘਰ ਨੁਕਸਾਨੇ ਵੀ ਗਏ ਹਨ। ਭਾਰਤ ਦੇ ਨਾਲ ਨਾਲ ਸਰਹੱਦ ਦੇ ਦੂਜੇ ਪਾਸੇ ਇਸ ਤੋਂ ਵੀ ਵੱਧ ਤਬਾਹੀ ਦੇਖਣ ਨੂੰ ਮਿਲੀ ਹੈ। ਕਈ ਪਿੰਡ ਜਲਥਲ ਹੋ ਗਏ ਹਨ। ਜਾਣਕਾਰੀ ਮੁਤਾਬਕ ਖੋਟੀਲਾ ਦੇ ਪ੍ਰੇਮਨਗਰ 'ਚ ਕਾਲੀ ਨਦੀ 'ਤੇ ਬਣਿਆ ਪੁਲ ਟੁੱਟ ਗਿਆ ਹੈ। ਮਲਬੇ ਕਾਰਨ ਉਸ ਦਾ ਵਹਾਅ ਬੰਦ ਹੋ ਗਿਆ। ਲੋਕਾ ਦੇ ਬਚਾਅ ਲਈ ਹੈਲੀਕਾਪਟਰਾਂ ਦੀਆਂ ਸੇਵਾਵਾਂ ਲਈਆਂ ਗਈਆਂ। ਕਈ ਲੋਕਾਂ ਨੂੰ ਬਚਾਇਆ ਗਿਆ।

## ਹਿਮਾਚਲ ਦੇ ਮਲਾਣਾ 'ਚ 18 ਹਜ਼ਾਰ ਫੁੱਟ ਉੱਚੀ ਚੋਟੀ ਫਤਿਹ ਕਰਨ ਨਿਕਲੇ 4 ਟ੍ਰੈਕਰ ਲਾਪਤਾ

ਸ਼ਿਮਲਾ, 15 ਸਤੰਬਰ (ਪੋਸਟ ਬਿਊਰੋ)- ਹਿਮਾਚਲ ਪ੍ਰਦੇਸ਼ ਦੇ ਮਲਾਣਾ 'ਚ 18 ਹਜ਼ਾਰ ਫੁੱਟ ਉੱਚੀ ਮਾਊਂਟ ਅਲੀ ਰਤਨੀ ਟਿੱਬਾ ਚੋਟੀ ਫਤਿਹ ਕਰਨ ਗਏ ਕੋਲਕਾਤਾ ਦੇ 4 ਟ੍ਰੈਕਰ ਲਾਪਤਾ ਹੋ ਗਏ ਹਨ। ਮਲਾਣਾ ਪਰਤਣ ਵਾਲੀ ਟ੍ਰੈਕਿੰਗ ਟੀਮ ਦੇ ਇਕ ਮੈਂਬਰ ਨੇ ਚਾਰਾਂ ਦੇ ਲਾਪਤਾ ਹੋਣ ਦੀ ਸੂਚਨਾ ਪ੍ਰਸ਼ਾਸਨ ਨੂੰ ਦਿੱਤੀ। ਅਟਲ ਬਿਹਾਰੀ ਵਾਜਪਾਈ ਪਰਵਤਾਰੋਹੀ ਖੇਡ ਸੰਸਥਾ ਮਨਾਲੀ ਤੋਂ 15 ਮੈਂਬਰੀ ਟੀਮ ਇਨ੍ਹਾਂ ਦੀ ਭਾਲ 'ਚ ਭੇਜੀ ਗਈ ਹੈ। ਅਜੇ ਤੱਕ ਲਾਪਤਾ ਟ੍ਰੈਕਰ ਦਾ ਕੋਈ ਪਤਾ ਨਹੀਂ ਲੱਗ ਸਕਿਆ।

ਲਾਪਤਾ ਪਰਬਤਾਰੋਹੀ ਦੀ ਪਛਾਣ- ਅਭਿਜੀਤ ਬਨਿਕ (43), ਚਿਨਮਯ ਮੰਡਲ (43), ਸਾਲਾ ਦਿਵੇਸ਼ ਦਾਸ (37) ਅਤੇ ਸਾਲਾ ਬਿਨੋਏ ਦਾਸ (31) ਦੇ ਤੌਰ ਉਤੇ ਹੋਈ ਹੈ।

# ਐਕਸਟੌਰਸ਼ਨ ਮਾਮਲੇ ਵਿਚ ਜੈਕਲੀਨ ਤੋਂ 8 ਘੰਟੇ ਹੋਈ ਪੁੱਛਗਿੱਛ

*** ਜਵਾਬਾਂ ਤੋਂ ਸੰਤੁਸ਼ਟ ਨਹੀਂ ਦਿੱਲੀ ਪੁਲਿਸ, ਦੁਬਾਰਾ ਬੁਲਾ ਸਕਦੀ ਹੈ**

ਨਵੀਂ ਦਿੱਲੀ, 15 ਸਤੰਬਰ (ਪੋਸਟ ਬਿਊਰੋ) - ਐਕਸਟੌਰਸ਼ਨ ਮਾਮਲੇ ਵਿਚ ਜੈਕਲੀਨ ਤੋਂ ਦਿੱਲੀ ਪੁਲਸ ਵਲੋਂ 8 ਘੰਟੇ ਪੁੱਛਗਿੱਛ ਕੀਤੀ ਗਈ। ਪਰ ਦਿੱਲੀ ਪੁਲਿਸ ਜੈਕਲੀਨ ਫਰਨਾਂਡੀਜ਼ ਅਤੇ ਪਿੰਕੀ ਇਰਾਨੀ ਦੇ ਜਵਾਬਾਂ ਤੋਂ ਸੰਤੁਸ਼ਟ ਨਹੀਂ ਹੈ। ਮੀਡੀਆ ਰਿਪੋਰਟਾਂ ਮੁਤਾਬਕ ਪੁਲਿਸ ਨੂੰ ਦੋਵਾਂ ਦੇ ਬਿਆਨਾਂ 'ਚ ਭਿੰਨਤਾ ਪਾਈ ਗਈ ਹੈ। ਇਹ ਫੈਸਲਾ ਕਰਨ ਤੋਂ ਪਹਿਲਾਂ ਕਿ ਜੈਕਲੀਨ ਨੂੰ ਦੁਬਾਰਾ ਕਦੋਂ ਬੁਲ-ਾਇਆ ਜਾਵੇ, ਸੀਨੀਅਰ ਅਧਿਕਾਰੀ ਆਪਸ ਵਿੱਚ ਅਦਾਕਾਰਾ ਦੇ ਬਿਆਨਾਂ 'ਤੇ ਚਰਚਾ ਕਰਨਗੇ।

ਰਿਪੋਰਟਾਂ ਅਨੁਸਾਰ, ਪਹਿਲੇ ਦੌਰ ਦੀ ਪੁੱਛਗਿੱਛ ਦੌਰਾਨ, ਦਿੱਲੀ ਪੁਲਿਸ ਨੂੰ ਉਨ੍ਹਾਂ ਦੇ ਜਵਾਬਾਂ ਵਿੱਚ ਅੰਤਰ ਪਾਇਆ ਗਿਆ ਅਤੇ ਦੋਵਾਂ ਦੇ ਦੁਬਾਰਾ ਆਹਮੋ-ਸਾਹਮਣੇ ਹੋਣ ਦੀ ਸੰਭਾਵਨਾ ਹੈ। ਪਹਿਲਾਂ ਪਿੰਕੀ ਇਰਾਨੀ ਅਤੇ ਜੈਕਲੀਨ ਫਰਨਾਂਡੀਜ਼ ਦੇ ਬਿਆਨ ਵੱਖਰੇ ਤੌਰ 'ਤੇ ਦਰਜ ਕੀਤੇ ਗਏ ਸਨ, ਫਿਰ ਮਾਮਲੇ 'ਚ ਹੋਰ ਸਪੱਸ਼ਟਤਾ ਲਿਆਉਣ ਲਈ ਉਨ੍ਹਾਂ ਨੂੰ ਇਕੱਠਾ ਕੀਤਾ ਗਿਆ ਅਤੇ ਪੁੱਛਗਿੱਛ ਕੀਤੀ ਗਈ। ਜੈਕਲੀਨ ਤੋਂ ਕਰੀਬ 8 ਘੰਟੇ ਪੁੱਛਗਿੱਛ ਕੀਤੀ ਗਈ।



ਜੈਕਲੀਨ ਫਰਨਾਂਡੀਜ਼ ਕਥਿਤ ਠੱਗ ਸੁਕੇਸ਼ ਚੰਦਰਸ਼ੇਖਰ ਨਾਲ ਜੁੜੇ ਐਕਸਟੌਰਸ਼ਨ ਮਾਮਲੇ ਦੇ ਸਬੰਧ ਵਿੱਚ ਬੁੱਧਵਾਰ ਨੂੰ ਦਿੱਲੀ ਪੁਲਿਸ ਦੀ ਆਰਥਿਕ ਅਪਰਾਧ ਸ਼ਾਖਾ ਦੇ ਸਾਹਮਣੇ ਪੇਸ਼ ਹੋਈ। ਅਧਿਕਾਰੀਆਂ ਨੇ ਦੱਸਿਆ ਕਿ ਸ਼੍ਰੀਲੰਕਾਈ ਨਾਗਰਿਕ ਜੈਕਲੀਨ ਤੀਜੇ ਸੰਮਨ ਜਾਰੀ ਹੋਣ ਤੋਂ ਬਾਅਦ ਜਾਂਚ ਵਿੱਚ ਸ਼ਾਮਲ ਹੋਈ।

ਇੱਕ ਸੀਨੀਅਰ ਪੁਲਿਸ ਅਧਿਕਾਰੀ ਨੇ ਦੱਸਿਆ ਕਿ ਪਿੰਕੀ ਇਰਾਨੀ ਅਦਾਕਾਰਾ ਦੇ ਨਾਲ ਸੀ। ਇਹ ਇਰਾਨੀ ਹੀ ਸੀ ਜਿਸ ਨੇ ਕਥਿਤ ਤੌਰ 'ਤੇ ਫਰਨਾਂਡੀਜ਼ ਨੂੰ ਚੰਦਰਸ਼ੇਖਰ ਨਾਲ ਮਿਲਾਇਆ ਸੀ। ਤੁਹਾਨੂੰ ਦੱਸ ਦੇਈਏ ਕਿ 'ਹਾਊਸਫੁੱਲ 3' ਦੀ ਅਭਿਨੇਤਰੀ ਨੂੰ ਸੋਮਵਾਰ ਨੂੰ ਜਾਂਚ 'ਚ ਸ਼ਾਮਲ ਹੋਣ ਲਈ ਕਿਹਾ ਗਿਆ ਸੀ ਪਰ ਉਸ ਨੇ ਪਹਿਲਾਂ ਹੀ ਕੀਤੇ ਵਾਅਦੇ ਦਾ ਹਵਾਲਾ ਦਿੰਦੇ ਹੋਏ ਇਕ ਹੋਰ ਤਰੀਕ ਲਈ ਬੇਨਤੀ ਕੀਤੀ।

ਇਸ ਮਹੀਨੇ ਦੀ ਸ਼ੁਰੂਆਤ 'ਚ ਇਸ ਮਾਮਲੇ 'ਚ ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਨੇ ਇਕ ਹੋਰ ਬਾਲੀਵੁੱਡ ਅਭਿਨੇਤਰੀ ਨੋਰਾ ਫਤੇਹੀ ਤੋਂ ਛੇ-ਸੱਤ ਘੰਟੇ ਪੁੱਛਗਿੱਛ ਕੀਤੀ ਸੀ ਅਤੇ ਉਸ ਦਾ ਬਿਆਨ ਦਰਜ ਕੀਤਾ ਗਿਆ ਸੀ। ਨੋਰਾ ਤੋਂ ਪਹਿਲਾਂ ਪੁੱਛਗਿੱਛ ਕੀਤੀ ਗਈ ਸੀ।

# ਰਾਸ਼ਟਰਪਤੀ ਦ੍ਰੋਪਦੀ ਮੁਰਮੂ ਮਹਾਰਾਣੀ ਐਲਿਜ਼ਾਬੈਥ-2 ਦੇ ਅੰਤਿਮ ਸਸਕਾਰ ਵਿਚ ਸ਼ਾਮਲ ਹੋਣਗੇ

ਨਵੀਂ ਦਿੱਲੀ, 15 ਸਤੰਬਰ (ਪੋਸਟ ਬਿਊਰੋ) - ਭਾਰਤ ਦੀ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਇੰਗਲੈਂਡ ਦੀ ਮਹਾਰਾਣੀ ਐਲਿਜ਼ਾਬੇਥ-2 ਦੇ ਅੰਤਿਮ ਸੰਸਕਾਰ 'ਚ ਸ਼ਾਮਲ ਹੋਵੇਗੀ। ਰਾਸ਼ਟਰਪਤੀ 17 ਤੋਂ 19 ਸਤੰਬਰ ਤੱਕ ਲੰਡਨ ਵਿੱਚ ਹੋਣ ਵਾਲੇ ਮਹਾਰਾਣੀ ਦੇ ਅੰਤਿਮ ਸੰਸਕ-ਾਰ ਵਿੱਚ ਭਾਰਤ ਸਰਕਾਰ ਦੀ ਤਰਫੋਂ ਸ਼ਰਧਾਂਜਲੀ ਦੇਣਗੇ। ਮਹਾਰਾਣੀ ਐਲਿਜ਼ਾਬੈਥ -2 ਦੀ ਮੌਤ 8 ਸਤੰਬਰ ਨੂੰ ਹੋਈ ਸੀ। ਰਾਸ਼ਟਰਪਤੀ, ਉਪ ਰਾਸ਼ਟਰਪਤੀ, ਪ੍ਰਧਾਨ ਮੰਤਰੀ ਨੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ ਸੀ ਅਤੇ ਵਿਦੇਸ਼ ਮੰਤਰੀ ਜੈਸ਼ੰਕਰ 12 ਸਤੰਬਰ ਨੂੰ ਬ੍ਰਿਟਿਸ਼ ਹਾਈ ਕਮਿਸ਼ਨ 'ਚ ਉਨ੍ਹਾਂ ਨੂੰ ਸ਼ਰਧਾਂਜਲੀ ਦੇਣ ਆਏ ਸਨ। ਦੱਸ ਦੇਈਏ ਕਿ ਭਾਰਤ ਨੇ ਐਤਵਾਰ 11 ਸਤੰਬਰ ਨੂੰ ਸਰਕਾਰੀ ਸੋਗ ਦਾ ਵੀ ਐਲਾਨ ਕੀਤਾ ਸੀ।



ਜ਼ਿਕਰਯੋਗ ਹੈ ਕਿ ਬ੍ਰਿਟੇਨ ਦੀ ਮਹਾਰਾਣੀ ਐਲਿਜ਼ਾਬੈਥ-2 ਦੇ ਅੰਤਿਮ ਸੰਸਕਾਰ 'ਚ ਦੁਨੀਆ ਭਰ ਦੇ ਕਈ ਵੱਡੇ ਨੇਤਾਵਾਂ ਦੇ ਸ਼ਾਮਲ ਹੋਣ ਦੀ ਉਮੀਦ ਹੈ। ਇਸ ਲਈ ਇਨ੍ਹਾਂ ਆਗੂਆਂ ਨੂੰ ਸੱਦਾ ਪੱਤਰ ਵੀ ਭੇਜੇ ਗਏ ਹਨ। ਇਸ ਦੇ ਨਾਲ ਹੀ ਇਨ੍ਹਾਂ ਆਗੂਆਂ ਨੂੰ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਲਈ ਬੱਸ ਸੇਵਾ ਲੈਣ ਲਈ ਕਿਹਾ ਗਿਆ ਹੈ। ਵਿਦੇਸ਼ੀ ਰਾਸ਼ਟਰਮੰਡਲ ਅਤੇ ਵਿਕਾਸ ਦਫਤਰ ਦੇ ਇੱਕ ਸੂਤਰ ਨੇ ਏਐਫਪੀ ਨਿਊਜ਼ ਏਜੰਸੀ ਨੂੰ ਦੱਸਿਆ ਕਿ ਅੰਤਿਮ ਸੰਸਕਾਰ ਵਿੱਚ ਲਗਭਗ 500 ਵਿਦੇਸ਼ੀ ਪਤਵੰਤਿਆਂ ਦੇ ਸ਼ਾਮਲ ਹੋਣ ਦੀ ਉਮੀਦ ਹੈ। ਇਸ ਦੇ ਲਈ ਅਧਿਕਾਰੀਆਂ ਵੱਲੋਂ ਵੱਡੇ ਪੱਧਰ 'ਤੇ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਅੰਤਿਮ ਸੰਸਕਾਰ ਦੇ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਵਾਲੇ ਲੋਕਾਂ ਨੂੰ ਲੈ ਕੇ ਅਧਿਕਾਰੀ ਪਹਿਲਾਂ ਤੋਂ ਹੀ ਚੌਕਸ ਹਨ ਕਿ ਕੋਈ ਦਿੱਕਤ ਨਾ ਆਵੇ।



# ਤਾਲਿਬਾਨ ਸਰਕਾਰ ਵੱਲੋਂ ਸਿੱਖ ਧਰਮ ਦੇ ਗ੍ਰੰਥਾਂ ਨੂੰ ਅਫਗਾਨਿਸਤਾਨ ਤੋਂ ਬਾਹਰ ਲਿਜਾਣ ’ਤੇ ਪਾਬੰਦੀ

ਕਾਬੁਲ, 15 ਸਤੰਬਰ (ਪੋਸਟ ਬਿਊਰੋ): ਤਾਲਿਬਾਨ ਸਰਕਾਰ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਹੋਰ ਧਾਰਮਿਕ ਗ੍ਰੰਥਾਂ ਨੂੰ ਅਫਗਾਨਿਸਤਾਨ ਤੋਂ ਬਾਹਰ ਲੈ ਕੇ ਜਾਣ ‘ਤੇ ਪਾਬੰਦੀ ਲਗਾ ਦਿੱਤੀ ਹੈ। ਜ਼ਿਕਰਯੋਗ ਹੈ ਕਿ ਕਰਤੇ ਪਰਵਾਨ ਗੁਰਦੁਆਰੇ ‘ਚ ਹੋਏ ਬੰਬ ਧਮਾਕੇ ਅਤੇ ਸਿੱਖਾਂ ਨੂੰ ਨਿਸ਼ਾਨਾ ਬਣਾਉਣ ਤੋਂ ਬਾਅਦ ਭਾਰਤ ਸਰਕਾਰ ਅਫਗਾਨਿਸਤਾਨ ‘ਚ ਰਹਿ ਰਹੇ ਸਿੱਖਾਂ ਨੂੰ ਈ-ਵੀਜ਼ਾ ਦੇ ਰਹੀ ਹੈ।

ਅਫਗਾਨ ਸਿੱਖ ਅਫਗਾਨਿਸਤਾਨ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਵੀ ਆਪਣੇ ਨਾਲ ਲੈ ਕੇ ਆ ਰਹੇ ਸਨ ਪਰ ਅਫਗਾਨਿਸਤਾਨ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਹੋਰ ਧਾਰਮਿਕ ਗ੍ਰੰਥਾਂ ਨੂੰ ਲੈ ਕੇ ਜਾਣ ‘ਤੇ ਰੋਕ ਲਗਾ ਦਿੱਤੀ। ਜਿਸਦੇ ਕਾਰਨ 60 ਸਿੱਖ ਵੀ ਭਾਰਤ ਨਹੀਂ ਆ ਸਕੇ । ਅਫਗਾਨਿਸਤਾਨ ਦੇ ਸੱਭਿਆਚਾਰਕ ਮੰਤਰਾਲੇ ਨੇ ਧਾਰਮਿਕ ਗ੍ਰੰਥਾਂ ਨੂੰ ਅਫਗਾਨਿਸਤਾਨ ਤੋਂ ਬਾਹਰ ਲਿਜਾਣ ਦੀ ਇਜਾਜ਼ਤ ਦੇਣ ਤੋਂ ਇਨਕਾਰ ਕਰ ਦਿੱਤਾ ਹੈ।ਪਿਛਲੇ ਕੁਝ ਸਮੇਂ ਤੋਂ ਤਾਲਿਬਾਨ ਸਰਕਾਰ ਵੀ ਸ਼ਾਂਤ ਮਾਹੌਲ ਦਾ ਹਵਾਲਾ ਦਿੰਦੇ ਹੋਏ ਸਿੱਖਾਂ ਅਤੇ ਹਿੰਦੂਆਂ ਨੂੰ ਅਫਗਾਨਿਸਤਾਨ ਤੋਂ ਵਾਪਸ ਪਰਤਣ



ਦੀ ਅਪੀਲ ਕਰ ਰਹੀ ਹੈ। ਇਸ ਦੌਰਾਨ 11 ਸਤੰਬਰ ਨੂੰ 60 ਅਫਗਾਨ ਸਿੱਖਾਂ ਨੇ ਭਾਰਤ ਆਉਣਾ ਸੀ।

ਇਸ ਘਟਨਾ ਤੋਂ ਬਾਅਦ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰ-ਦਰ ਸਿੰਘ ਧਾਮੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਵਿਦੇਸ਼ ਮੰਤਰਾਲੇ ਨੂੰ ਇਸ ਮਾਮਲੇ ਵਿੱਚ ਦਖਲ ਦੇਣ ਦੀ ਮੰਗ ਕੀਤੀ ਹੈ। ਉਨ੍ਹਾਂ ਨੇ ਇਸ ਨੂੰ ਧਾਰਮਿਕ ਮਾਮਲਿਆਂ ‘ਚ ਤਾਲਿਬਾਨ ਸਰਕਾਰ ਦੀ ਦਖਲਅੰਦਾਜ਼ੀ ਕਰਾਰ ਦਿੱਤਾ ਹੈ। ਅਫਗਾਨ ਵਿਦੇਸ਼ ਮੰਤਰਾਲਾ ਇਸ ਗੱਲ ‘ਤੇ ਅੜੇ ਹਨ ਕਿ ਅਫਗਾਨਿਸਤਾਨ ਦੇ ਸੱਭਿਆਚਾਰ ਅਤੇ ਸੂਚਨਾ ਮੰਤਰਾਲੇ ਤੋਂ ਅਧਿਕਾਰਤ ਪੁਸ਼ਟੀ ਪੱਤਰ ਪ੍ਰਾਪਤ ਹੋਣ ਤੱਕ ਧਾਰਮਿਕ ਗ੍ਰੰਥਾਂ ਨੂੰ ਅਫਗਾਨਿਸਤਾਨ ਤੋਂ ਬਾਹਰ ਲਿਜਾਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ।

# ਕੈਲੀਫੋਰਨੀਆ ਦੇ ਧਨਾਢ ਸਿੱਖ ਆਗੂ ਤੇ ਕਈ ਸਿੱਖ ਸੰਸਥਾਵਾਂ ਦੇ ਸਰਪ੍ਰਸਤ ਸਰਦਾਰ ਦਿਦਾਰ ਸਿੰਘ ਬੈਂਸ ਅਕਾਲ ਨਹੀਂ ਰਹੇ

ਸੈਕਰਾਮੈਂਟੋ, ਕੈਲੀਫੋਰਨੀਆ (ਹੁਸਨ ਲੜੋਆ ਬੰਗਾ): ਵਿਸ਼ਵ ਦੇ ਸਿੱਖ ਭਾਈਚਾਰੇ ਵਿੱਚ ਸਤਿਕਾਰਤ ਨਾਂ ਸਰਦਾਰ ਦਿਦਾਰ ਸਿੰਘ ਬੈਂਸ ਅੱਜ ਅਚਾਨਕ ਇਸ ਦੁਨੀਆਂ ਤੋਂ ਰੁਖਸਤ ਹੋ ਗਏ। ਉਘੇ ਸਮਾਜ ਸੇਵਕ ਸਰਦਾਰ ਦਿਦਾਰ ਸਿੰਘ (84) ਨੇ ਅੱਜ ਕਰੀਬ 3 ਵਜੇ ਬਾਅਦ ਦੁਪਿਹਰ ਆਖਰੀ ਸਾਹ ਲਏ ਉਸ ਸਮੇਂ ਉਨਾਂ ਦਾ ਲਗਭਗ ਸਾਰਾ ਪਰਿਵਾਰ ਕੋਲ ਸੀ। ਸਿੱਖ ਆਗੂ ਦਿਦਾਰ ਸਿੰਘ ਬੈਂਸ ਜੋ ਯੂਬਾ ਸਿਟੀ ਸਥਿਤ ਗੁਰਦੁਆਰਾ ਟਾਇਰਾ ਬਿਓਨਾ ਦੇ ਬਾਨੀ ਸਨ ਤੇ ਸਭ ਤੋਂ ਪਹਿਲਾਂ ਉਨਾਂ ਨੇ ਇਥੋਂ ਹੀ ਵਿਦੇਸ਼ਾ ਵਿੱਚ ਨਗਰ ਕੀਰਤਨ ਕੱਢਣ ਦੀ ਰੀਤ ਤੋਰੀ ਸੀ। ਕਈ ਸਿੱਖ ਸੰਸਥਾਵਾਂ ਦੇ ਸਰਪ੍ਰਸਤ ਸਰਦਾਰ ਦਿਦਾਰ ਸਿੰਘ ਬੈਂਸ ਨੇ ਸਾਰੀ ਜਿੰਦਗੀ ਸਿੱਖੀ ਦੀ ਚੜਦੀ ਕਲਾ ਲਈ ਕਈ ਸੰਸਥਾਵਾਂ ਵਿੱਚ ਰਹਿ ਕੇ ਕੰਮ ਕੀਤਾ। ਸ੍ਰੀ ਅਕਾਲ ਤਖਤ ਸਾਹਿਬ ਵਲੋਂ ਉਨਾਂ ਨੂੰ ਪੰਥ ਰਤਨ ਦਾ ਤੇ ਭਾਈ ਸਾਹਿਬ ਦਾ ਖਿਤਾਬ ਦਿੱਤਾ ਗਿਆ ਸੀ। ਉਨਾਂ ਨੂੰ ਨਾਨਕਸਰ ਸੰਪਰਦਾ ਵਲੋਂ ਰਾਜ ਯੋਗੀ ਦਾ ਖਿਤਾਬ ਦਿੱਤਾ ਗਿਆ ਸੀ। ਸੰਤ ਲਾਭ ਸਿੰਘ ਵਲੋਂ ਅਰੰਭੀ ਗਈ ਗਰੀਬ ਕੁੜੀਆਂ ਦੇ ਵਿਆਹਾਂ ਦੌਰਾਨ ਇਨਾਂ ਨੇ ਵੱਖ ਵੱਖ ਸਮੇਂ ਤੇ ਸੈਂਕੜੇ



ਗਰੀਬ ਕੁੜੀਆਂ ਦੇ ਵਿਆਹ ਕੀਤੇ । ਉਨਾਂ ਵਲੋਂ ਯੂਬਾ ਸਿਟੀ ਵਿੱਚ ਸਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ 14 ਏਕੜ ਜਮੀਨ ਸਿੱਖ ਪ੍ਰਚਾਰ ਲਈ ਦਾਨ ਦਿੱਤੀ ਗਈ। ਜਿੰਦਗੀ ਦੌਰਾਨ ਵਰਲਡ ਸਿੱਖ ਆਰਗੇਨਾਈਜੇਸ਼ਨ ਦੇ ਪ੍ਰਧਾਨ ਰਹੇ, ਇਸ ਤੋਂ ਇਲਾਵਾ ਪਟਨਾ ਸਾਹਿਬ ਲਈ ਦਾਨ, ਬਰੂ ਸਾਹਿਬ ਸੰਸਥਾ ਦੇ ਦਾਨੀ ਤੇ ਪ੍ਰਬੰਧਕ, ਅਨੰਦਪੁਰ ਸਾਹਿਬ ਖਾਲਸਾ ਹੈਰੀਟਜ ਲਈ ਦਾਨ, ਅਮਰੀਕਾ ਵਿੱਚ ਵਿਸਕਾਂਸਿਨ ਗੁਰਦੁਆਰਾ ਚ ਵਾਪਰੀ ਘਟਨਾ ਦੇ ਪੀੜਤਾਂ ਲਈ ਵੱਡਮੁਲਾ ਦਾਨ ਯੂਬਾ ਸਿਟੀ ਗੁਰਦੁਆਰਾ ਲਈ ਤੇ ਫਰੀਮਾਂਟ ਲਈ ਉਨਾਂ ਵਲੋਂ ਦਾਨ ਦਿੱਤਾ ਗਿਆ ਸੀ ਇਸ ਤੋਂ ਇਲਾਵਾ ਅਮਰੀਕਾ ਤੇ ਕਨੇਡਾ ਦੇ ਵੱਖ ਵੱਖ ਗੁਰਦੁਆਰਿਆਂ ਲਈ ਲੱਖਾ ਡਾਲਰ ਦਾਨ ਕੀਤੇ ਗਏ। ਸਥਾਨਕ ਸਰਕਾਰਾਂ ਚ ਆਫੀਸਰ ਲਾਬੀ ਤੇ ਕਾਂਗਰਸਮੈਂਨ ਤੇ ਸੈਨੇਟਰਜ ਸਰਦਾਰ ਦਿਦਾਰ ਸਿੰਘ ਬੈਂਸ ਦਾ ਬਹੁਤ ਸਤਿਕਾਰ ਕਰਦੇ ਸਨ। ਇੱਕ ਸਮੇਂ ਪ੍ਰੈਜੀਡੈਂਸ਼ੀਅਲ ਰਾਊਂਡ ਟੇਬਲ ਦੇ ਮੈਂਬਰ ਰਹੇ । ਇਸ ਤੋਂ ਇਲਾਵਾ ਤੇ ਪੀਚ ਕਿੰਗ ਰਹੇ ਤੇ ਪੀਚ ਐਸੋਸੀਏਸ਼ਨ ਅਮਰੀਕਾ ਦੇ ਮੈਂਬਰ ਰਹੇ।

ਅੱਜ ਭਾਵੇਂ ਦਿਦਾਰ ਸਿੰਘ ਬੈਂਸ ਸਾਡੇ ਚ ਨਹੀਂ ਰਹੇ ਪਰ ਸਿੱਖ ਭਾਈਚਾਰੇ ਵਲੋਂ ਉਨਾਂ ਦੀ ਦੇਣ ਨੂੰ ਭੁੱਲਣਾ ਅਸੰਭਵ ਹੈ। ਸਰਦਾਰ ਦਿਦਾਰ ਸਿੰਘ ਬੈਂਸ ਦਾ ਪੰਜਾਬ ਵਿਚਲਾ ਪਿੰਡ ਨੰਗਲ ਖੁਰਦ ਨੇੜੇ ਮਾਹਿਲਪੁਰ, ਹੁਸ਼ਿਆਰਪੁਰ ਹੈ। ਉਹ ਆਪਣੇ ਪਿਛੇ ਪਤਨੀ ਸੰਤੀ ਬੈਂਸ, ਬੇਟਾ ਅਜੀਤ ਸਿੰਘ ਬੈਂਸ, ਬੇਟੀ ਦਲਜੀਤ ਕੌਰ, ਬੇਟਾ ਕਰਮਦੀਪ ਸਿੰਘ ਬੈਂਸ, ਸਟਰ ਕਾਊਂਟੀ ਸੁਪਰਵਾਈਜਰ ਨੂੰ ਅਤੇ ਆਪਣੇ ਵੱਡੇ ਭਰਾ ਦਿਲਬਾਗ ਸਿੰਘ ਬੈਂਸ ਤੇ ਜਸਵੰਤ ਸਿੰਘ ਬੈਂਸ ਨੂੰ ਪਿਛੇ ਛੱਡ ਗਏ। ਮਹਾਨ ਦਾਨੀ ਸਰਦਾਰ ਦਿਦਾਰ ਸਿੰਘ ਬੈਂਸ ਨੂੰ ਉਨਾਂ ਵਲੋਂ ਕੀਤੇ ਕਾਰਜਾਂ ਬਦਲੇ ਕਦੇ ਭੁਲਾਇਆ ਨਹੀਂ ਜਾ ਸਕਦਾ।

# ਰੂਸ ਦੇ ਦੋ ਮਿੱਤਰ ਦੇਸ਼ਾਂ ਵਿਚਾਲੇ ਜੰਗ ਛਿੜੀ, 100 ਫੌਜੀ ਮਾਰੇ ਗਏ



ਮੌਸਕੋ, 15 ਸਤੰਬਰ (ਪੋਸਟ ਬਿਊਰੋ) - ਰੂਸ ਅਤੇ ਯੂਕਰੇਨ ਵਿਚਾਲੇ ਪਿਛਲੇ 6 ਮਹੀਨਿਆਂ ਤੋਂ ਜੰਗ ਅਜੇ ਵੀ ਜਾਰੀ ਹੈ।ਇਸ ਦੌਰਾਨ ਰੂਸ ਦੇ ਦੋ ਮਿੱਤਰ ਦੇਸ਼ਾਂ ਅਜ਼ਰਬਾਈਜਾਨ ਅਤੇ ਅਰਮੇਨੀਆ ਵਿਚ ਜੰਗ ਛਿੜ ਗਈ ਹੈ।ਇਸ ਜੰਗ ਵਿੱਚ ਦੋਵਾਂ ਪਾਸਿਆਂ ਦੇ 100 ਤੋਂ ਵੱਧ ਫ਼ੌਜੀ ਮਾਰੇ ਗਏ ਹਨ, ਜਦੋਂ ਕਿ ਸੈਂਕੜੇ ਜ਼ਖ਼ਮੀ ਹੋਏ ਹਨ।ਜੰਗ 'ਚ ਫਸੇ ਰੂਸ ਨੇ ਖੁਦ ਦੋਵਾਂ ਦੇਸ਼ਾਂ ਤੋਂ ਜੰਗਬੰਦੀ ਦੀ ਮੰਗ ਕੀਤੀ ਹੈ। ਹਾਲਾਂਕਿ ਉਨ੍ਹਾਂ ਦੀ ਅਪੀਲ ਦਾ ਦੋਵਾਂ ਦੇਸ਼ਾਂ 'ਤੇ ਕੋਈ ਅਸਰ ਨਹੀਂ ਹੋਇਆ ਹੈ।

ਰਿਪੋਰਟ ਮੁਤਾਬਕ ਅਰਮੇਨੀਆ ਅਤੇ ਅਜ਼ਰਬਾਈਜਾਨ ਦੀ ਸਰਹੱਦ 'ਤੇ ਚੱਲ ਰਹੀ ਲੜਾਈ ਨਾਲ ਦੋਹਾਂ ਦੇਸ਼ਾਂ ਵਿਚਾਲੇ ਲੰਬੇ ਸਮੇਂ ਤੋਂ ਚੱਲੀ ਆ ਰਹੀ ਦੁਸ਼ਮਣੀ ਹੋਰ ਡੂੰਘੀ ਹੋਣ ਦੀ ਸੰਭਾਵਨਾ ਵਧ ਗਈ ਹੈ।ਅਰਮੀਨੀਆ ਦੇ ਪ੍ਰਧਾਨ ਮੰਤਰੀ ਨਿਕੋਲ ਪਸ਼ਨਿਯਾਨ ਨੇ ਮੰਗਲਵਾਰ ਨੂੰ ਕਿਹਾ ਕਿ ਅਜ਼ਰਬਾਈਜਾਨ ਦੁਆਰਾ ਦੇਰ ਰਾਤ ਦੇ ਹਮਲਿਆਂ ਵਿੱਚ 49 ਅਰਮੀਨੀਆਈ ਸੈਨਿਕ ਮਾਰੇ ਗਏ ਹਨ।ਇਸ ਦੇ ਨਾਲ ਹੀ ਅਜ਼ਰਬਾਈਜਾਨ ਨੇ ਕਿਹਾ ਹੈ ਕਿ ਝੜਪ 'ਚ ਉਸ ਦੇ 50 ਸੈਨਿਕ ਵੀ ਮਾਰੇ ਗਏ ਹਨ।

ਅਰਮੀਨੀਆ ਦੇ ਰੱਖਿਆ ਮੰਤਰਾਲੇ ਦੇ ਅਨੁਸਾਰ, ਅਜ਼ਰਬਾਈਜਾਨ ਦੀ ਫੌਜ ਨੇ ਆਪਣੇ ਸੈਨਿਕਾਂ 'ਤੇ ਤੋਪਖਾਨੇ ਅਤੇ ਡਰੋਨਾਂ ਨਾਲ ਹਮਲਾ ਕੀਤਾ।ਮੰਤਰਾਲੇ ਨੇ ਕਿਹਾ ਕਿ ਜੰਗਬੰਦੀ ਲਈ ਰੂਸ ਦੀ ਵਿਚੋਲਗੀ ਦੀ ਕੋਸ਼ਿਸ਼ ਦੇ ਬਾਵਜੂਦ ਦਿਨ ਭਰ ਲੜਾਈ ਜਾਰੀ ਰਹੀ।ਖੇਤਰ ਵਿੱਚ ਥੋੜ੍ਹੀ ਜਿਹੀ ਗੋਲਾਬਾਰੀ ਹੋਈ ਹੈ, ਪਰ ਅਜ਼ਰਬਾਈਜਾਨੀ ਫੌਜਾਂ ਅਜੇ ਵੀ ਅਰਮੀਨਿਆਈ ਖੇਤਰ ਵਿੱਚ ਅੱਗੇ ਵਧਣ ਦੀ ਕੋਸ਼ਿਸ਼ ਕਰ ਰਹੀਆਂ ਹਨ।

ਦੂਜੇ ਪਾਸੇ ਅਜ਼ਰਬਾਈਜਾਨ ਦਾ ਕਹਿਣਾ ਹੈ ਕਿ ਉਸ ਨੇ ਸੋਮਵਾਰ ਦੇਰ ਰਾਤ ਅਤੇ ਮੰਗਲਵਾਰ ਸਵੇਰੇ ਅਰਮੇਨੀਆ ਵੱਲੋਂ ਕੀਤੇ ਗਏ ਹਮਲਿਆਂ ਦੇ ਜਵਾਬ ਵਿੱਚ ਇਹ ਕਾਰਵਾਈ ਕੀਤੀ। ਅਜ਼ਰਬਾਈਜਾਨ ਦੇ ਵਿਦੇਸ਼ ਮੰਤਰਾਲੇ ਨੇ ਇਕ ਬਿਆਨ 'ਚ ਕਿਹਾ ਕਿ ਅਰਮੀਨੀਆਈ ਫੌਜ ਨੇ ਉਸ ਦੇ ਤਿੰਨ ਜ਼ਿਲ੍ਹਿਆਂ 'ਚ ਫੌਜੀ ਚੌਕੀਆਂ 'ਤੇ ਗੋਲੀਬਾਰੀ ਕੀਤੀ।ਇਸ ਦੇ ਨਾਲ ਹੀ ਇਨ੍ਹਾਂ ਇਲਾਕਿਆਂ ਵਿੱਚ ਬਾਰੂਦੀ ਸੁਰੰਗਾਂ ਵੀ ਵਿਛਾਈਆਂ ਗਈਆਂ ਸਨ।ਮੰਤਰਾਲੇ ਨੇ ਕਿਹਾ ਕਿ ਉਸ ਦੇ ਜਵਾਨਾਂ ਨੂੰ ਵੀ ਝੜਪ ਵਿੱਚ ਜਾਨੀ ਨੁਕਸਾਨ ਹੋਇਆ ਅਤੇ ਬਦਲੇ ਵਿੱਚ ਸਖ਼ਤ ਜਵਾਬੀ ਕਾਰਵਾਈ ਕੀਤੀ ਗਈ।

# ਮਹਾਰਾਣੀ ਐਲਿਜ਼ਾਬੇਥ-2 ਦੀ ਮੌਤ ਤੋਂ ਬਾਅਦ ਤਾਬੂਤ ਨੇ ਬਣਾਇਆ ਨਵਾਂ ਰਿਕਾਰਡ

* ਇਤਿਹਾਸ ਵਿਚ ਸਭ ਤੋਂ ਵੱਧ ਟਰੈਕ ਕੀਤੀ ਜਾਣ ਵਾਲੀ ਫਲਾਈਟ ਬਣੀ

ਲੰਡਨ, 15 ਸਤੰਬਰ (ਪੋਸਟ ਬਿਊਰੋ) - ਮਹਾਰਾਣੀ ਐਲਿਜ਼ਾਬੈਥ-2 ਦੇ ਤਾਬੂਤ ਵਿੱਚ ਇੱਕ ਰਿਕਾਰਡ ਹੈ।ਤੁਹਾਨੂੰ ਦੱਸ ਦੇਈਏ ਕਿ ਸਕਾਟਲੈਂਡ ਦੇ ਐਡਿਨਬਰਗ ਤੋਂ ਲੰਡਨ ਜਾ ਰਹੇ ਬ੍ਰਿਟਿਸ਼ ਰਾਇਲ ਏਅਰ ਫੋਰਸ ਟਰਾਂਸਪੋਰਟ ਜਹਾਜ਼ 'ਤੇ ਕਰੀਬ 60 ਲੱਖ ਲੋਕ ਨਜ਼ਰ ਰੱਖਣ ਦੀ ਕੋਸ਼ਿਸ਼ ਕਰ ਰਹੇ ਸਨ।ਇਹ ਇਤਿਹਾਸ ਵਿੱਚ ਸਭ ਤੋਂ ਵੱਧ ਟਰੈਕ ਕੀਤੀ ਗਈ ਉਡਾਣ ਹੈ।0

ਸਕਾਟਲੈਂਡ ਦੇ ਐਡਿਨਬਰਗ ਤੋਂ ਲੰਡਨ ਤੱਕ ਮਹਾਰਾਣੀ ਐਲਿਜ਼ਾਬੈਥ ਦੇ ਤਾਬੂਤ ਨੂੰ ਲੈ ਕੇ ਜਾਣ ਵਾਲੇ ਬ੍ਰਿਟਿਸ਼ ਰਾਇਲ ਏਅਰ ਫੋਰਸ ਦੇ ਟਰਾਂਸਪੋਰਟ ਜਹਾਜ਼ ਨੂੰ ਲਗਭਗ 6 ਮਿਲੀਅਨ ਲੋਕ ਟਰੈਕ ਕਰਨ ਦੀ ਕੋਸ਼ਿਸ਼ ਕਰ ਰਹੇ ਸਨ, ਜਿਸ ਨਾਲ ਇਹ ਇਤਿਹਾਸ ਵਿੱਚ ਸਭ ਤੋਂ ਵੱਧ ਟਰੈਕ ਕੀਤੀ ਗਈ ਉਡਾਣ ਬਣ



ਗਈ।ਦੱਸ ਦੇਈਏ ਕਿ ਮਹਾਰਾਣੀ ਦੇ ਤਾਬੂਤ ਨੂੰ ਮੰਗਲਵਾਰ ਸ਼ਾਮ ਨੂੰ ਆਰਏਐਫ ਗਲੋਬਮਾਸਟਰ ਸੀ-17 ਜਹਾਜ਼ ਰਾਹੀਂ ਐਡਿਨਬਰਗ ਦੇ ਸੇਂਟ ਗਾਈਲਸ ਚਰਚ ਤੋਂ ਇੱਥੇ ਲਿਆਂਦਾ ਗਿਆ ਸੀ।

ਪਿਛਲਾ ਰਿਕਾਰਡ 22 ਲੱਖ ਲੋਕਾਂ ਦਾ ਜਹਾਜ਼ ਨੂੰ ਟਰੈਕ ਕਰਨ ਦਾ ਸੀ।ਅਮਰੀਕੀ ਪ੍ਰਤੀਨਿਧੀ ਸਭਾ ਦੀ ਸਪੀਕਰ ਨੈਨਸੀ ਪੇਲੋਸੀ ਨੂੰ ਪਿਛਲੇ ਮਹੀਨੇ ਤਾਈਵਾਨ ਲੈ ਕੇ ਜਾ ਰਹੇ ਅਮਰੀਕੀ ਫੌਜੀ ਜਹਾਜ਼ ਨੂੰ 24 'ਤੇ 2.2 ਮਿਲੀਅਨ ਲੋਕਾਂ ਨੇ ਦੇਖਿਆ ਸੀ।

# ਭਾਰਤੀ-ਅਮਰੀਕੀ ਸੰਸਦ ਮੈਂਬਰ ਪ੍ਰਮਿਲਾ ਜੈਪਾਲ ਨੂੰ ਮਿਲੀਆਂ ਧਮਕੀਆਂ

* ਫੋਨ ’ਤੇ ਆਡੀਓ ਮੈਸੇਜ ਰਾਹੀਂ ਭਾਰਤ ਪਰਤਣ ਲਈ ਕਿਹਾ

ਵਾਸ਼ਿੰਗਟਨ, 15 ਸਤੰਬਰ (ਪੋਸਟ ਬਿਊਰੋ)- ਭਾਰਤੀ-ਅਮਰੀਕੀ ਸੰਸਦ ਮੈਂਬਰ ਪ੍ਰਮਿਲਾ ਜੈਪਾਲ ਨੂੰ ਕਿਸੇ ਵਿਅਕਤੀ ਨੇ ਫੋਨ ’ਤੇ ਇਤਰਾਜ਼ਯੋਗ ਅਤੇ ਨਫ਼ਰਤ ਭਰੇ ਆਡੀਓ ਮੈਸੇਜ ਭੇਜ ਕੇ ਉਨ੍ਹਾਂ ਨੂੰ ਧਮਕੀਆਂ ਦਿੱਤੀਆਂ ਹਨ।ਜੈਪਾਲ ਨੇ ਕਿਹਾ ਕਿ ਉਸ



ਵਿਅਕਤੀ ਨੇ ਉਨ੍ਹਾਂ ਨੂੰ ਭਾਰਤ ਪਰਤਣ ਲਈ ਕਿਹਾ ਹੈ।ਜੈਪਾਲ ਨੇ ਸੋਸ਼ਲ ਮੀਡੀਆ ’ਤੇ ਅਜਿਹੇ ਪੰਜ ਆਡੀਓ ਮੈਸੇਜ ਸਾਂਝੇ ਕੀਤੇ ਹਨ।ਮੈਸੇਜ ਵਿੱਚ ਵਿਅਕਤੀ ਜੈਪਾਲ ਨੂੰ ਗੰਭੀਰ ਨਤੀਜੇ ਭੁਗਤਣ ਦੀ ਧਮਕੀ ਦਿੰਦਾ ਹੈ ਅਤੇ ਜੈਪਾਲ ਨੂੰ ਆਪਣੇ ਮੂਲ ਵਤਨ ਭਾਰਤ ਪਰਤਣ ਲਈ ਆਖ ਰਿਹਾ ਹੈ।ਜੈਪਾਲ ਅਮਰੀਕੀ ਪ੍ਰਤੀਨਿਧ ਸਭਾ ਵਿੱਚ ਸਿਆਟਲ ਦੀ ਨੁਮਾਇੰਦਗੀ ਕਰਨ ਵਾਲੀ ਪਹਿਲੀ ਭਾਰਤੀ-ਅਮਰੀਕੀ ਸੰਸਦ ਮੈਂਬਰ ਹੈ।ਕੁਝ ਸਮਾਂ ਪਹਿਲਾਂ ਵੀ ਇਕ ਵਿਅਕਤੀ ਨੂੰ ਬੰਦੂਕ ਨਾਲ ਜੈਪਾਲ ਦੇ ਘਰ ਬਾਹਰੋਂ ਫੜਿਆ ਗਿਆ ਸੀ।

# ਆਸਟ੍ਰੇਲੀਆ ਅਤੇ ਪਾਪੂਆ ਨਿਊ ਗਿਨੀ ਵਿਚਾਲੇ ਹੋਵੇਗਾ ਸੁਰੱਖਿਆ ਸਮਝੌਤਾ



ਕੈਨਬਰਾ, 15 ਸਤੰਬਰ (ਪੋਸਟ ਬਿਊਰੋ)- ਪਾਪੂਆ ਨਿਊ ਗਿਨੀ ਆਸਟ੍ਰੇਲੀਆ ਨਾਲ ਸੁਰੱਖਿਆ ਸਮਝੌਤਾ ਕਰਨ ਜਾ ਰਿਹਾ ਹੈ। ਇਸ ਦਾ ਐਲਾਨ ਕੀਤਾ ਗਿਆ ਹੈ।ਇਸ ਫ਼ੈਸਲੇ ਨੂੰ ਇਲਾਕੇ ਵਿਚ ਚੀਨ ਦੇ ਵਧਦੇ ਕਦਮਾਂ ਨੂੰ ਰੋਕਣ ਦੇ ਤੌਰ ਉਤੇ ਦੇਖਿਆ ਜਾ ਰਿਹਾ ਹੈ।ਪਾਪੂਆ ਨਿਊ ਗਿਨੀ ਅਤੇ ਆਸਟ੍ਰੇਲੀਆ ਵਿਚਾਲੇ ਵਿਦੇਸ਼ ਮੰਤਰੀ ਪੱਧਰੀ ਮੀਟਿੰਗਾਂ ਤੋਂ ਬਾਅਦ ਸੁਰੱਖਿਆ ਸਮਝੌਤੇ ਦਾ ਐਲਾਨ ਕੀਤਾ ਗਿਆ।ਚੀਨ ਨੇ ਵੀ ਕੁਝ ਮਹੀਨੇ ਪਹਿਲਾਂ ਹੀ ਪ੍ਰਸ਼ਾਂਤ ਮਹਾਸਾਗਰ ਵਿੱਚ ਸਥਿਤ ਸੋਲੋਮਨ ਟਾਪੂ ਨਾਲ ਸੁਰੱਖਿਆ ਸਮਝੌਤਾ ਕੀਤਾ ਸੀ।ਸਮਝੌਤੇ ਤਹਿਤ ਚੀਨੀ ਫੌਜ ਨੂੰ ਸੋਲੋਮਨ ਟਾਪੂ 'ਚ ਰਹਿਣ ਅਤੇ ਐਮਰਜੈਂਸੀ 'ਚ ਬਲ ਦੀ ਵਰਤੋਂ ਕਰਨ ਦਾ ਅਧਿਕਾਰ ਮਿਲ ਗਿਆ ਹੈ।

ਜਾਣਕਾਰੀ ਮੁਤਾਬਿਕ ਚੀਨ ਅਤੇ ਸੋਲੋਮਨ ਟਾਪੂ ਨਾਲ ਹੋਏ ਸੁਰੱਖਿਆ ਸਮਝੌਤੇ ਤੋਂ ਆਸਟ੍ਰੇਲੀਆ ਪਰੇਸ਼ਾਨ ਸੀ।ਆਸਟ੍ਰੇਲੀਆ ਨੇ ਸਿੱਧੇ ਤੌਰ 'ਤੇ ਇਸ ਸਮਝੌਤੇ ਨੂੰ ਆਪਣੀ ਸੁਰੱਖਿਆ ਲਈ ਵੱਡਾ ਖ਼ਤਰਾ ਦੱਸਿਆ ਸੀ।ਇਸੇ ਪ੍ਰੇਸ਼ਾਨੀ ਕਾਰਨ ਆਸਟ੍ਰੇਲੀਆ ਵਿਚ ਸੱਤਾ ਤਬਦੀਲੀ ਤੋਂ ਬਾਅਦ ਵਿਦੇਸ਼ ਮੰਤਰੀ ਬਣੇ ਪੈਨੀ ਵੋਂਗ ਨੇ ਫਿਜੀ, ਸਮੋਆ, ਟੋਂਗਾ, ਨਿਊਜ਼ੀਲੈਂਡ ਅਤੇ ਸੋਲੋਮਨ ਟਾਪੂ ਦੇ ਵੱਖ-ਵੱਖ ਦੌਰੇ ਵੀ ਕੀਤੇ।ਇਸ ਤੋਂ ਇਲਾਵਾ ਉਨ੍ਹਾਂ ਨੇ ਪੈਸੀਫਿਕ ਆਈਲੈਂਡ ਫੋਰਮ ਸੰਮੇਲਨ ਦੌਰਾਨ ਪ੍ਰਸ਼ਾਂਤ ਮਹਾਸਾਗਰ ਦੇ ਦੇਸ਼ਾਂ ਦੇ ਨੇਤਾਵਾਂ ਨਾਲ ਵੀ ਗੱਲਬਾਤ ਜਾਰੀ ਰੱਖੀ।ਪਾਪੂਆ ਨਿਊ ਗਿਨੀ ਨੇ ਨਾ ਸਿਰਫ ਆਸਟ੍ਰੇਲੀਆ ਨਾਲ ਸੁਰੱਖਿਆ ਸਮਝੌਤੇ 'ਚ ਦਿਲਚਸਪੀ ਦਿਖਾਈ ਹੈ, ਸਗੋਂ ਟਿਮੋਰ-ਲੇਸਟੇ ਨੇ ਹੁਣੇ-ਹੁਣੇ ਰੱਖਿਆ ਸਹਿਯੋਗ ਸਮਝੌਤੇ 'ਤੇ ਦਸਤਖ਼ਤ ਕੀਤੇ ਹਨ।

# ਪਾਕਿਸਤਾਨ ’ਚ ਹੜ੍ਹ ਕਾਰਨ ਭਿਆਨਕ ਤਬਾਹੀ, 40 ਅਰਬ ਡਾਲਰ ਤੋਂ ਵੱਧ ਦਾ ਆਰਥਿਕ ਨੁਕਸਾਨ



ਇਸਲਾਮਾਬਾਦ, 15 ਸਤੰਬਰ (ਪੋਸਟ ਬਿਊਰੋ) - ਭਿਆਨਕ ਹੜ੍ਹਾਂ ਕਾਰਨ ਪਾਕਿਸਤਾਨ ਨੂੰ 40 ਅਰਬ ਡਾਲਰ ਤੋਂ ਵੱਧ ਦਾ ਆਰਥਿਕ ਨੁਕਸਾਨ ਹੋ ਸਕਦਾ ਹੈ। ਇਕ ਰਿਪੋਰਟ 'ਚ ਇਹ ਅੰਦਾਜ਼ਾ ਲਗਾਇਆ ਗਿਆ ਹੈ। ਇਹ ਅੰਕੜਾ ਸੰਯੁਕਤ ਰਾਸ਼ਟਰ (ਯੂ.ਐੱਨ.) ਦੇ ਸਕੱਤਰ-ਜਨਰਲ ਐਂਟੋਨੀਓ ਗੁਟੇਰੇਸ ਦੇ 30 ਅਰਬ ਡਾਲਰ ਦੇ ਅੰਦਾਜ਼ੇ ਤੋਂ ਜ਼ਿਆਦਾ ਹੈ।ਉਹ ਪਿਛਲੇ ਹਫ਼ਤੇ ਪਾਕਿਸਤਾਨ ਦੇ ਦੌਰੇ 'ਤੇ ਸਨ। ਇਕ ਅਖਬਾਰ ਨੇ ਮੰਗਲਵਾਰ ਨੂੰ ਜਾਰੀ ਇਕ ਰਿਪੋਰਟ 'ਚ ਕਿਹਾ ਕਿ ਨੈਸ਼ਨਲ ਫਲੱਡ ਰਿਸਪਾਂਸ ਕੋਆਰਡੀਨੇਸ਼ਨ ਸੈਂਟਰ (ਐੱਨ.ਐੱਫ.ਆਰ.ਸੀ.ਸੀ.) ਦੀ ਬੈਠਕ 'ਚ 40 ਅਰਬ ਡਾਲਰ ਦੇ ਆਰਥਿਕ ਨੁਕਸਾਨ ਦਾ ਅੰਦਾਜ਼ਾ ਲਗਾਇਆ ਗਿਆ ਹੈ।ਇਸ ਮੀਟਿੰਗ ਵਿਚ ਵਿੱਤ ਮੰਤਰਾਲੇ ਨੇ 'ਪਾਕਿਸਤਾਨ ਦੀ ਅਰਥਵਿਵਸਥਾ 'ਤੇ ਹੜ੍ਹਾਂ ਦੇ ਪ੍ਰਭਾਵ ਦਾ ਮੁੱਢਲਾ ਮੁਲਾਂਕਣ' ਸਿਰਲੇਖ ਵਾਲੀ ਰਿਪੋਰਟ ਪੇਸ਼ ਕੀਤੀ।

ਵਿੱਤ ਮੰਤਰਾਲੇ ਦੀ ਮੁਢਲੀ ਮੁਲਾਂਕਣ ਰਿਪੋਰਟ ਵਿੱਚ ਹੜ੍ਹਾਂ ਕਾਰਨ 18 ਬਿਲੀਅਨ ਡਾਲਰ ਦੇ ਆਰਥਿਕ ਨੁਕਸਾਨ ਦਾ ਅਨੁਮਾਨ ਲਗਾਇਆ ਗਿਆ ਹੈ।ਪਾਕਿਸਤਾਨ ਦੇ ਯੋਜਨਾ ਮੰਤਰੀ ਅਤੇ ਐਨ.ਐਫ.ਆਰ.ਸੀ.ਸੀ. ਦੇ ਚੇਅਰਮੈਨ ਅਹਿਸਾਨ ਇਕਬਾਲ ਨੇ ਕਿਹਾ, "ਵਿਨਾਸ਼ਕਾਰੀ ਹਾਲਾਤ ਇਹ ਸੰਕੇਤ ਦਿੰਦੇ ਹਨ ਕਿ ਹੜ੍ਹਾਂ ਦੇ ਨੁਕਸਾਨ ਦੀ ਹੱਦ $30 ਬਿਲੀਅਨ ਤੋਂ $40 ਬਿਲੀਅਨ ਤੋਂ ਵੱਧ ਹੋ ਸਕਦੀ ਹੈ।"

# ਐਲਨ ਮਸਕ ਦੇ 44 ਬਿਲੀਅਨ ਡਾਲਰ ਦੇ ਸੌਦੇ ਨੂੰ ਟਵਿੱਟਰ ਸ਼ੇਅਰਧਾਰਕਾਂ ਵਲੋਂ ਮਨਜ਼ੂਰੀ

ਵਾਸ਼ਿੰਗਟਨ, 15 ਸਤੰਬਰ (ਪੋਸਟ ਬਿਊਰੋ)- ਟੈਸਲਾ ਦੇ ਸਹਿ-ਸੰਸਥਾਪਕ ਐਲਨ ਮਸਕ ਵਲੋਂ 44 ਬਿਲੀਅਨ ਡਾਲਰ ਦੇ ਸੌਦੇ ਨੂੰ ਟਵਿੱਟਰ ਸ਼ੇਅਰਧਾਰਕਾਂ ਵਲੋਂ ਮਨਜ਼ੂਰੀ ਦੇ ਦਿੱਤੀ ਗਈ ਹੈ।ਧਿਆਨ ਯੋਗ ਹੈ ਕਿ ਐਲਨ ਮਸਕ ਨੇ ਇਸ ਤੋਂ ਪਹਿਲਾਂ ਟਵਿਟਰ 'ਤੇ ਧੋਖਾਧੜੀ ਦਾ ਦੋਸ਼ ਲਗਾਇਆ ਸੀ।



ਡੀਲ ਨੂੰ ਲੈ ਕੇ ਟਵਿੱਟਰ ਅਤੇ ਮਸਕ ਵਿਚਕਾਰ ਕਾਨੂੰਨੀ ਵਿਵਾਦ ਦੇ ਦਰਮਿਆਨ ਐਲਨ ਮਸਕ ਨੇ ਦੋਸ਼ ਲਾਇਆ ਸੀ ਕਿ ਟਵਿੱਟਰ ਨੇ ਉਸ ਨੂੰ ਆਪਣੇ ਕਾਰੋਬਾਰ ਬਾਰੇ ਗੁੰਮਰਾਹਕੁੰਨ ਜਾਣਕਾਰੀ ਦਿੱਤੀ। ਇਹ ਦਾਅਵਾ ਬੀਤੀ ਰਾਤ ਮਸਕ ਵਲੋਂ ਸੌਦੇ ਨੂੰ ਰੱਦ ਕਰਨ ਦੀ ਬਜਾਏ ਪੂਰਾ ਕਰਨ ਲਈ ਟਵਿੱਟਰ ਦੁਆਰਾ ਦਾਇਰ ਕੀਤੇ ਮੁਕੱਦਮੇ ਦੇ ਜਵਾਬ ਵਿਚ ਦਾਇਰ ਕੀਤਾ ਗਿਆ ਸੀ।ਟਵਿੱਟਰ ਨੇ ਕਿਹਾ ਕਿ ਸ਼ੁਰੂਆਤੀ ਗਿਣਤੀ ਤੋਂ ਪਤਾ ਲੱਗਾ ਹੈ ਕਿ ਸ਼ੇਅਰਧਾਰਕਾਂ ਨੇ ਸੋਸ਼ਲ ਮੀਡੀਆ ਪਲੇਟਫਾਰਮ ਨੂੰ 44 ਬਿਲੀਅਨ ਵਿੱਚ ਖਰੀਦਣ ਲਈ ਐਲਨ ਮਸਕ ਦੀ ਬੋਲੀ ਦਾ ਸਮਰਥਨ ਕੀਤਾ ਹੈ। ਇਹ ਅੰਕੜਾ ਸ਼ੇਅਰਧਾਰਕਾਂ ਦੀ ਇਕ ਮੀਟਿੰਗ ਦੌਰਾਨ ਆਇਆ। ਇਸ ਮੀਟਿੰਗ ਵਿਚ ਜ਼ਿਆਦਾਤਰ ਵੋਟਾਂ ਆਨਲਾਈਨ ਹੀ ਪਾਈਆਂ ਗਈਆਂ।ਟਵਿੱਟਰ ਨੇ ਮਸਕ 'ਤੇ ਸੌਦੇ ਨੂੰ ਬੰਦ ਕਰਨ ਲਈ ਮੁਕੱਦਮਾ ਕੀਤਾ ਹੈ, ਜਿਸ ਦੀ ਸੁਣਵਾਈ ਅਕਤੂਬਰ 'ਚ ਕੀਤੀ ਗਈ ਹੈ।

# ਭਾਰਤ ਵੱਲੋਂ ਖਾੜੀ ਮੁਲਕਾਂ ਨਾਲ ਤਾਲਮੇਲ ਵਧਾਉਣ ਲਈ ਸਮਝੌਤਾ ਸਹੀਬੱਧ

ਰਿਆਧ, 15 ਸਤੰਬਰ (ਪੋਸਟ ਬਿਊਰੋ)- ਭਾਰਤ ਦੇ ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੇ ਖਾੜੀ ਮੁਲਕਾਂ ਦੀ ਕੌਂਸਲ (ਜੀਸੀਸੀ) ਦੇ ਸਕੱਤਰ ਜਨਰਲ ਨਾਯੇਫ ਫਾਲਾਹ ਮੁਬਾਰਕ ਅਲ-ਹਜਰਾਫ ਨਾਲ ਮੁਲਾਕਾਤ ਕੀਤੀ।ਇਸ ਮੌਕੇ ਦੋਵਾਂ ਆਗੂਆਂ ਨੇ ਭਾਰਤ ਤੇ ਛੇ ਦੇਸ਼ਾਂ ਦੇ ਇਸ ਸਮੂਹ ਦਰਮਿਆਨ ਤਾਲਮੇਲ ਹੋਰ ਮਜ਼ਬੂਤ ਕਰਨ ਦੇ ਢੰਗ-ਤਰੀਕਿਆਂ ਸਬੰਧੀ ਇਕ ਸਮਝੌਤਾ ਸਹੀਬੱਧ ਕੀਤਾ। ਜੀਸੀਸੀ ਦੇ ਸਕੱਤਰ ਜਨਰਲ ਨਾਲ ਮੁਲਾਕਾਤ ਦੌਰਾਨ ਜੈਸ਼ੰਕਰ



ਨੇ ਕਈ ਖੇਤਰੀ ਤੇ ਆਲਮੀ ਮੁੱਦਿਆਂ ਉਤੇ ਚਰਚਾ ਕੀਤੀ।

ਜੈਸ਼ੰਕਰ ਸਾਊਦੀ ਅਰਬ ਦੇ ਤਿੰਨ ਦਿਨਾਂ ਦੇ ਦੌਰੇ ਉਤੇ ਹਨ। ਉਹ ਇਸ ਦੌਰਾਨ ਦੋਵਾਂ ਮੁਲਕਾਂ ਵਿਚਾਲੇ ਰਿਸ਼ਤੇ ਮਜ਼ਬੂਤ ਕਰਨ ਦੇ ਵੱਖ-ਵੱਖ ਪੱਖਾਂ ਉਤੇ ਚਰਚਾ ਕਰਨਗੇ। ਵਿਦੇਸ਼ ਮੰਤਰੀ ਵਜੋਂ ਸਾਊਦੀ ਅਰਬ ਦਾ ਇਹ ਉਨ੍ਹਾਂ ਦਾ ਪਹਿਲਾ ਦੌਰਾ ਹੈ।

ਦੱਸਣਯੋਗ ਹੈ ਕਿ ਜੀਸੀਸੀ ਇਕ ਖੇਤਰੀ ਤੇ ਕਈ ਸਰਕਾਰਾਂ ਦੇ ਤਾਲਮੇਲ ਲਈ ਕਾਇਮ ਕੀਤਾ ਗਿਆ ਸੰਗਠਨ ਹੈ।ਇਸ ਸਿਆਸੀ ਤੇ ਆਰਥਿਕ ਯੂਨੀਅਨ ਵਿਚ ਬਹਿਰੀਨ, ਕੁਵੈਤ, ਓਮਾਨ, ਕਤਰ, ਸਾਊਦੀ ਅਰਬ ਤੇ ਯੂਏਈ ਸ਼ਾਮਲ ਹਨ।ਖਾੜੀ ਮੁਲਕਾਂ ਤੋਂ ਭਾਰਤ ਤੇਲ ਤੇ ਗੈਸ ਦਰਾਮਦ ਕਰਦਾ ਹੈ।ਵੱਡੀ ਗਿਣਤੀ ਭਾਰਤੀ ਨਾਗਰਿਕ ਖਾੜੀ ਮੁਲਕਾਂ ਵਿਚ ਕੰਮ ਕਰਦੇ ਹਨ।ਇਸੇ ਦੌਰਾਨ ਵਿਦੇਸ਼ ਮੰਤਰੀ ਨੇ ਕਿਹਾ ਕਿ ਭਾਰਤ ਤੇ ਸਾਊਦੀ ਅਰਬ ਵਿਚਾਲੇ ਤਾਲਮੇਲ ਸਾਂਝੇ ਵਿਕਾਸ ਤੇ ਖ਼ੁਸ਼ਹਾਲੀ ਦਾ ਵਾਅਦਾ ਹੈ।ਉਨ੍ਹਾਂ ਇੱਥੇ ਪ੍ਰਿੰਸ ਸੌਦ ਅਲ ਫ਼ੈਸਲ ਇੰਸਟੀਚਿਊਟ ਵਿਚ ਕੂਟਨੀਤਕਾਂ ਨੂੰ ਸੰਬੋਧਨ ਕੀਤਾ।ਆਪਣੇ ਦੌਰੇ ਦੌਰਾਨ ਜੈਸ਼ੰਕਰ ਸਾਊਦੀ ਅਰਬ ਦੇ ਵਿਦੇਸ਼ ਮੰਤਰੀ ਨਾਲ ਵੀ ਮੁਲਾਕਾਤ ਕਰਨਗੇ।

# ਭਾਰਤ ਨੇ ਯੂਕਰੇਨ ਨੂੰ ਸਹਾਇਤਾ ਦੀ 12ਵੀਂ ਖੇਪ ਭੇਜੀ




ਮਾਸਕੋ, 15 ਸਤੰਬਰ (ਪੋਸਟ ਬਿਊਰੋ)- ਭਾਰਤ ਨੇ ਰੂਸ-ਯੂਕਰੇਨ ਯੁੱਧ ਦਰਮਿਆਨ ਆਰਥਿਕ ਸਮੱਸਿਆਵਾਂ ਨੂੰ ਘੱਟ ਕਰਨ ਲਈ ਸੋਮਵਾਰ ਨੂੰ ਯੂਕਰੇਨ ਨੂੰ ਮਨੁੱਖੀ ਸਹਾਇਤਾ ਦੀ 12ਵੀਂ ਖੇਪ ਸੌਂਪੀ ਹੈ।ਇਸ ਵਿੱਚ ਜ਼ਰੂਰੀ ਦਵਾਈਆਂ ਅਤੇ ਉਪਕਰਨ ਸ਼ਾਮਲ ਹਨ।ਭਾਰਤ ਨੇ 1 ਮਾਰਚ ਨੂੰ ਪੋਲੈਂਡ ਦੇ ਰਸਤੇ ਯੂਕਰੇਨ ਨੂੰ ਮਨੁੱਖੀ ਸਹਾਇਤਾ ਦੀ ਪਹਿਲੀ ਕਿਸ਼ਤ ਭੇਜੀ ਸੀ। ਜਿਸ ਵਿੱਚ ਦਵਾਈਆਂ ਅਤੇ ਰਾਹਤ ਸਮੱਗਰੀ ਸ਼ਾਮਲ ਸੀ।ਜ਼ਿਕਰਯੋਗ ਹੈ ਕਿ ਰੂਸ ਅਤੇ ਯੂਕਰੇਨ ਵਿਚਾਲੇ ਯੁੱਧ ਨਿਰੰਤਰ ਜਾਰੀ ਹੈ। ਜਿਸ ਨਾਲ ਕਿ ਯੂਕਰੇਨ ਵਿਚ ਜਾਨ ਮਾਲ ਦਾ ਵੱਡਾ ਨੁਕਸਾਨ ਹੋ ਚੁੱਕਾ ਹੈ।

# ਸੀਨੀਅਰ ਸਿਟੀਜਨ ਬਲੈਕ ਓਕ ਕਲੱਬ ਦੀ ਨਵੀਂ ਕਾਰਜ਼ਕਾਰਣੀ ਦੀ ਸਰਬਸੰਮਤੀ ਨਾਲ ਹੋਈ ਚੋਣ, ਆਤਮਾਂ ਸਿੰਘ ਬਰਾੜ ਨੂੰ ਮੁੜ ਬਣਾਇਆ ਪ੍ਰਧਾਨ



ਪਿਛਲੇ ਹਫਤੇ ਸੀਨੀਅਰ ਸਿਟੀਜਨ ਬਲੈਕ ਓਕ ਕਲੱਬ, ਬਰੈਂਪਟਨ ਦੀ ਸਲਾਨਾ ਮੀਟਿੰਗ ਬਲਿਊ ਓਕ ਪਾਰਕ ਵਿਖੇ ਬਰੈਂਪਟਨ ਵਿਖੇ ਸ੍ਰੀ ਆਤਮਾ ਸਿੰਘ ਬਰਾੜ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿਚ ਕਲੱਬ ਦੇ ਅਹੁਦੇਦਾਰ ਅਤੇ ਪੱਕੇ ਮੈਂਬਰਾਂ ਨੇ ਬਹੁ ਗਿਣਤੀ ਵਿੱਚ ਭਾਗ ਲਿਆ। ਕਲੱਬ ਦੇ ਮੌਜੂਦਾ ਪ੍ਰਧਾਨ ਵਲੋਂ ਕਲੱਬ ਦੀ ਪਿਛਲੇ ਸਾਲਾਂ ਵਿਚ ਕੀਤੀ ਕਾਰਗੁਜ਼ਾਰੀ ਬਾਰੇ ਪੂਰਣ ਵੇਰਵੇ ਸਹਿਤ ਜਾਣੂ ਕਰਵਾਇਆ ਗਿਆ ਅਤੇ ਦਸਿਆ ਗਿਆ ਕਿ ਕਲੱਬ ਦੀ ਰਜਿਸਟਰੇਸ਼ਨ ਅਕਤੂਬਰ 2022 ਵਿੱਚ ਖਤਮ ਹੋ ਗਈ ਹੈ। ਸਵਿਧਾਨ ਅਨੁਸਾਰ ਅਗਲੇ 2 ਸਾਲਾਂ ਵਾਸਤੇ ਨਵੀਂ ਕਾਰਜ਼ਕਾਰਣੀ ਬਣਾਉਣੀ ਜਰੂਰੀ ਹੈ ਬਾਰੇ ਹਾਊਸ ਦੀ ਸਹਿਮਤੀ ਲਈ ਗਈ। ਮੈਂਬਰਾਂ ਦੀ ਸਹਿਮਤੀ ਨਾਲ ਬਲਿਊ ਓਕ ਪਾਰਕ ਵਿਚ ਹੋਈ ਜਨਰਲ ਮੀਟਿੰਗ ਵਿੱਚ ਕਲੱਬ ਦੀ ਨਵੀਂ ਕਾਰਜ਼ਕਾਰਣੀ ਬਣਾਉਣ ਬਾਰੇ ਭਰਪੂਰ ਵਿਚਾਰ ਚਰਚਾ ਹੋਈ। ਅਖੀਰ ਵਿਚ ਬਹੁ-ਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਬਗੈਰ ਚੋਣ ਕੀਤੇ ਮੌਜੂਦਾ ਕਮੇਟੀ ਨੂੰ ਹੀ ਅਗਲੇ 2 ਸਾਲਾਂ ਵਾਸਤੇ ਕੰਮ ਕਰਨ ਦਾ ਮੌਕਾ ਦਿੱਤਾ ਜਾਵੇ। ਕਲੱਬ ਦੇ ਮੌਜੂਦਾ ਪ੍ਰਧਾਨ ਸ੍ਰੀ ਆਤਮਾਂ ਸਿੰਘ ਬਰਾੜ ਨੂੰ ਹੀ ਪ੍ਰਧਾਨ ਮੰਨਿਆ ਜਾਵੇ। ਉਸ ਨੂੰ ਕਾਰਜ਼ਕਾਰਣੀ ਕਮੇਟੀ ਨਿਯੁਕਤ ਕਰਨ ਅਤੇ ਅਹੁਦੇ ਪ੍ਰਦਾਨ ਕਰਨ ਦੀ ਸਹਿਮਤੀ ਦਿੱਤੀ ਗਈ।

ਹਾਊਸ ਦੀ ਮੰਨਜੂਰੀ ਮਿਲਣ ਉਪਰੰਤ ਕਲੱਬ ਦੇ ਪ੍ਰਧਾਨ ਵਲੋਂ ਕਾਰਜ਼ਕਾਰੀ ਕਮੇਟੀ ਦੀ ਕੀਤੀ ਨਿਯੁਕਤੀ ਅਨੁਸਾਰ ਸ੍ਰੀ ਆਤਮਾਂ ਸਿੰਘ ਬਰਾੜ, ਪ੍ਰਧਾਨ, ਸ੍ਰੀ ਪਿਰਥੀ ਸਿੰਘ ਮਾਨ, ਸੀਨੀਅਰ ਮੀਤ ਪ੍ਰਧਾਨ, ਸ੍ਰੀ ਭਰਪੂਰ ਸਿੰਘ ਚਹਿਲ, ਮੀਤ ਪ੍ਰਧਾਨ, ਸ੍ਰੀ ਸਿਕੰਦਰ ਸਿੰਘ ਝੱਜ, ਖਜਾਨਚੀ-ਕਮ-ਸਕੱਤਰ, ਸ੍ਰੀ ਸਰੂਪ ਸਿੰਘ ਗਿੱਲ, ਮੁੱਖ ਸਲਾਹਕਾਰ, ਸ੍ਰੀ ਕਰਨੈਲ ਸਿੰਘ ਸਿੱਧੂ, ਡਾਇਰੈਕਟਰ, ਸ੍ਰੀ ਨਿਰਮਲ ਸਿੰਘ ਤੂਰ ਡਾਇਰੈਕਟਰ, ਸ੍ਰੀ ਭਾਨ ਸਿੰਘ ਧਾਲੀਵਾਲ, ਡਾਇਰੈ: ਸੁਰਿੰਦਰ ਸਿੰਘ ਜੱਸਲ, ਡਾਇਰੈਕਟਰ, ਸ੍ਰੀ ਹਰਦੇਵ ਸਿੰਘ ਗਿੱਲ, ਡਾਇਰੈਕਟਰ, ਸ੍ਰੀ ਸੁਰਜੀਤ ਸਿੰਘ ਰੰਧਾਵਾ, ਡਾਇਰੈਕਟਰ, ਸ੍ਰੀ ਗੁਰਿੰਦਰ ਸਿੰਘ ਡਾਇਰੈਕਟਰ ਅਤੇ ਸ੍ਰੀ ਰਾਮ ਦਿਆਲ ਫੋਟੋਗਰਾਫਰ ਦੀ ਨਿਯੁਕਤੀ ਕੀਤੀ ਗਈ। ਮੌਜੂਦਾ ਹਾਊਸ ਵਲੋਂ ਨਵੀਂ ਚੁਣੀ ਕਮੇਟੀ ਨੂੰ ਪ੍ਰਵਾਣ ਕੀਤਾ ਗਿਆ ਅਤੇ ਸਾਰੇ ਅਹੁਦੇਦਾਰਾਂ ਨੂੰ ਵਧਾਈਆਂ ਦਿੱਤੀਆਂ ਗਈਆਂ। ਇਹ ਜਾਣਕਾਰੀ ਸ੍ਰੀ ਆਤਮਾਂ ਸਿੰਘ ਬਰਾੜ, ਪ੍ਰਧਾਨ, ਸੀਨੀਅਰ ਸਿਟੀਜਨ ਬਲੈਕ ਓਕ ਕਲੱਬ, ਬਰੈਂਪਟਨ ਵਲੋਂ ਦਿੱਤੀ ਗਈ।

## ਖੇਡ ਮੰਤਰੀ ਨੇ ਅਰਸ਼ਦੀਪ ਸਿੰਘ ਨੂੰ ਵਿਸ਼ਵ ਕੱਪ ਲਈ ਸ਼ੁਭਕਾਮਨਾਵਾਂ ਦਿੱਤੀਆਂ



ਚੰਡੀਗੜ੍ਹ, 15 ਸਤੰਬਰ (ਪੋਸਟ ਬਿਊਰੋ): ਪੰਜਾਬ ਦੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਆਸਟਰੇਲੀਆ ਵਿਖੇ ਹੋਣ ਵਾਲੇ ਟਵੰਟੀ-20 ਵਿਸ਼ਵ ਕੱਪ ਲਈ ਭਾਰਤੀ ਟੀਮ ਵਿੱਚ ਚੁਣੇ ਜਾਣ ਉੱਤੇ ਤੇਜ਼ ਗੇਂਦਬਾਜ਼ ਅਰਸ਼ਦੀਪ ਸਿੰਘ ਨੂੰ ਨਿੱਜੀ ਤੌਰ ਉੱਤੇ ਮਿਲ ਕੇ ਮੁਬਾਰਕਬਾਦ ਦਿੱਤੀ। ਉਨ੍ਹਾਂ ਅਰਸ਼ਦੀਪ ਸਿੰਘ ਨੂੰ ਵਿਸ਼ਵ ਕੱਪ ਲਈ ਸ਼ੁਭ ਇੱਛਾਵਾਂ ਦਿੰਦਿਆਂ ਆਸ ਪ੍ਰਗਟਾਈ ਕਿ ਉਹ ਆਪਣੇ ਪ੍ਰਦਰਸ਼ਨ ਨਾਲ ਦੇਸ਼ ਅਤੇ ਸੂਬੇ ਦਾ ਨਾਮ ਰੌਸ਼ਨ ਕਰੇਗਾ।

ਖੇਡ ਮੰਤਰੀ ਨੇ ਚੰਡੀਗੜ੍ਹ ਸਥਿਤ ਸੈਕਟਰ 24 ਦੇ ਕ੍ਰਿਕਟ ਗਰਾਊਂਡ ਵਿਖੇ ਅਰਸ਼ਦੀਪ ਸਿੰਘ ਨਾਲ ਮੁਲਾਕਾਤ ਕਰਦਿਆਂ ਉਸ ਵੱਲੋਂ ਥੋੜ੍ਹੇ ਸਮੇਂ ਵਿੱਚ ਹੀ ਆਪਣੇ ਕੌਮਾਂਤਰੀ ਕ੍ਰਿਕਟ ਕਰੀਅਰ ਵਿੱਚ ਬਿਹਤਰੀਨ ਪ੍ਰਦਰਸ਼ਨ ਸਦਕਾ ਛੱਡੀ ਛਾਪ ਲਈ ਵਧਾਈਆਂ ਦਿੱਤੀਆਂ। ਉਨ੍ਹਾਂ ਕਿਹਾ ਕਿ ਅਰਸ਼ਦੀਪ ਸਿੰਘ ਅੱਜ ਨੌਜਵਾਨਾਂ ਲਈ ਪ੍ਰੇਰਨਾ ਸ੍ਰੋਤ ਹੈ ਜਿਸ ਨੇ ਆਪਣੀ ਸਖ਼ਤ ਮਿਹਨਤ ਅਤੇ ਸਮਰਪਣ ਭਾਵਨਾ ਨਾਲ ਘਰੇਲੂ ਕ੍ਰਿਕਟ ਤੇ ਆਈ.ਪੀ.ਐਲ. ਵਿੱਚ ਚੰਗੇ ਪ੍ਰਦਰਸ਼ਨ ਨਾਲ ਟੀਮ ਵਿੱਚ ਜਗ੍ਹਾਂ ਬਣਾਈ ਅਤੇ 11 ਮੈਚਾਂ ਦੇ ਕੌਮਾਂਤਰੀ ਕਰੀਅਰ ਵਿੱਚ ਆਖਰੀ (ਡੈਥ) ਓਵਰਾਂ ਵਿੱਚ ਟੀਮ ਦਾ ਅਹਿਮ ਖਿਡਾਰੀ ਬਣ ਗਿਆ। ਮੀਤ ਹੇਅਰ ਨੇ ਅਰਸ਼ਦੀਪ ਸਿੰਘ ਨੂੰ ਅਕਤੂਬਰ ਮਹੀਨੇ ਸ਼ੁਰੂ ਹੋਣ ਵਾਲੇ ਵਿਸ਼ਵ ਕੱਪ ਵਿੱਚ ਚੰਗੀ ਖੇਡ ਅਤੇ ਭਾਰਤੀ ਟੀਮ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ।

ਉਨ੍ਹਾਂ ਅਰਸ਼ਦੀਪ ਸਿੰਘ ਦਾ ਪ੍ਰੈਕਟਿਸ ਸੈਸ਼ਨ ਦੇਖਦਿਆ ਉਸ ਦੀ ਖੇਡ ਦਾ ਆਨੰਦ ਮਾਣਿਆ ਅਤੇ ਉਸ ਦੀ ਹੌਸਲਾ ਅਫ਼ਜ਼ਾਈ ਵੀ ਕੀਤੀ। ਇਸ ਤੋਂ ਪਹਿਲਾਂ ਖੇਡ ਮੰਤਰੀ ਨੇ ਸੈਕਟਰ 16 ਅਕੈਡਮੀ ਦੇ ਖਿਡਾਰੀਆਂ ਨਾਲ ਖੁਦ ਬੱਲੇਬਾਜ਼ੀ ਦੀ ਨੈਟ ਪ੍ਰੈਕਟਿਸ ਵੀ ਕੀਤੀ।

## ਸਿਆਟਲ ਵਿਚ ਬਾਬਾ ਨੰਦ ਸਿੰਘ ਜੀ ਨਾਨਕਸਰ ਕਲੇਰਾਂ ਵਾਲਿਆਂ ਦੀ ਬਰਸੀ ਮਨਾਈ

ਸਿਆਟਲ, 15 ਸਤੰਬਰ (ਗੁਰਚਰਨ ਸਿੰਘ ਢਿੱਲੋਂ): ਗੁਰਦੁਆਰਾ ਸੱਚਾ ਮਾਰਗ ਐਬਰਨ (ਸਿਆਟਲ) ਵਿਚ ਨਾਨਕਸਰ ਕਲੈਰਾਂ ਵਾਲਿਆਂ ਦੀ ਸਿਆਟਲ ਦੀ ਸੰਗਤ ਵਲੋਂ ਬਾਬਾ ਨੰਦ ਸਿੰਘ ਜੀ ਕਲੈਰਾਂ ਵਾਲਿਆਂ ਦੀ ਸਲਾਨਾ ਬਰਸੀ ਬੜੀ ਸ਼ਰਧਾ ਤੇ ਸਤਿਕਾਰ ਨਾਲ ਮਨਾਈ ਗਈ। 9 ਸਤੰਬਰ ਸ਼ੁੱਕਰਵਾਰ ਨੂੰ ਸ੍ਰੀ ਆਖੰਡ ਸਾਹਿਬ ਰੱਖੇ ਗਏ ਅਤੇ 11 ਸਤੰਬਰ ਦਿਨ ਐਤਵਾਰ ਨੂੰ ਭੋਗ ਪੈਣ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ। ਇਸ ਦੌਰਾਨ ਬੱਚਿਆਂ ਜਸਮੀਨ ਕੌਰ ਅਤੇ ਕਰਨਵੀਰ ਸਿੰਘ ਨੇ ਕੀਰਤਨ ਕਰਕੇ ਗੁਰੂ ਦਾ ਜਸ ਗਾਇਨ ਕੀਤਾ। ਭਾਈ ਗੁਰਬਖ਼ਸ਼ ਸਿੰਘ ਸੁੱਖ ਮਹਿਲ ਵਾਲਿਆਂ ਨੇ ਕੀਰਤਨ ਰਾਹੀਂ ਬਾਬਾ ਨੰਦ ਸਿੰਘ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ। ਗੁਰੂਘਰ ਵਲੋਂ ਨਾਨਕ ਸਿੰਘ ਕਲੈਰਾਂ ਵਾਲਿਆਂ ਦੇ ਸੇਵਾਦਾਰਾਂ ਬਾਬਾ ਜੋਰਾ ਸਿੰਘ, ਕੁਲਦੀਪ ਸਿੰਘ ਕਾਹਲੋਂ, ਜਸਵੰਤ ਸਿੰਘ, ਪ੍ਰਿੰਸੀਪਲ ਨਾਹਰ ਸਿੰਘ, ਮੇਜਰ ਸਿੰਘ ਸ਼ੇਰਪੁਰੀ ਨੂੰ ਸਿਰੋਪਾਓ ਪਾ ਕੇ ਨਵਾਜਿਆ ਗਿਆ। ਜੌਹਲ ਪਰਿਵਾਰ ਵਲੋਂ ਲੰਗਰਾਂ ਦੀ ਸੇਵਾ ਬੜੀ ਹੀ ਸ਼ਰਧਾ ਨਾਲ ਨਿਭਾਈ ਗਈ। ਅਖੀਰ ਵਿਚ ਸਟੇਜ ਤੋਂ ਹਰਜਿੰਦਰ ਸਿੰਘ ਸੰਧੂ ਨੇ ਸਮੁੱਚੀ ਸੰਗਤ ਦਾ ਧੰਨਵਾਦ ਕੀਤਾ।







## ਆਪ ਵੱਲੋਂ ਇਸਦੇ ਵਿਧਾਇਕਾਂ ਦੀ ਖਰੀਦੋ ਫਰੋਖ਼ਤ ਦੇ ਭਾਜਪਾ ’ਤੇ ਲਾਏ ਦੋਸ਼ਾਂ ਦੀ ਸੀ ਬੀ ਆਈ ਅਤੇ ਈ ਡੀ ਜਾਂਚ ਹੋਵੇ : ਮਜੀਠੀਆ

* ਕਿਹਾ ਕਿ ਅਕਾਲੀ ਦਲ ਭਲਕੇ ਚੰਡੀਗੜ੍ਹ ਪੁਲਿਸ ਕੋਲ ਇਸ ਸਬੰਧੀ ਸ਼ਿਕਾਇਤ ਦਰਜ ਕਰਵਾਏਗਾ



ਚੰਡੀਗੜ੍ਹ, 15 ਸਤੰਬਰ (ਪੋਸਟ ਬਿਊਰੋ): ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੇ ਅੱਜਮੰਗ ਕੀਤੀ ਕਿ ਵਿੱਤ ਮੰਤਰੀ ਸ੍ਰੀ ਹਰਪਾਲ ਚੀਮਾ ਵੱਲੋਂ ਭਾਜਪਾ ’ਤੇ ਇਸਦੇ 10 ਵਿਧਾਇਕਾਂ ਨੂੰ 25, 25 ਕਰੋੜ ਰੁਪਏ ਦੀ ਪੇਸ਼ਕਸ਼ ਕਰ ਕੇ ਖਰੀਦੋ ਫਰੋਖ਼ਤ ਕਰਨ ਦੇ ਲਾਏ ਦੋਸ਼ਾਂ ਦੀ ਸੀ ਬੀ ਆਈ ਅਤੇ ਈ ਡੀ ਜਾਂਚ ਹੋਣੀ ਚਾਹੀਦੀ ਹੈ।

ਇਥੇ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਅਜਿਹਾ ਬਹੁਤ ਲਾਜ਼ਮੀ ਹੈ ਕਿਉਂਕਿ ਆਪ ਸਰਕਾਰ ਨੇ ਨਾ ਤਾਂ ਇਸ ਕੇਸ ਸਬੰਧੀ ਦਰਜ ਹੋਈ ਐਫ ਆਈ ਆਰ ਹੀ 24 ਘੰਟੇ ਲੰਘਣ ਮਗਰੋਂ ਜਨਤਕ ਕੀਤੀ ਹੈ ਤੇ ਨਾ ਹੀ ਭਾਜਪਾ ਦੇ ਕਿਸੇ ਆਗੂ ਜਾਂ ਕਿਸੇ ਵਿਚੋਲੇ ਖਿਲਾਫ ਕੋਈ ਕਾਰਵਾਈ ਹੋਈ ਹੈ। ਉਹਨਾਂ ਕਿਹਾ ਕਿ ਪੰਜਾਬ ਵਿਚ ਕਦੇ ਵੀ ਇਸ ਪੱਧਰ ’ਤੇ ਰਿਸ਼ਵਤਖੋਰੀ ਦੇ ਦੋਸ਼ ਨਹੀਂ ਲੱਗੇ ਅਤੇ ਮਾਮਲੇ ਵਿਚ ਪੰਜਾਬ ਪੁਲਿਸ ਕੋਈ ਕਾਰਵਾਈ ਨਹੀਂ ਕਰ ਰਹੀ, ਇਸ ਲਈ ਇਹ ਕੇਸ ਕੇਂਦਰੀ ਏਜੰਸੀਆਂ ਹਵਾਲੇ ਕੀਤਾ ਜਾਣਾ ਚਾਹੀਦਾ ਹੈ ਤੇ ਇਸ ਮਾਮਲੇ ’ਤੇ ਹਾਈ ਕੋਰਟ ਦੀ ਨਿਗਰਾਨੀ ਹੇਠ ਜਾਂਚ ਹੋਣੀ ਚਾਹੀਦੀ ਹੈ।

ਮਜੀਠੀਆ ਨੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਵੀ ਅਪੀਲ ਕੀਤੀ ਕਿ ਉਹਨਾਂ ਦਾ ਨਾਂ ਵੀ ਆਪ ਵਿਧਾਇਕਾਂ ਦੀ ਖਰੀਦੋ ਫਰੋਖ਼ਤ ਲਈ ਯਤਨਾਂ ਵਿਚ ਆ ਰਿਹਾ ਹੈ ਤਾਂ ਇਸ ਲਈ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਹੋਣੀ ਚਾਹੀਦੀ ਹੈ। ਉਹਨਾਂ ਕਿਹਾ ਕਿ ਇਹ ਗੱਲ ਸਿਰਫ ਕਿਸੇ ਇਕ ਪਾਰਟੀ ਦੀ ਨਹੀਂ ਹੈ ਬਲਕਿ ਇਹ ਲੋਕਤੰਤਰ ਅਤੇ ਇਸਦੀ ਬੁਨਿਆਦ ਨੂੰ ਦਰਪੇਸ਼ ਚੁਣੌਤੀ ਦੀ ਗੱਲ ਹੈ। ਉਹਨਾਂ ਕਿਹਾ ਕਿ ਅਕਾਲੀ ਦਲ ਆਪਣੇ ਵੱਲੋਂ ਇਸ ਮਾਮਲੇ ’ਤੇ ਭਲਕੇ ਚੰਡੀਗੜ੍ਹ ਪੁਲਿਸ ਕੋਲ ਸ਼ਿਕਾਇਤ ਦਰਜ ਕਰਵਾਏਗਾ ਤਾਂ ਜੋ ਸਾਰੇ ਕੇਸ ਦੀ ਡੂੰਘਾਈ ਨਾਲ ਸੂਬੇ ਦੇ ਲੋਕਾਂ ਦੀਆਂ ਭਾਵਨਾਵਾਂ ਅਨੁਸਾਰ ਤੇ ਉਹਨਾਂ ਦੇ ਸੱਚ ਜਾਨਣ ਦੇ ਹੱਕ ਅਨੁਸਾਰ ਜਾਂਚ ਹੋਵੇ।

ਅਕਾਲੀ ਆਗੂ ਨੇ ਇਹ ਵੀ ਜ਼ੋਰ ਦੇ ਕੇ ਕਿਹਾ ਕਿ ਸਮੁੱਚੇ ਰਿਸ਼ਵਤਖੋਰੀ ਮਾਮਲੇ ਵਿਚ ਕਈ ਤਰ੍ਹਾਂ ਦੇ ਪਹਿਲੂ ਸਾਹਮਣੇ ਆ ਰਹੇ ਹਨ। ਵੱਖ ਵੱਖ ਆਗੂ ਵੱਖ ਵੱਖ ਅੰਕੜੇ ਦੱਸ ਰਹੇ ਹਨ। ਜਿਥੇ ਚੀਮਾ ਦਾ ਕਹਿਣਾ ਹੈ ਕਿ 10 ਵਿਧਾਇਕਾਂ ਕੋਲ ਪਹੁੰਚ ਕੀਤੀ ਗਈ ਤਾਂ ਮੁੱਖ ਮੰਤਰੀ ਨੇ ਇਹ ਗਿਣਤੀ ਛੇ ਜਾਂ ਸੱਤ ਦੱਸੀ ਹੈ ਜਦੋਂ ਕਿ ਮੰਤਰੀ ਅਮਨ ਅਰੋੜਾ ਨੇ ਗਿਣਤੀ 35 ਦੱਸੀ ਹੈ। ਉਹਨਾਂ ਇਹ ਵੀ ਕਿਹਾ ਕਿ ਆਪ ਲੀਡਰਸ਼ਿਪ ਨੇ ਦਾਅਵਾ ਕੀਤਾ ਹੈ ਕਿ ਇਸ ਮਾਮਲੇ ਦਾ ਇਲੈਕਟ੍ਰਾਨਿਕ ਸਬੂਤ ਹੈ ਪਰ ਇਹ ਜਨਤਕ ਤੌਰ ’ਤੇ ਸਾਂਝੇ ਨਹੀਂ ਕੀਤੇ ਗਏ।

ਮਜੀਠੀਆ ਨੇ ਕਿਹਾ ਕਿ ਆਪ ਸਰਕਾਰ ਸੂਬੇ ਦੇ ਸਰਕਾਰੀ ਖਜ਼ਾਨੇ ਦੇ ਸਿਰ ’ਤੇ ਇਕ ਹੋਰ ਡਰਾਮਾ ਕਰਨ ਦੀ ਤਿਆਰੀ ਵਿਚ ਹੈ। ਉਹਨਾਂ ਕਿਹਾ ਕਿ ਜਿਸ ਤਰੀਕੇ ਦਿੱਲੀ ਵਿਚ ਹੋਇਆ, ਪੰਜਾਬ ਵਿਚ ਵੀ ਭਰੋਸੇ ਦੀ ਵੋਟ ਲੈਣ ਲਈ ਵਿਸ਼ੇਸ਼ ਸੈਸ਼ਨ ਸੱਦਣ ਦਾ ਡਰਾਮਾ ਰਚਿਆ ਜਾ ਸਕਦਾ ਹੈ।

ਮਜੀਠੀਆ ਨੇ ਇਹਨਾਂ ਸਾਰੇ ਦੋਸ਼ਾਂ ਪਿੱਛੇ ਆਪ ਦੇ ਆਗੂ ਸ਼ੀਤਲ ਅੰਗਰੂਾਲ ਦੀ ਭੂਮਿਕਾ ’ਤੇ ਵੀ ਸਵਾਲ ਚੁੱਕੇ। ਉਹਨਾਂ ਕਿਹਾ ਕਿ ਵਿੱਤ ਮੰਤਰੀ ਨੇ ਦਾਅਵਾ ਕੀਤਾ ਸੀ ਕਿ ਅੰਗੂਰਾਲ ’ਤੇ ਹਮਲਾ ਹੋਇਆ ਹੈ ਪਰ ਇਹ ਜਾਣਕਾਰੀ ਜਨਤਕ ਤੌਰ ’ਤੇ ਸਾਂਝੀ ਨਹੀਂ ਕੀਤੀ ਗਈ। ਉਹਨਾਂ ਕਿਹਾ ਕਿ ਇਹ ਦੋਸ਼ ਲਾਇਆ ਜਾ ਰਿਹਾ ਹੈ ਕਿ ਅੰਗੂਰਾਲ ਨੂੰ ਭਾਜਪਾ ਤੋਂ ਜਾਨੋਂ ਮਾਰਨ ਦੀਆਂ ਧਮਕੀਆਂ ਮਿਲੀਆਂ ਹਨ। ਉਹਨਾਂ ਨੇ ਅੰਗੂਰਾਲ ਦੀਆਂ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਸਮੇਤ ਭਾਜਪਾ ਦੇ ਸਿਖਰਲੇ ਆਗੂਆਂ ਨਾਲ ਕਈ ਤਸਵੀਰਾਂ ਵਿਖਾਈਆਂ ਜਿਸ ਤੋਂ ਸਾਬਤ ਹੁੰਦਾ ਹੈ ਕਿ ਅੰਗੂਰਾਲ ਦੇ ਭਾਜਪਾ ਨਾਲ ਨਜ਼ਦੀਕੀ ਰਿਸ਼ਤੇ ਹਨ। ਉਹਨਾਂ ਇਹ ਵੀ ਦੱਸਿਆ ਕਿ ਅੰਗੂਰਾਲ ਦੇ ਬਿਆਨ ’ਤੇ ਇਸ ਕਰ ਕੇ ਵੀ ਵਿਸਾਹ ਨਹੀਂ ਕੀਤਾ ਜਾ ਸਕਦਾ ਕਿਉਂਕਿ ਉਸਦੇ ਖਿਲਾਫ 9 ਫੌਜਦਾਰੀ ਕੇਸ ਦਰਜ ਹਨ ਜਿਹਨਾਂ ਵਿਚ ਨਾਬਾਲਗ ਲੜਕੀ ਨੂੰ ਅਗਵਾ ਕਰਨ, ਇਰਾਦਾ ਕਤਲ, ਜੂਆ ਖੇਡਣ ਤੇ ਨਜਾਇਜ਼ ਸ਼ਰਾਬ ਦੀ ਵਿਕਰੀ ਸ਼ਾਮਲ ਹਨ।

ਇਕ ਸਵਾਲ ਦੇ ਜਵਾਬ ਵਿਚ ਮਜੀਠੀਆ ਨੇ ਕਿਹਾ ਕਿ ਮੁੱਖ ਮੰਤਰੀ ਨੇ ਪੰਜਾਬ ਵਿਚ ਬੀ ਐਮ ਡਬਲਿਊ ਕਾਰ ਦਾ ਉਤਪਾਦਨ ਪਲਾਂਟ ਲੱਗਣ ਦਾ ਦਾਅਵਾ ਕਰ ਕੇ ਪੰਜਾਬ ਦਾ ਮਾਣ ਸਨਮਾਨ ਨੂੰ ਠੇਸ ਪਹੁੰਚਾਈ ਹੈ। ਉਹਨਾਂ ਨੇ ਅਗਨੀਪਥ ਸਕੀਮ ’ਤੇ ਦੋਹਰੇ ਮਾਪਦੰਡ ਅਪਣਾਉਣ ’ਤੇ ਵੀ ਆਪ ਸਰਕਾਰ ਦੀ ਨਿਖੇਧੀ ਕੀਤੀ। ਉਹਨਾਂ ਕਿਹਾ ਕਿ ਭਗਵੰਤ ਮਾਨ ਨੇ ਵਿਧਾਨ ਸਭਾ ਵਿਚ ਸਕੀਮ ਦਾ ਵਿਰੋਧ ਕੀਤਾ ਸੀ ਪਰ ਹੁਣ ਇਸਦੀ ਹਮਾਇਤ ਕਰ ਰਹੇ ਹਨ।

## ਸੁਖਬੀਰ ਵੱਲੋਂ ਪਾਰਟੀ ਦੇ ਸੂਬਾ ਅਬਜ਼ਰਵਰਾਂ, ਕੋਆਰਡੀਨੇਸ਼ਨ ਕਮੇਟੀ ਅਤੇ ਜ਼ਿਲ੍ਹਾਵਾਰ ਅਬਜ਼ਰਵਰਾਂ ਦਾ ਐਲਾਨ

ਚੰਡੀਗੜ੍ਹ, 15 ਸਤੰਬਰ (ਪੋਸਟ ਬਿਊਰੋ): ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਸੁਚਾਰੂ ਢੰਗ ਨਾਲ ਮੁੜ ਉਸਾਰਨ ਵਾਸਤੇ ਸੂਬਾ ਅਤੇ ਜਿਲਾ ਪੱਧਰ ਤੇ ਅਬਜਰਵਰ ਅਤੇ ਕੋਆਰਡੀਨੇਸ਼ਨ ਕਮੇਟੀ ਲਾਉਣਾ ਦਾ ਫੈਸਲਾ ਕੀਤਾ ਹੈ।

ਪਾਰਟੀ ਦੇ ਮੁੱਖ ਦਫਤਰ ਤੋਂ ਜਾਰੀ ਕੀਤੀ ਗਈ ਲਿਸਟ ਅਨੁਸਾਰ ਬਲਵਿੰਦਰ ਸਿੰਘ ਭੂੰਦੜ ਮੁੱਖ ਸੂਬਾ ਅਬਜਰਵਰ ਹੋਣਗੇ ਅਤੇ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਗੁਲਜਾਰ ਸਿੰਘ ਰਾਣੀਕੇ, ਬੀਬੀ ਜਗੀਰ ਕੌਰ ਅਤੇ ਸ੍ਰੀ ਅਨਿੱਲ ਜੋਸੀ ਸੂਬਾ ਅਬਜਰਵਰ ਹੋਣਗੇ। ਡਾ. ਦਲਜੀਤ ਸਿੰਘ ਚੀਮਾ ਨੂੰ ਕੋਆਰਡੀਨੇਸ਼ਨ ਕਮੇਟੀ ਦੀ ਜਿੰਮੇਵਾਰੀ ਦਿੱਤੀ ਗਈ ਹੈ। ਇਸ ਤੋਂ ਇਲਾਵਾ ਜਿਹਨਾਂ ਆਗੂਆਂ ਨੂੰ ਜਿਲਾਵਾਰ ਅਬਜਰਵਰ ਨਿਯੁਕਤ ਕੀਤਾ ਗਿਆ ਹੈ ਉਹਨਾਂ ਵਿੱਚ ਬਿਕਰਮ ਸਿੰਘ ਮਜੀਠੀਆ ਜਿਲਾ ਅੰਮ੍ਰਿਤਸਰ (ਸ਼ਹਿਰੀ), ਲਖਬੀਰ ਸਿੰਘ ਲੋਧੀਨੰਗਲ ਅਤੇ ਹਰਮੀਤ ਸਿੰਘ ਸੰਧੂ ਜਿਲਾ ਅੰਮ੍ਰਿਤਸਰ (ਦਿਹਾਤੀ), ਸਿਕੰਦਰ ਸਿੰਘ ਮਲੂਕਾ ਅਤੇ ਪਰਕਾਸ਼ ਚੰਦ ਗਰਗ ਜਿਲਾ ਪਟਿਆਲਾ, ਜਨਮੇਜਾ ਸਿੰਘ ਸੇਖੋਂ ਜਿਲਾ ਮੋਗਾ, ਮਹੇਸਇੰਦਰ ਸਿੰਘ ਗਰੇਵਾਲ ਜਿਲਾ ਰੋਪੜ੍ਹ, ਸ਼ਰਨਜੀਤ ਸਿੰਘ ਢਿੱਲੋਂ ਜਿਲਾ ਜਲੰਧਰ (ਦਿਹਾਤੀ), ਗੁਲਜਾਰ ਸਿੰਘ ਰਾਣੀਕੇ ਅਤੇ ਵੀਰ ਸਿੰਘ ਲੋਪੋਕੇ ਜਿਲਾ ਗੁਰਦਾਸਪੁਰ, ਸੁਰਜੀਤ ਸਿੰਘ ਰੱਖੜਾ ਜਿਲਾ ਫਤਿਹਗੜ੍ਹ ਸਾਹਿਬ, ਹੀਰਾ ਸਿੰਘ ਗਾਬੜੀਆ ਪੁਲਿਸ ਜਿਲਾ ਖੰਨਾ, ਪਰਮਬੰਸ ਸਿੰਘ ਰੋਮਾਣਾ ਅਤੇ ਕੰਵਰਜੀਤ ਸਿੰਘ ਰੋਜੀ ਬਰਕੰਦੀ ਜਿਲਾ ਬਰਨਾਲਾ, ਇਕਬਾਲ ਸਿੰਘ ਝੂੰਦਾ ਅਤੇ ਨੁਸਰਤ ਇਕਰਾਮ ਖਾਂ ਜਿਲਾ ਸੰਗਰੂਰ ਅਤੇ ਜਿਲਾ ਮਲੇਰਕੋਟਲਾ, ਵਰਦੇਵ ਸਿੰਘ ਮਾਨ ਅਤੇ ਹਰਪ੍ਰੀਤ ਸਿੰਘ ਕੋਟਭਾਈ ਜਿਲਾ ਬਠਿੰਡਾ, ਬਲਦੇਵ ਸਿੰਘ ਮਾਨ ਅਤੇ ਹਰਦੀਪ ਸਿੰਘ ਡਿੰਪੀ ਢਿੱਲੋਂ ਜਿਲਾ ਮਾਨਸਾ, ਗੁਰਪ੍ਰਤਾਪ ਸਿੰਘ ਵਡਾਲਾ ਜਿਲਾ ਫਰੀਦਕੋਟ, ਜੀਤਮਹਿੰਦਰ ਸਿੰਘ ਸਿੱਧੂ ਜਿਲਾ ਸ੍ਰੀ ਮੁਕਤਸਰ ਸਾਹਿਬ, ਗੁਰਪ੍ਰੀਤ ਸਿੰਘ ਰਾਜੂਖੰਨਾ ਜਿਲਾ ਮੋਹਾਲੀ, ਸੋਹਣ ਸਿੰਘ ਠੰਡਲ ਜਿਲਾ ਤਰਨ ਤਾਰਨ, ਪਵਨ ਕੁਮਾਰ ਟੀਨੂੰ ਅਤੇ ਸ. ਰਵੀਕਰਨ ਸਿੰਘ ਕਾਹਲੋਂ ਜਿਲਾ ਹੁਸ਼ਿਆਰਪੁਰ, ਤੀਰਥ ਸਿੰਘ ਮਾਹਲਾ ਪੁਲਿਸ ਜਿਲਾ ਜਗਰਾਉਂ, ਸੁਰਿੰਦਰ ਸਿੰਘ ਠੇਕੇਦਾਰ ਜਿਲਾ ਸ਼ਹੀਦ ਭਗਤ ਸਿੰਘ ਨਗਰ, ਡਾ. ਸੁਖਵਿੰਦਰ ਸੁੱਖੀ ਜਿਲਾ ਜਲੰਧਰ (ਸਹਿਰੀ), ਗੁਰਬਚਨ ਸਿੰਘ ਬੱਬੇਹਾਲੀ ਅਤੇ ਰਾਜ ਕੁਮਾਰ ਗੁਪਤਾ ਜਿਲਾ ਪਠਾਨਕੋਟ, ਮਨਤਾਰ ਸਿੰਘ ਬਰਾੜ ਜਿਲਾ ਫਾਜਲਿਕਾ, ਪ੍ਰੋ ਵਿਰਸਾ ਸਿੰਘ ਵਲਟੋਹਾ ਜਿਲਾ ਫਿਰੋਜਪੁਰ, ਐਨ.ਕੇ.ਸ਼ਰਮਾ ਜਿਲਾ ਲੁਧਿਆਣਾ (ਸ਼ਹਿਰੀ), ਜਗਬੀਰ ਸਿੰਘ ਬਰਾੜ ਅਤੇ ਬਰਜਿੰਦਰ ਸਿੰਘ ਬਰਾੜ ਜਿਲਾ ਕਪੂਰਥਲਾ ਦੇ ਜਿਲਾਵਾਰ ਅਬਜਰਵਰ ਹੋਣਗੇ।



# ਮੁੱਖ ਸਕੱਤਰ ਵੱਲੋਂ 26 ਹਜ਼ਾਰ ਤੋਂ ਜ਼ਿਆਦਾ ਸਰਕਾਰੀ ਨੌਕਰੀਆਂ ਦੀ ਭਰਤੀ ਪ੍ਰਕਿਰਿਆ ਵਿਚ ਤੇਜ਼ੀ ਲਿਆਉਣ ਦੀਆਂ ਹਦਾਇਤਾਂ

## ਵੱਖ-ਵੱਖ ਵਿਭਾਗਾਂ ਦੇ ਉੱਚ ਅਧਿਕਾਰੀਆਂ ਨਾਲ ਕੀਤੀ ਸਮੀਖਿਆ ਮੀਟਿੰਗ



ਚੰਡੀਗੜ੍ਹ, 15 ਸਤੰਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਸਕੱਤਰ ਵਿਜੇ ਕੁਮਾਰ ਜੰਜੂਆ ਨੇ ਵੱਖ-ਵੱਖ ਵਿਭਾਗਾਂ ਦੇ ਉੱਚ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਸਰਕਾਰੀ ਨੌਕਰੀਆਂ ਦੀ ਭਰਤੀ ਪ੍ਰਕਿਰਿਆ ਵਿਚ ਤੇਜ਼ੀ ਲਿਆਉਣ 'ਤੇ ਜ਼ੋਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਪਹਿਲੇ ਦਿਨ ਤੋਂ ਹੀ ਪੰਜਾਬ ਦੇ ਨੌਜਵਾਨਾਂ ਲਈ ਰੁਜ਼ਗਾਰ ਦੇ ਬਹੁਤ ਸਾਰੇ ਮੌਕੇ ਪੈਦਾ ਕਰ ਰਹੀ ਹੈ। ਨੌਜਵਾਨਾਂ ਨੂੰ ਵਿਦੇਸ਼ਾਂ ਵਿਚ ਜਾਣ ਤੋਂ ਰੋਕਣ ਲਈ ਮੁੱਖ ਮੰਤਰੀ ਵੱਲੋਂ ਵੱਧ ਤੋਂ ਵੱਧ ਨੌਜਵਾਨਾਂ ਨੂੰ ਪੰਜਾਬ ਵਿਚ ਹੀ ਰੁਜ਼ਗਾਰ ਮੁਹੱਈਆ ਕਰਵਾਉਣ ਦੇ ਟੀਚੇ ਦੀ ਪ੍ਰਾਪਤੀ ਲਈ ਮੁੱਖ ਸਕੱਤਰ ਨੇ ਸਾਰੇ ਵਿਭਾਗਾਂ ਨੂੰ ਸਮੇਂ ਸਿਰ ਭਰਤੀ ਮੁਕੰਮਲ ਕਰਨ ਦੀਆਂ ਹਦਾਇਤਾਂ ਦਿੱਤੀਆਂ।

ਉਨ੍ਹਾਂ ਕਿਹਾ ਕਿ ਜਿਹੜੇ ਵੀ ਵਿਭਾਗਾਂ ਵਿਚ ਭਰਤੀ ਪ੍ਰਕਿਰਿਆ ਚੱਲ ਰਹੀ ਹੈ, ਉਸ ਨੂੰ ਸਮੇਂ ਸਿਰ ਮੁਕੰਮਲ ਕਰਨ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ ਤਾਂ ਜੋ ਜ਼ਿਆਦਾ ਤੋਂ ਜ਼ਿਆਦਾ ਮੁੰਡੇ-ਕੁੜੀਆਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕੀਤੇ ਜਾ ਸਕਣ। ਉਨ੍ਹਾਂ ਹਦਾਇਤਾਂ ਕੀਤੀਆਂ ਕਿ ਸਾਰੀ ਭਰਤੀ ਪ੍ਰਕਿਰਿਆ ਪਾਰਦਰਸ਼ੀ ਤਰੀਕੇ ਨਾਲ ਨੇਪਰੇ ਚਾੜ੍ਹੀ ਜਾਵੇ।

ਮੀਟਿੰਗ ਦੌਰਾਨ ਮੁੱਖ ਸਕੱਤਰ ਨੂੰ ਦੱਸਿਆ ਗਿਆ ਕਿ ਵੱਖ-ਵੱਖ 24 ਵਿਭਾਗਾਂ ਵਿਚ 26 ਹਜ਼ਾਰ 454 ਅਸਾਮੀਆਂ ਲਈ ਭਰਤੀ ਪ੍ਰਕਿਰਿਆ ਚੱਲ ਰਹੀ ਹੈ। ਜਿਨ੍ਹਾਂ ਵਿਭਾਗਾਂ ਵਿਚ ਭਰਤੀ ਕੀਤੀ ਜਾਣੀ ਹੈ ਉਨ੍ਹਾਂ ਵਿਚ ਗ੍ਰਹਿ ਵਿਭਾਗ (ਪੁਲਿਸ), ਸਕੂਲੀ ਸਿੱਖਿਆ (ਅਧਿਆਪਕਾਂ ਦੀ ਭਰਤੀ), ਸਿਹਤ, ਬਿਜਲੀ, ਤਕਨੀਕੀ ਸਿੱਖਿਆ, ਵਿੱਤ ਵਿਭਾਗ, ਪੇਂਡੂ ਵਿਕਾਸ, ਸਹਿਕਾਰੀ ਵਿਭਾਗ ਅਤੇ ਜਲ ਸਪਲਾਈ ਵਿਭਾਗ ਪ੍ਰਮੁੱਖ ਹਨ।

ਮੁੱਖ ਸਕੱਤਰ ਨੇ ਕਿਹਾ ਕਿ ਨਵੀਂ ਭਰਤੀ ਨਾਲ ਜਿੱਥੇ ਨੌਜਵਾਨ ਮੁੰਡੇ-ਕੁੜੀਆਂ ਨੂੰ ਰੁਜ਼ਗਾਰ ਮਿਲੇਗਾ ਉੱਥੇ ਹੀ ਪ੍ਰਸ਼ਾਸਨਿਕ ਪੱਧਰ 'ਤੇ ਵੀ ਸਰਕਾਰ ਦੀ ਕਾਰਗੁਜ਼ਾਰੀ ਹੋਰ ਚੰਗੀ ਹੋਵੇਗੀ। ਨਵੀਂ ਭਰਤੀ ਨਾਲ ਸਰਕਾਰੀ ਕੰਮਕਾਜ ਵਿਚ ਵਧੇਰੇ ਤੇਜ਼ੀ ਆਵੇਗੀ। ਜਿਹੜੇ ਵਿਭਾਗਾਂ ਵਿਚ ਭਰਤੀ ਸਬੰਧੀ ਕੋਈ ਨੁਕਤਾ ਵਿਚਾਰਨ ਯੋਗ ਸੀ, ਮੁੱਖ ਸਕੱਤਰ ਨੇ ਉਸ ਦਾ ਮੌਕੇ 'ਤੇ ਹੀ ਹੱਲ ਕੱਢ ਕੇ ਅਧਿਕਾਰੀਆਂ ਨੂੰ ਸਮਾਂਬੱਧ ਭਰਤੀ ਕਰਨ ਦੇ ਨਿਰਦੇਸ਼ ਜਾਰੀ ਕੀਤੇ।

## ਗੁਜਰਾਤ ਤੱਟ ਤੋਂ 200 ਕਰੋੜ ਦੇ ਨਸ਼ੀਲੇ ਪਦਾਰਥਾਂ ਸਣੇ 6 ਪਾਕਿਸਤਾਨੀ ਨਾਗਰਿਕ ਗ੍ਰਿਫ਼ਤਾਰ



ਜਾਖਾਊ, 15 ਸਤੰਬਰ (ਪੋਸਟ ਬਿਊਰੋ): ਗੁਜਰਾਤ ਦੇ ਅੱਤਵਾਦ ਵਿਰੋਧੀ ਦਸਤੇ (ਏ.ਟੀ.ਐੱਸ.) ਨੇ ਭਾਰਤੀ ਤੱਟ ਰੱਖਿਅਕਾਂ ਨਾਲ ਸਾਂਝੀ ਕਾਰਵਾਈ ਕਰਦਿਆਂ ਅੱਜ ਯਾਨੀ ਬੁੱਧਵਾਰ ਸਵੇਰੇ 200 ਕਰੋੜ ਰੁਪਏ ਦੀ ਕੀਮਤ ਦੀ 40 ਕਿਲੋਗ੍ਰਾਮ ਨਸ਼ੀਲੇ ਪਦਾਰਥਾਂ ਨਾਲ ਭਰੀ ਪਾਕਿਸਤਾਨੀ ਕਿਸ਼ਤੀ ਬਰਾਮਦ ਕੀਤੀ ਹੈ।

ਗੁਜਰਾਤ ਦੇ ਅੱਤਵਾਦ ਰੋਕੂ ਦਸਤੇ ਨੇ ਬੁੱਧਵਾਰ ਨੂੰ ਭਾਰਤੀ ਤੱਟ ਰੱਖਿਅਕ ਦੇ ਨਾਲ ਸਾਂਝੇ ਆਪਰੇਸ਼ਨ ਦੌਰਾਨ ਅਰਬ ਸਾਗਰ ਵਿੱਚ ਇੱਕ ਪਾਕਿਸਤਾਨੀ ਮੱਛੀ ਫੜਨ ਵਾਲੀ ਕਿਸ਼ਤੀ ਤੋਂ 200 ਕਰੋੜ ਰੁਪਏ ਦੀ 40 ਕਿਲੋ ਹੈਰੋਇਨ ਜ਼ਬਤ ਕੀਤੀ। ਏਟੀਐਸ ਦੇ ਇੱਕ ਸੀਨੀਅਰ ਅਧਿਕਾਰੀ ਨੇ ਇਹ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਛੇ ਪਾਕਿਸਤਾਨੀ ਨਾਗਰਿਕ, ਜੋ ਕਿਸ਼ਤੀ ਚਾਲਕ ਦਲ ਦੇ ਮੈਂਬਰ ਸੀ, ਉਨ੍ਹਾਂ ਨੂੰ ਵੀ ਹਿਰਾਸਤ ਵਿੱਚ ਲਿਆ ਗਿਆ ਹੈ। ਅਧਿਕਾਰੀ ਨੇ ਦੱਸਿਆ ਕਿ ਤੱਟ ਰੱਖਿਅਕ ਅਤੇ ਏਟੀਐਸ ਦੀ ਇੱਕ ਸੰਯੁਕਤ ਟੀਮ ਨੇ ਕੱਛ ਜ਼ਿਲ੍ਹੇ ਵਿੱਚ ਜਾਖਾਊ ਬੰਦਰਗਾਹ ਨੇੜੇ ਸਮੁੰਦਰ ਵਿੱਚ ਨਸ਼ੀਲੇ ਪਦਾਰਥ ਲੈ ਕੇ ਜਾ ਰਹੀ ਇੱਕ ਮੱਛੀ ਫੜਨ ਵਾਲੀ ਕਿਸ਼ਤੀ ਨੂੰ ਰੋਕਿਆ।

ਅਧਿਕਾਰੀਆਂ ਮੁਤਾਬਕ ਪਾਕਿਸਤਾਨੀ ਕਿਸ਼ਤੀ ਅਲ ਤਾਇਸਾ ਅਤੇ ਉਸ ਦੇ ਚਾਲਕ ਦਲ ਦੇ ਛੇ ਵਿਅਕਤੀਆਂ ਨੂੰ ਭਾਰਤੀ ਜਲ ਸੀਮਾ ਦੇ 6 ਮੀਲ ਦੇ ਅੰਦਰ ਫੜਿਆ ਗਿਆ ਹੈ । ਇਸ ਦੇ ਲਈ ਆਈਸੀਜੀ ਦੀਆਂ ਦੋ ਕਿਸ਼ਤੀਆਂ ਗੁਜਰਾਤ ਦੇ ਜਾਖਾਊ ਤੱਟ ਤੋਂ 33 ਨੌਟੀਕਲ ਮੀਲ ਦੀ ਦੂਰੀ 'ਤੇ ਗਈਆਂ ਸਨ। ਪਾਕਿਸਤਾਨੀ ਕਿਸ਼ਤੀ ਵਿਚੋਂ ਫੜ੍ਹੇ ਗਏ ਇਨ੍ਹਾਂ ਵਿਅਕਤੀਆਂ ਨੂੰ ਪੁੱਛਗਿੱਛ ਲਈ ਜਖਾਊ ਲਿਆਂਦਾ ਜਾ ਰਿਹਾ ਹੈ।

## ਪੇਟਾ ਇੰਡੀਆ ਨੇ ਭਾਰਤ ਵਿਚ ਪਿੱਟਬੁਲ ਨਸਲ 'ਤੇ ਪਾਬੰਦੀ ਲਗਾਉਣ ਦੀ ਕੀਤੀ ਮੰਗ

### 41 ਦੇਸ਼ਾਂ ਵਿਚ ਪਿੱਟਬੁਲ ਨਸਲ 'ਤੇ ਪਾਬੰਦੀ



ਨਵੀਂ ਦਿੱਲੀ, 15 ਸਤੰਬਰ (ਪੋਸਟ ਬਿਊਰੋ): ਪਿੱਟਬੁਲ ਨਸਲ ਦੇ ਕੁੱਤੇ ਵਲੋਂ ਅਕਸਰ ਹੀ ਵੱਢੇ ਜਾਣ ਦੀਆਂ ਖ਼ਬਰਾਂ ਆਉਂਦੀਆਂ ਰਹਿੰਦੀਆਂ ਹਨ। ਕੁਝ ਸਮਾਂ ਪਹਿਲਾਂ ਉੱਤਰ ਪ੍ਰਦੇਸ਼ ਦੀ ਰਾਜਧਾਨੀ ਲਖਨਊ 'ਚ ਇੱਕ ਔਰਤ ਨੂੰ ਪਿਟਬੁਲ ਕੁੱਤੇ ਨੇ ਵੱਢ ਲਿਆ ਸੀ, ਜਿਸ ਤੋਂ ਬਾਅਦ ਔਰਤ ਦੀ ਮੌਤ ਹੋ ਗਈ ਸੀ। ਇਸ ਘਟਨਾ ਤੋਂ ਬਾਅਦ ਦੇਸ਼ ਭਰ 'ਚ ਪਿਟਬੁੱਲ ਨੂੰ ਲੈ ਕੇ ਦਹਿਸ਼ਤ ਵਧ ਗਈ ਹੈ। ਲਖਨਊ ਤੋਂ ਬਾਅਦ ਕਈ ਹੋਰ ਰਾਜਾਂ ਵਿੱਚ ਵੀ ਪਿੱਟਬੁਲਾਂ ਵੱਲੋਂ ਲੋਕਾਂ ਨੂੰ ਕੱਟੇ ਜਾਣ ਦੇ ਮਾਮਲੇ ਸਾਹਮਣੇ ਆਏ ਹਨ, ਜਿਸ ਤੋਂ ਬਾਅਦ ਹੁਣ ਜਾਨਵਰਾਂ ਦੇ ਅਧਿਕਾਰਾਂ ਲਈ ਕੰਮ ਕਰਨ ਵਾਲੀ ਸੰਸਥਾ ਪੇਟਾ ਇੰਡੀਆ ਨੇ ਪਿੱਟਬੁਲ ਨਸਲ 'ਤੇ ਪਾਬੰਦੀ ਲਗਾਉਣ ਦੀ ਮੰਗ ਉਠਾਈ ਹੈ।

ਪੇਟਾ ਦਾ ਕਹਿਣਾ ਹੈ ਕਿ ਕਈ ਦੇਸ਼ਾਂ ਦੀ ਤਰ੍ਹਾਂ ਭਾਰਤ ਸਰਕਾਰ ਨੂੰ ਵੀ ਪਿੱਟਬੁਲ ਨਸਲ 'ਤੇ ਪਾਬੰਦੀ ਲਗਾਉਣੀ ਚਾਹੀਦੀ ਹੈ। ਧਿਆਨ ਯੋਗ ਹੈ ਕਿ ਕਈ ਦੇਸ਼ਾਂ ਵਿੱਚ ਇਸ ਨਸਲ ਦੇ ਪ੍ਰਜਨਨ 'ਤੇ ਪਾਬੰਦੀ ਹੈ। ਇਸ ਦੇ ਨਾਲ ਹੀ ਪੇਟਾ ਇੰਡੀਆ ਦਾ ਕਹਿਣਾ ਹੈ ਕਿ ਦੇਸ਼ ਦੇ ਕਈ ਰਾਜਾਂ ਵਿੱਚ ਪਿਟਬੁੱਲ ਦੀ ਗਲਤ ਵਰਤੋਂ ਹੋ ਰਹੀ ਹੈ। ਇਸ ਤਰ੍ਹਾਂ ਪੇਟਾ ਇੰਡੀਆ ਨੇ ਦੇਸ਼ 'ਚ ਪਿਟਬੁਲ ਨਸਲ 'ਤੇ ਪਾਬੰਦੀ ਲਗਾਉਣ ਦੀ ਮੰਗ ਕੀਤੀ ਹੈ।

ਦੱਸ ਦੇਈਏ ਕਿ ਪਿਛਲੇ ਦਿਨੀਂ ਗਾਜ਼ੀਆਬਾਦ ਵਿੱਚ ਪਿਟਬੁੱਲ ਵੱਲੋਂ ਬੱਚਿਆਂ ਨੂੰ ਕੱਟਣ ਦੇ ਮਾਮਲੇ ਸਾਹਮਣੇ ਆਏ ਸਨ, ਜਿਸ ਵਿੱਚ ਬੱਚੇ ਗੰਭੀਰ ਜ਼ਖ਼ਮੀ ਹੋ ਗਏ ਸਨ। ਇਸ ਤੋਂ ਇਲਾਵਾ ਗੁਰੂਗ੍ਰਾਮ 'ਚ ਵੀ ਇੱਕ ਔਰਤ 'ਤੇ ਪਿਟਬੁਲ ਨੇ ਹਮਲਾ ਕੀਤਾ ਸੀ, ਜਿਸ ਤੋਂ ਬਾਅਦ ਪੇਟਾ ਇੰਡੀਆ ਨੇ ਭਾਰਤ 'ਚ ਪਿਟਬੁਲ ਨਸਲ ਨੂੰ ਬੰਦ ਕਰਨ ਦੀ ਮੰਗ ਕੀਤੀ ਹੈ। ਦੱਸ ਦੇਈਏ ਕਿ ਇੰਗਲੈਂਡ, ਫਰਾਂਸ, ਨਿਊਜ਼ੀਲੈਂਡ, ਪੋਲੈਂਡ ਡੈਨਮਾਰਕ ਵਰਗੇ ਲਗਭਗ 41 ਦੇਸ਼ਾਂ 'ਚ ਇਸ ਨਸਲ 'ਤੇ ਪਾਬੰਦੀ ਹੈ।

ਪਿਟਬੁੱਲ ਨੂੰ ਸਭ ਤੋਂ ਜ਼ਿਆਦਾ ਹਮਲਾਵਰ ਅਤੇ ਖਤਰਨਾਕ ਮੰਨਿਆ ਜਾਂਦਾ ਹੈ। ਉਹ ਬਹੁਤ ਗੁੱਸੇ ਵਾਲਾ ਹੁੰਦਾ ਹੈ, ਉਸ ਦੀ ਸਰੀਰਕ ਦਿੱਖ ਦੇਖਣ ਵਿੱਚ ਕਾਫੀ ਖਤਰਨਾਕ ਹੈ। ਅਜਿਹੇ 'ਚ ਦੇਸ਼ ਦੇ ਕਈ ਹਿੱਸਿਆਂ 'ਚ ਲੜਾਈ 'ਚ ਇਸ ਦੀ ਵਰਤੋਂ ਕੀਤੀ ਜਾਂਦੀ ਹੈ, ਹਾਲਾਂਕਿ ਇਹ ਗੈਰ-ਕਾਨੂੰਨੀ ਹੈ।

## ਸਿੱਖਿਆ ਮੰਤਰੀ ਦੇ ਨਿਰਦੇਸ਼ਾਂ 'ਤੇ ਸਕੂਲ ਮੁਖੀਆਂ ਨੂੰ ਦਿੱਤੇ ਜਾਣ ਵਾਲੇ ਵਜ਼ੀਫਿਆਂ ਅਤੇ ਪੁਰਸਕਾਰਾਂ ਬਾਰੇ ਦਿੱਤੀ ਜਾਣਕਾਰੀ

ਚੰਡੀਗੜ੍ਹ, 15 ਸਤੰਬਰ (ਪੋਸਟ ਬਿਊਰੋ): ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸਕੂਲ ਮੁਖੀਆਂ ਨੂੰ ਪੋਰਟਲ ਰਾਹੀਂ ਵੱਖ-ਵੱਖ ਸਕਾਲਰਸ਼ਿਪ ਸਕੀਮਾਂ ਅਤੇ ਐਵਾਰਡਾਂ ਨਾਲ ਸਬੰਧਤ ਅਰਜ਼ੀਆਂ ਜਮ੍ਹਾਂ ਕਰਵਾਉਣ ਬਾਰੇ ਜਾਣਕਾਰੀ ਦੇਣ ਲਈ ਵਿਸ਼ੇਸ਼ ਸਿਖਲਾਈ ਸੈਸ਼ਨ ਦਾ ਆਯੋਜਨ ਕੀਤਾ ਗਿਆ।

ਸਿਖਲਾਈ ਐਜੂਸੈਟ ਪ੍ਰਣਾਲੀ ਰਾਹੀਂ ਦਿੱਤੀ ਗਈ ਸੀ ਤਾਂ ਜੋ ਵਜ਼ੀਫੇ ਅਤੇ ਪੁਰਸਕਾਰਾਂ ਲਈ ਸਾਰੀਆਂ ਰਸਮੀ ਕਾਰਵਾਈਆਂ ਦਾ ਸਹੀ ਢੰਗ ਨਾਲ ਪਾਲਣ ਕੀਤਾ ਜਾ ਸਕੇ। ਸਹਾਇਕ ਡਾਇਰੈਕਟਰ-ਕਮ-ਸਟੇਟ ਨੋਡਲ ਸਕਾਲਰਸ਼ਿਪ ਅਫਸਰ ਪਰਮਿੰਦਰ ਕੌਰ ਨੇ ਸਿਖਲਾਈ ਪ੍ਰਦਾਨ ਕਰਦਿਆਂ ਅਰਜ਼ੀ ਦੇਣ ਸਮੇਂ ਪੋਰਟਲ 'ਤੇ ਅਪਣਾਈਆਂ ਜਾਣ ਵਾਲੀਆਂ ਸਾਰੀਆਂ ਸੰਬੰਧਿਤ ਰਸਮੀ ਪ੍ਰਕਿਰਿਆਵਾਂ ਬਾਰੇ ਦੱਸਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਸਿੱਖਿਆ ਵਿਭਾਗ ਵਿਚ ਸਹੂਲਤਾਂ ਵਿਚ ਹੋਰ ਸੁਧਾਰ ਲਿਆਉਣ ਲਈ ਸੁਹਿਰਦ ਉਪਰਾਲੇ ਕੀਤੇ ਜਾ ਰਹੇ ਹਨ । ਉਨ੍ਹਾਂ ਕਿਹਾ ਕਿ ਸਿਖਲਾਈ ਦੌਰਾਨ ਇਸ ਗੱਲ 'ਤੇ ਵੀ ਧਿਆਨ ਦਿੱਤਾ ਗਿਆ ਸੀ ਕਿ ਸਬੰਧਤ ਸਕੂਲ ਮੁਖੀ ਅਤੇ ਅਧਿਆਪਕ ਸੂਬੇ ਭਰ ਦੇ ਵੱਧ ਤੋਂ ਵੱਧ ਵਿਦਿਆਰਥੀਆਂ ਤੱਕ ਵਜ਼ੀਫੇ ਦਾ ਲਾਭ ਪਹੁੰਚਾਉਣ ਲਈ ਯੋਜਨਾ ਬਣਾਉਣ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਹਾਜ਼ਰੀ, ਵਿਦਿਆਰਥੀਆਂ ਦੀਆਂ ਯੋਗਤਾਵਾਂ ਅਤੇ ਨਤੀਜਿਆਂ ਦੀ ਮੈਰਿਟ ਦੇ ਆਧਾਰ 'ਤੇ ਵੱਖ-ਵੱਖ ਸਕਾਲਰਸ਼ਿਪ ਸਕੀਮਾਂ ਉਪਲੱਬਧ ਹਨ। ਬੁਲਾਰੇ ਨੇ ਦੱਸਿਆ ਕਿ ਸਕੂਲਾਂ ਦੇ ਮੁਖੀਆਂ ਅਤੇ ਪ੍ਰਿੰਸੀਪਲਾਂ ਨੂੰ ਸਿੱਖਿਆ ਵਿਭਾਗ ਦੀ ਵੈੱਬਸਾਈਟ 'ਤੇ ਸਕਾਲਰਸ਼ਿਪ ਲਿੰਕ 'ਤੇ ਕਲਿੱਕ ਕਰਨ ਉਪਰੰਤ ਹਦਾਇਤਾਂ ਦੀ ਪਾਲਣਾ ਕਰਨ ਅਤੇ ਫਿਰ ਜ਼ਰੂਰੀ ਕਾਰਵਾਈ ਨੂੰ ਅਮਲ ਵਿੱਚ ਲਿਆਉਣ ਲਈ ਕਿਹਾ ਗਿਆ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਉਹਨਾਂ ਮਾਪਿਆਂ ਨਾਲ ਸਬੰਧਤ ਸਕੀਮਾਂ ਬਾਰੇ ਵੀ ਜਾਣੂ ਕਰਵਾਉਣਾ ਚਾਹੀਦਾ ਹੈ। ਸਿਖਲਾਈ ਸੈਸ਼ਨ ਦੌਰਾਨ ਇਹ ਵੀ ਦੱਸਿਆ ਗਿਆ ਕਿ ਵਜ਼ੀਫ਼ਾ ਸਕੀਮਾਂ ਦਾ ਸਾਰਾ ਰਿਕਾਰਡ ਸੰਭਾਲ ਕੇ ਰੱਖਿਆ ਜਾਵੇ ਤਾਂ ਜੋ ਭਵਿੱਖ ਵਿੱਚ ਲੋੜ ਪੈਣ 'ਤੇ ਇਸ ਦਾ ਆਸਾਨੀ ਨਾਲ ਪਤਾ ਲਗਾਇਆ ਜਾ ਸਕੇ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422,
ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5''8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੀ ਦੀ ਲੋੜ

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877
Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11'' ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9'', ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2'' ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

Check our Free E-paper at:
www.canadianpunjabipost.ca
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202
ਕੈਨੇਡੀਅਨ ਪੰਜਾਬੀ ਪੋਸਟ

ਸਾਰੀਆਂ ਸੱਮਸਿਆਵਾਂ ਦੇ ਇਲਾਜ਼ ਲਈ
AWARD WINNER & SPIRITUAL HEALER
RAJNI SHARMA
- ਸਾਰੀਆਂ ਬਿਮਾਰੀਆਂ ਦਾ ਨੈਚੁਰਲ ਢੰਗ ਨਾਲ ਇਲਾਗ ਕੀਤਾ ਜਾਂਦਾ ਹੈ
- ਧਰਨ ਚੁਕ ਅਤੇ ਬੈਕ ਪਰਾਬਲਮ
- ਛਟਕਾ ਪੇਨ ਅਤੇ ਬੱਚੇ ਦੀ ਪਰਾਬਲਮ
- ਮੈਂਟਲ ਹੈਲਥ ਪਰਾਬਲਮ
- ਸ਼ਰੀਰ ਦੀਆਂ ਸਾਰੀਆਂ ਸੱਮਸਿਆਵਾਂ ਦੀ ਮਦੱਦ ਲਈ ਕਾਲ ਕਰੋ :

647-409-0731 / 905-794-0731
Near Gore & Gardenbrook Trail - 183 Thorndale Rd, Brampton, ON L6P 3K8

ਪਲਾਟ ਵਿਕਾਊ
ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਨਜ਼ਦੀਕ ਪਲਾਟ ਵਿਕਾਊ ਹੈ। GT Road ਤੋਂ ਸਿਰਫ 400 ਮੀਟਰ ਦੂਰੀ 'ਤੇ। ਸ੍ਰੀ ਗੁਰੂ ਤੇਗ ਬਹਾਦਰ ਨਗਰ ਵਿਚ 10 ਮਰਲੇ ਦਾ ਪਲਾਟ ਵਿਕਾਊ ਹੈ।। ਖੁੱਲ੍ਹੀਆਂ ਸੜਕਾਂ ਪਾਰਕ ਆਦਿ ਦੀ ਸਹੂਲਤ।
ਫੋਨ ਨੰਬਰ 917837596119
647-760-2769

ਘਰਾਂ ਵਿੱਚ ਪੇਂਟ ਕਰਵਾਉਣ ਲਈ, ਗਾਰਡਨ ਦਾ ਕੰਮ ਕਰਵਾਉਣ ਲਈ ਅਤੇ ਘਾਹ ਲਗਵਾਉਣ ਲਈ ਮਿਲੋ
3 ਬੰਦਿਆਂ ਦੀ ਟੀਮ
11 ਸਾਲ ਦਾ ਤਜ਼ਰਬਾ
ਗੁਰਮੇਲ ਸਿੰਘ ਸਿੱਧੂ: 6475336514
6477946514, 6476735186

ਫੋਨਾਂ ਦੇ ਸਸਤੇ ਪਲਾਨ ਗਾਰੰਟਿਡ
ਸਸਤੇ ਫੋਨਾਂ ਦੇ ਪਲਾਨ, ਕਿ ਸੁਣ ਕੇ ਹੋ ਜਾਉਗੇ ਹੈਰਾਨ,
ਇਕ ਵਾਰੀ ਅਜਮਾਓ ਤੇ ਫਿਰ ਹੋਰਾਂ ਨੂੰ ਵੀ ਲਿਆਓ
20 ਸਾਲਾਂ ਤੋ ਇਕੋ ਨਾਮ-ਇਕੋ ਦੁਕਾਨ
(905)790-9999
2565 Steeles Ave. E, Brampton (Steeles/Torbram)

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਫਰੀ ਪਿਕਅਪ
Best Rates For Lessons
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
- ਮੁਫਤ ਪਿਕਅਪ ਅਤੇ ਡਰਾਪ ਆਫ਼
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ
ਫੀਮੇਲ ਇੰਸਟ੍ਰਕਟਰ
647-998-7500 ਬਲਵਿੰਦਰ

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Natasha Mahal Co-Host
Cell:416-587-5520
Email: iqbalmahal46@gmail.com
Iqbal Mahal Producer & Host
Serving the South Asian Community Since 1976

ਕੇਅਰ ਗਿਵਰ ਦੀ ਲੋੜ
ਬਜ਼ੁਰਗ ਔਰਤ ਨੂੰ ਸੰਭਾਲਣ ਲਈ ਕੇਅਰ ਗਿਵਰ ਦੀ ਲੋੜ ਹੈ। ਵਧੀਆ ਤਨਖਾਹ ਦਿੱਤੀ ਜਾਵੇਗੀ। 'PR' ਲਈ ਮੱਦਦ ਕੀਤੀ ਜਾਵੇਗੀ। Location 'Winnipeg, MB' ਜ਼ਿਆਦਾ ਜਾਣਕਾਰੀ ਲਈ ਸੰਪਰਕ ਕਰੋ:
204-333-9000, 416-818-3777

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
Call For FREE Estimate
7 Days A Week
ਹਰ ਤਰ੍ਹਾਂ ਦੀ ਵਧੀਆ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

# ਪੰਜਾਬ ਵਿੱਚ ਪੂਸਾ ਬਾਇਓ ਡੀ-ਕੰਪੋਜ਼ਰ ਦਾ 5000 ਏਕੜ ਵਿੱਚ ਪਾਇਲਟ ਪ੍ਰੋਜੈਕਟ ਕੀਤਾ ਜਾਵੇਗਾ : ਕੁਲਦੀਪ ਧਾਲੀਵਾਲ

*ਦਿੱਲੀ ਸਰਕਾਰ ਵੱਲੋਂ ਕੀਤਾ ਜਾਵੇਗਾ ਸਹਿਯੋਗ, ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਤੇ ਖੇਤੀਬਾੜੀ ਮੰਤਰੀ ਗੋਪਾਲ ਰਾਏ ਨਾਲ ਕੁਲਦੀਪ ਸਿੰਘ ਧਾਲੀਵਾਲ ਨੇ ਕੀਤੀ ਮੀਟਿੰਗ *ਪਰਾਲੀ ਦੇ ਪ੍ਰਬੰਧਨ ਵਿੱਚ ਪੰਜਾਬ ਤੇ ਦਿੱਲੀ ਸਰਕਾਰ ਦੀ ਸਾਂਝੀ ਵੱਡੀ ਪਹਿਲ





ਚੰਡੀਗੜ੍ਹ, 15 ਸਤੰਬਰ (ਪੋਸਟ ਬਿਊਰੋ): ਝੋਨੇ ਦੀ ਪਰਾਲੀ ਦੇ ਪ੍ਰਬੰਧਨ ਅਤੇ ਕਿਸਾਨਾਂ ਨੂੰ ਹਰ ਸੰਭਵ ਮੱਦਦ ਦੇਣ ਲਈ ਨਿਰੰਤਰ ਯਤਨ ਕਰ ਰਹੀ ਪੰਜਾਬ ਸਰਕਾਰ ਦੇ ਯਤਨਾਂ ਨੂੰ ਉਸ ਵੇਲੇ ਵੱਡਾ ਬੂਰ ਮਿਲਿਆ ਜਦੋਂ ਪਰਾਲੀ ਦੇ ਪ੍ਰਬੰਧਨ ਵਿੱਚ ਪੰਜਾਬ ਤੇ ਦਿੱਲੀ ਸਰਕਾਰ ਦੀ ਸਾਂਝੀ ਵੱਡੀ ਪਹਿਲ ਸਦਕਾ ਪੰਜਾਬ ਵਿੱਚ ਪੂਸਾ ਬਾਇਓ ਡੀ ਕੰਪੋਜ਼ਰ ਦਾ 5000 ਏਕੜ ਵਿੱਚ ਪਾਇਲਟ ਪ੍ਰਾਜੈਕਟ ਕਰਨ ਦਾ ਫੈਸਲਾ ਕੀਤਾ ਗਿਆ।

ਪੰਜਾਬ ਦੇ ਖੇਤੀਬਾੜੀ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਪ੍ਰੈਸ ਬਿਆਨ ਰਾਹੀਂ ਜਾਣਕਾਰੀ ਸਾਂਝੀ ਕਰਦਿਆਂ ਦਸਿਆ ਕਿ ਇਸ ਸਬੰਧੀ ਕੱਲ ਦੇਰ ਰਾਤ ਨਵੀਂ ਦਿੱਲੀ ਵਿਖੇ ਉਚ ਪੱਧਰੀ ਮੀਟਿੰਗਾਂ ਕੀਤੀਆਂ ਗਈਆਂ। ਪਹਿਲਾਂ ਉਹ ਨਵੀਂ ਦਿੱਲੀ ਵਿਖੇ ਪਰਾਲੀ ਤੋਂ ਹੋਣ ਵਾਲੇ ਪ੍ਰਦੂਸ਼ਣ ਲਈ ਰੋਕਣ ਲਈ ਇਸ ਦੇ ਪ੍ਰਬੰਧਨ ਸਬੰਧੀ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਵੀ ਮਿਲੇ ਅਤੇ ਇਸ ਸਬੰਧੀ ਦਿੱਲੀ ਦੇ ਮੁੱਖ ਮੰਤਰੀ ਵੱਲੋਂ ਪੂਰਨ ਮੱਦਦ ਦਾ ਭਰੋਸਾ ਦਿੱਤਾ ਗਿਆ ਹੈ। ਇਸ ਉਪਰੰਤ ਇਸ ਸੰਬੰਧੀ ਦਿੱਲੀ ਦੇ ਖੇਤੀਬਾੜੀ ਮੰਤਰੀ ਗੋਪਾਲ ਰਾਏ ਨਾਲ ਵੀ ਮੁਲਾਕਾਤ ਕੀਤੀ। ਇਹ ਪ੍ਰਾਜੈਕਟ ਦੋਵੇਂ ਸੂਬਿਆਂ ਦੀਆਂ ਸਰਕਾਰਾਂ ਵੱਲੋਂ ਮਿਲ ਕੇ ਪੰਜਾਬ ਵਿੱਚ ਕੀਤਾ ਜਾਵੇਗਾ।

ਖੇਤੀਬਾੜੀ ਮੰਤਰੀ ਨੇ ਕਿਹਾ ਕਿ ਡੀ ਕੰਪੋਜ਼ਰ ਉਹ ਵਿਧੀ ਹੈ, ਜਿਸ ਰਾਹੀਂ ਪਰਾਲੀ ਛਿੜਕਾਅ ਤੋਂ ਬਾਅਦ ਬਿਨਾਂ ਜਲਾਏ ਖੇਤ ਵਿੱਚ ਮਿੱਟੀ ਵਿੱਚ ਰਲਾ ਦਿੱਤੀ ਜਾਂਦੀ ਹੈ। ਕੁਲਦੀਪ ਧਾਲੀਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਪਰਾਲੀ ਤੋਂ ਹੋਣ ਵਾਲੇ ਪ੍ਰਦੂਸ਼ਣ ਨੂੰ ਰੋਕਣ ਲਈ ਪੂਰੀਆਂ ਤਿਆਰੀਆਂ ਕਰ ਲਈਆਂ ਗਈਆਂ ਹਨ ਜਿਸ ਦੇ ਤਹਿਤ ਜਾਗਰੂਕ ਟੀਮਾਂ, ਚੌਕਸੀ ਟੀਮਾਂ ਦੀ ਪ੍ਰਚਾਰ ਮੁਹਿੰਮ ਅਤੇ ਖੇਤੀਬਾੜੀ ਸੰਦਾਂ ਉਤੇ ਸਬਸਿਡੀ ਮੁਹੱਈਆ ਕਰਵਾਉਣਾ ਸ਼ਾਮਲ ਹੈ।

ਕੁਲਦੀਪ ਧਾਲੀਵਾਲ ਨੇ ਕਿਹਾ ਕਿ ਮੀਟਿੰਗ ਵਿੱਚ ਕੇਂਦਰ ਸਰਕਾਰ ਵੱਲੋਂ ਕਿਸਾਨ ਵਿਰੋਧੀ ਅਪਣਾਏ ਗਏ ਰੁਖ ਦੀ ਵੀ ਨਿੰਦਾ ਕੀਤੀ ਜਿਨਾਂ ਕਿਸਾਨਾਂ ਨੂੰ ਪਰਾਲੀ ਦੇ ਪ੍ਰਬੰਧਨ ਲਈ ਪੰਜਾਬ ਦੇ ਕਿਸਾਨਾਂ ਨੂੰ ਮੁਆਵਜ਼ਾਂ ਜਾ ਵਿੱਤੀ ਸਹਾਇਤਾ ਕਰਨ ਦੀ ਮੰਗ ਨੂੰ ਠੁਕਰਾ ਦਿੱਤੀ ਹੈ। ਭਾਵੇਂ ਕੇਂਦਰ ਸਰਕਾਰ ਨੇ ਪਰਾਲੀ ਨੂੰ ਸਾੜਨ ਤੋਂ ਰੋਕਣ ਲਈ ਸੂਬੇ ਦੇ ਕਿਸਾਨਾਂ ਦੀ ਮੱਦਦ ਕਰਨ ਤੋਂ ਨਾਂਹ ਕਰ ਦਿੱਤੀ ਹੈ, ਪਰ ਪੰਜਾਬ ਸਰਕਾਰ ਪਰਾਲੀ ਨੂੰ ਜਲਾਉਣ ਤੋਂ ਹੋਣ ਵਾਲੇ ਪ੍ਰਦੂਸਨ ਰੋਕਣ ਲਈ ਆਪਣੇ ਪੱਧਰ 'ਤੇ ਹਰ ਹੀਲਾ ਵਸੀਲਾ ਵਰਤੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਸਰਕਾਰ ਵਲੋਂ ਪਰਾਲੀ ਨਾ ਸਾੜਨ ਲਈ ਕਿਸਾਨਾਂ ਨੂੰ ਜਾਗਰੂਕ ਕਰਨ ਦੇ ਨਾਲ ਨਾਲ ਖੇਤੀ ਸੰਦ ਵੀ ਸਸਤੇ ਭਾਅ 'ਤੇ ਮੁਹੱਈਆ ਕਰਵਾਏ ਜਾਣਗੇ। ਪੰਜਾਬ ਸਰਕਾਰ ਦਾ ਖੇਤੀਬਾੜੀ ਵਿਭਾਗ, ਮੰਡੀ ਬੋਰਡ, ਪ੍ਰਦੂਸ਼ਨ ਕੰਟਰੋਲ ਬੋਰਡ ਤੋਂ ਇਲਾਵਾ ਕਈ ਹੋਰ ਵਿਭਾਗਾਂ ਵਲੋਂ ਪਰਾਲੀ ਨੂੰ ਸਾੜਨ ਤੋਂ ਰੋਕਣ ਲਈ ਵੱਖ ਵੱਖ ਉਪਰਾਲੇ ਕੀਤੇ ਜਾਣਗੇ ਅਤੇ ਮੁਹਿੰਮਾਂ ਚਲਾਈਆਂ ਜਾਣਗੀਆਂ।

ਧਾਲੀਵਾਲ ਨੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਹੈ ਕਿ ਸਾਡੀ ਧਰਤੀ, ਹਵਾ ਅਤੇ ਪਾਣੀ ਨੂੰ ਪ੍ਰਦੂਸ਼ਨ ਤੋਂ ਬਚਾਉਣ ਲਈ ਸਰਕਾਰ ਦਾ ਪੂਰਾ ਸਹਿਯੋਗ ਕਰਨ ਤਾਂ ਜੋ ਸਾਡੀਆਂ ਆਉਣ ਵਾਲੀਆਂ ਪੀੜੀਆਂ ਰੋਗ ਮੁਕਤ ਸਾਫ ਸੁਥਰੇ ਵਾਤਾਵਰਣ ਦਾ ਅਨੰਦ ਮਾਣ ਸਕਣ। ਮੀਟਿੰਗ ਵਿੱਚ ਵਧੀਕ ਮੁੱਖ ਸਕੱਤਰ ਖੇਤੀਬਾੜੀ ਸਰਵਜੀਤ ਸਿੰਘ, ਡਾ. ਲਵਲੀਨ ਸੁਕਲਾ, ਡਾ.ਸੁਨੀਲ ਪਾਬੀ, ਡਾ.ਕੇ.ਅੰਨਾਪੂਰਨਾ ਤੇ ਵਿਵੇਕ ਕੁਮਾਰ ਤ੍ਰਿਪਾਠੀ ਵੀ ਹਾਜ਼ਰ ਸਨ।

# ਸੀ.ਬੀ.ਜੀ. ਪ੍ਰਾਜੈਕਟਾਂ ਤੋਂ ਪੈਦਾ ਹੁੰਦੀ ਜੈਵਿਕ ਖਾਦ ਦੀ ਖ਼ਰੀਦ ਤੇ ਚੁਕਾਈ ਸਬੰਧੀ ਵਿਧੀ ਵਿਕਸਿਤ ਕਰਨ ਲਈ ਟਾਸਕ ਫੋਰਸ ਗਠਤ : ਅਮਨ ਅਰੋੜਾ

ਚੰਡੀਗੜ੍ਹ, 15 ਸਤੰਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਤੀ ਰਹਿੰਦ-ਖੂੰਹਦ 'ਤੇ ਆਧਾਰਤ ਕੰਪਰੈੱਸਡ ਬਾਇਓਗੈਸ (ਸੀ.ਬੀ.ਜੀ.) ਪ੍ਰਾਜੈਕਟਾਂ ਤੋਂ ਪੈਦਾ ਹੁੰਦੀ ਫਰਮੈਂਟਿਡ ਆਰਗੈਨਿਕ ਮੈਨਿਓਰ (ਜੈਵਿਕ ਖਾਦ) ਦੀ ਖਰੀਦ ਅਤੇ ਚੁਕਾਈ ਸਬੰਧੀ ਸੁਚਾਰੂ ਤੇ ਸਮਰੱਥ ਵਿਧੀ ਵਿਕਸਤ ਕਰਨ ਅਤੇ ਵਿਚਾਰ ਕਰਨ ਵਾਸਤੇ ਇੱਕ ਟਾਸਕ ਫੋਰਸ ਗਠਤ ਕੀਤੀ ਗਈ ਹੈ। ਇਹ ਜਾਣਕਾਰੀ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਨੇ ਦਿੱਤੀ।

ਉਨ੍ਹਾਂ ਦੱਸਿਆ ਕਿ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਵਿਭਾਗ ਵੱਲੋਂ ਇਸ ਸਬੰਧੀ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ। ਵਧੀਕ ਮੁੱਖ ਸਕੱਤਰ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਏ ਵੇਣੂ ਪ੍ਰਸਾਦ ਇਸ ਟਾਸਕ ਫੋਰਸ ਦੇ ਚੇਅਰਮੈਨ ਹੋਣਗੇ ਜਦਕਿ ਵਧੀਕ ਮੁੱਖ ਸਕੱਤਰ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਸਰਵਜੀਤ ਸਿੰਘ ਨੂੰ ਉਪ-ਚੇਅਰਮੈਨ ਨਿਯੁਕਤ ਕੀਤਾ ਗਿਆ ਹੈ ਅਤੇ

## ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਨੇ 16 ਸਤੰਬਰ ਨੂੰ ਸੱਦੀ ਟਾਸਕ ਫੋਰਸ ਦੀ ਪਲੇਠੀ ਮੀਟਿੰਗ

ਡਾਇਰੈਕਟਰ ਪੇਡਾ ਐਮ. ਪੀ. ਸਿੰਘ ਕਨਵੀਨਰ ਵਜੋਂ ਸੇਵਾ ਨਿਭਾਉਣਗੇ।

ਦੱਸਣਯੋਗ ਹੈ ਕਿ ਇਹ ਟਾਸਕ ਫੋਰਸ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਦੀ ਅਗਵਾਈ ਹੇਠ ਕੰਮ ਕਰੇਗੀ ਅਤੇ ਇਸ ਟਾਸਕ ਫੋਰਸ ਦੀ ਪਹਿਲੀ ਮੀਟਿੰਗ 16 ਸਤੰਬਰ ਨੂੰ ਸੱਦੀ ਗਈ ਹੈ।



ਟਾਸਕ ਫੋਰਸ ਦੇ ਮੈਂਬਰਾਂ ਵਿੱਚ ਮੁੱਖ ਕਾਰਜਕਾਰੀ ਅਧਿਕਾਰੀ ਪੇਡਾ ਸੁਮੀਤ ਜਾਰੰਗਲ, ਡਾਇਰੈਕਟਰ ਖੇਤੀਬਾੜੀ ਸ੍ਰੀ ਗੁਰਵਿੰਦਰ ਸਿੰਘ, ਵਾਈਸ ਚਾਂਸਲਰ ਗਡਵਾਸੂ ਲੁਧਿਆਣਾ, ਡਾਇਰੈਕਟਰ ਰਿਸਰਚ ਪੀ.ਏ.ਯੂ, ਡਾਇਰੈਕਟਰ ਜਨਰਲ ਐਸ.ਐਸ.ਐਸ. ਨੈਸ਼ਨਲ ਇੰਸਟੀਚਿਊਟ ਆਫ਼ ਬਾਇਓ ਐਨਰਜੀ ਕਪੂਰਥਲਾ ਤੋਂ ਇਲਾਵਾ ਐਨ.ਐਫ.ਐਲ., ਕ੍ਰਿਭਕੋ, ਇਫਕੋ, ਮੈਸਰਜ਼ ਕੋਰੋਮੰਡਲ ਇੰਟਰਨੈਸਨਲ ਲਿਮ., ਮੈਸਰਜ਼ ਟਾਟਾ ਰੈਲਿਸ ਇੰਡੀਆ ਲਿਮ., ਮੈਸਰਜ਼ ਚੰਬਲ ਫਰਟੀਲਾਈਜ਼ਰਜ਼ ਐਂਡ ਕੈਮੀਕਲਜ਼ ਲਿਮ. ਦੇ ਸੀਨੀਅਰ ਨੁਮਾਇੰਦੇ, ਜਨਰਲ ਮੈਨੇਜਰ ਇੰਡੀਅਨ ਆਇਲ ਕਾਰਪੋਰੇਸ਼ਨ ਲਿਮ., ਡਾਇਰੈਕਟਰ ਮੈਸਰਜ਼ ਸੰਪੂਰਨਾ ਐਗਰੀ ਵੈਂਚਰ ਪ੍ਰਾਈਵੇਟ ਲਿਮਟਿਡ, ਸੀ.ਈ.ਓ. ਮੈਸਰਜ਼ ਵਰਬੀਓ ਇੰਡੀਆ ਪ੍ਰਾਈਵੇਟ ਲਿਮਟਿਡ, ਡਾਇਰੈਕਟਰ ਮੈਸਰਜ਼ ਪੀ.ਈ.ਐਸ. ਰੀਨਿਊਏਬਲ ਪ੍ਰਾਈਵੇਟ ਲਿਮਟਿਡ, ਡਾਇਰੈਕਟਰ ਮੈਸਰਜ਼ ਫਾਰਮ ਗੈਸ ਪ੍ਰਾਈਵੇਟ ਲਿਮਟਿਡ, ਸੀ.ਈ.ਓ. ਮੈਸਰਜ਼ ਐਵਰ-ਇਨ-ਵਾਇਰੋ ਰਿਸੋਰਸ ਮੈਨੇਜਮੈਂਟ ਪ੍ਰਾਈਵੇਟ ਲਿਮਟਿਡ ਅਤੇ ਡਾਇਰੈਕਟਰ ਮੈਸਰਜ਼ ਸਿਟੀਜ਼ ਇਨ-ੋਵੇਟਿਵ ਬਾਇਓਫਿਊਲਜ਼ ਪ੍ਰਾਈਵੇਟ ਲਿਮ. ਸ਼ਾਮਲ ਹਨ।

ਅਮਨ ਅਰੋੜਾ ਨੇ ਕਿਹਾ ਕਿ ਮਾਨ ਸਰਕਾਰ ਸੂਬੇ ਵਿੱਚ ਖੇਤੀਬਾੜੀ, ਬਾਗ਼ਬਾਨੀ ਅਤੇ ਫੁੱਲਾਂ ਦੀ ਖੇਤੀ ਵਿੱਚ ਕੰਪਰੈੱਸਡ ਬਾਇਓਗੈਸ (ਸੀ.ਬੀ.ਜੀ.) ਪਲਾਂਟਾਂ ਤੋਂ ਪੈਦਾ ਹੁੰਦੀ ਜੈਵਿਕ ਖਾਦ ਦੀ ਵਰਤੋਂ ਨੂੰ ਉਤਸ਼ਾਹਿਤ ਕਰੇਗੀ। ਉਨ੍ਹਾਂ ਦੱਸਿਆ ਕਿ ਇਸ ਖਾਦ ਦੀ ਵਰਤੋਂ ਜ਼ਮੀਨ ਦੀ ਉਪਜਾਊ ਸ਼ਕਤੀ ਵਧਾਉਣ ਦੇ ਨਾਲ-ਨਾਲ ਫ਼ਸਲਾਂ ਦੀ ਗੁਣਵੱਤਾ ਵਿੱਚ ਵੀ ਵਾਧਾ ਕਰਦੀ ਹੈ ਅਤੇ ਇਸ ਨਾਲ ਸਥਾਨਕ ਉਦਯੋਗਾਂ ਨੂੰ ਵੀ ਹੁਲਾਰਾ ਮਿਲੇਗਾ। ਪ੍ਰਾਈਵੇਟ ਨਿਵੇਸ਼ਕਾਂ ਨੇ ਇਸ ਟਾਸਕ ਫੋਰਸ ਦੇ ਗਠਨ ਲਈ ਮੰਤਰੀ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਟਾਸਕ ਫੋਰਸ ਵਿੱਚ ਸਥਾਨ ਦੇਣ ਲਈ ਧੰਨਵਾਦ ਵੀ ਕੀਤਾ।

ਪੰਜਾਬ ਦੇ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਖੇਤੀਬਾੜੀ ਰਹਿੰਦ-ਖੂੰਹਦ 'ਤੇ ਆਧਾਰਤ ਸੀ.ਬੀ.ਜੀ. ਪ੍ਰਾਜੈਕਟਾਂ ਤੋਂ ਪੈਦਾ ਹੋਣ ਵਾਲੀ ਜੈਵਿਕ ਖਾਦ ਦੀ ਖ਼ਰੀਦ ਅਤੇ ਚੁਕਾਈ ਬਾਰੇ ਸੁਚਾਰੂ ਵਿਧੀ ਵਿਕਸਤ ਕਰਨ ਲਈ ਗਠਿਤ ਟਾਸਕ ਫੋਰਸ ਬਾਰੇ ਜਾਣਕਾਰੀ ਦਿੰਦੇ ਹੋਏ।

# ਜੇਲ੍ਹ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਹਵਾਲਾਤੀਆਂ ਅਤੇ ਕੈਦੀਆਂ ਲਈ 'ਗਲਵਕੜੀ' ਪ੍ਰੋਗਰਾਮ ਦੀ ਸ਼ੁਰੂਆਤ

*'ਚੰਗੇ ਆਚਰਣ' ਵਾਲੇ ਹਵਾਲਾਤੀ ਅਤੇ ਕੈਦੀ ਬੇਝਿੱਜਕ ਆਪਣੇ ਰਿਸ਼ਤੇਦਾਰਾਂ ਨੂੰ ਮਿਲ ਸਕਣਗ
* ਪਰਿਵਾਰ 'ਗਲਵਾਕੜੀ' ਮੀਟਿੰਗ ਲਈ ਕਰ ਸਕਦੇ ਹਨ ਆਨਲਾਈਨ ਅਪਲਾਈ

ਚੰਡੀਗੜ੍ਹ, 15 ਸਤੰਬਰ (ਪੋਸਟ ਬਿਊਰੋ): ਜੇਲ੍ਹ ਵਿਭਾਗ ਪੰਜਾਬ ਅੱਜ ਸਜਾ ਯਾਫਤਾ ਕੈਦੀਆਂ ਅਤੇ ਸੁਣਵਾਈ ਅਧੀਨ ਕੈਦੀ ਲਈ ਗਲਵੱਕੜੀ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਹੈ।

ਜੇਲ੍ਹ ਵਿਚ ਬੰਦ ਹਵਾਲਾਤੀਆਂ ਅਤੇ ਕੈਦੀਆਂ ਦੀ ਮਾਨਸਿਕ-ਸਮਾਜਿਕ ਤੰਦਰੁਸਤੀ ਨੂੰ ਯਕੀਨੀ ਬਣਾਉਣ ਲਈ ਇਕ ਵੱਡੀ ਪੁਲਾਂਘ ਪੁੱਟਦਿਆਂ, ਪੰਜਾਬ ਦੇ ਜੇਲ੍ਹ ਮੰਤਰੀ ਸ. ਹਰਜੋਤ ਸਿੰਘ ਬੈਂਸ ਵੱਲੋਂ 'ਗਲਵਕੜੀ' ਪ੍ਰੋਗਰਾਮ ਦੀ ਸੁਰੂਆਤ ਲੁਧਿਆਣਾ ਜੇਲ੍ਹ ਵਿਖੇ ਕੀਤੀ ਗਈ।

ਜਿਸ ਵਿਚ ਉਹ ਸਾਲ ਦੀ ਤਿਮਾਹੀ ਦੌਰਾਨ, ਜੇਲ੍ਹ ਕੰਪਲੈਕਸ ਅੰਦਰ ਸਥਾਪਤ ਵਿਸ਼ੇਸ਼ ਕਮਰੇ ਵਿੱਚ ਆਪਣੇ ਪਰਿਵਾਰਕ ਜੀਆਂ ਨੂੰ ਇਕ ਘੰਟੇ ਲਈ ਵਿਅਕਤੀਗਤ ਤੌਰ 'ਤੇ ਮਿਲ ਸਕਦੇ ਹਨ।

ਇਸ ਸਕੀਮ ਦਾ ਲਾਭ ਸਿਰਫ਼ ਉਨ੍ਹਾਂ ਕੈਦੀ/ਰਿਮਾਂਡ ਕੈਂਦੀ ਨੂੰ ਮਿਲੇਗਾ ਜਿਨ੍ਹਾਂ ਦਾ ਵਰਤਾਉ ਸਬੰਧੀ ਰਿਕਾਰਡ ਚੰਗਾ ਹੋਵੇਗਾ ਅਤੇ ਜੇਲ੍ਹ ਮੈਨੂਅਲ ਦੀ ਪਾਲਣਾ ਵੀ ਇੰਨ ਬਿੰਨ ਕਰਦੇ ਹੋਣ।

ਇਸ ਸਕੀਮ ਤਹਿਤ ਕੈਦੀ / ਹਵਾਲਾਤੀਆਂ ਆਪਣੇ ਪਰਿਵਾਰ ਦੇ ਮੈਂਬਰ ਨਾਲ ਭੋਜਨ ਦਾ ਆਨੰਦ ਲੈ ਸਕਣਗੇ।

ਇਸ ਸਕੀਮ ਦਾ ਲਾਭ ਗੈਂਗਸਟਰ ਅਤੇ ਹੋਰ ਗੰਭੀਰ ਅਪਰਾਧਾਂ ਸਮੇਤ ਉੱਚ ਜੋਖਮ ਸ਼੍ਰੇਣੀ ਵਿੱਚ ਸ਼ਾਮਲ ਕੈਦੀ ਅਤੇ ਹਵਾਲਾਤੀਆਂ ਨੂੰ ਨਹੀਂ ਮਿਲੇਗਾ।




ਇਹ ਸਕੀਮ ਪੰਜਾਬ ਰਾਜ 23 ਜੇਲ੍ਹਾਂ ਵਿੱਚ ਸ਼ੁਰੂ ਕੀਤੀਆਂ ਗਈ ਹੈ ਅਤੇ ਇਹ ਸਕੀਮ ਦਾ ਫਾਇਦਾ ਸਿਰਫ਼ ਉਨ੍ਹਾਂ ਕੈਦੀਆਂ ਅਤੇ ਹਵਾਲਾਤੀਆਂ ਨੂੰ ਮਿਲੇਗਾ, ਜਿਨ੍ਹਾਂ ਨੂੰ ਜੇਲ੍ਹਾਂ ਵਿੱਚ ਚੰਗੇ ਆਚਰਣ ਲਈ ਚੁਣਿਆ ਗਿਆ ਹੋਵੇ।

ਇਸ ਸਕੀਮ ਤਹਿਤ ਕੈਦੀ/ਹਵਾਲਾਤੀ ਫਰਨੀਚਰ ਅਤੇ ਹੋਰ ਬੁਨਿਆਦੀ ਸਹੂਲਤਾਂ ਨਾਲ ਲੈਸ ਪਰਿਵਾਰਕ ਕਮਰੇ ਵਿੱਚ ਆਪਣੇ ਪੰਜ ਰਿਸ਼ਤੇਦਾਰਾਂ ਨਾਲ ਇੱਕ ਘੰਟਾ ਬਿਤਾ ਸਕੇਗਾ।

ਇਸ ਸਕੀਮ ਦਾ ਲਾਭ ਲੈਣ ਲਈ ਪਰਿਵਾਰ ਵੱਲੋਂ ਪੰਜਾਬ ਜੇਲ੍ਹ ਵਿਭਾਗ ਦੀ ਅਧਿਕਾਰਤ ਵੈੱਬਸਾਈਟ 'ਤੇ ਜਾ ਕੇ ਆਨਲਾਈਨ ਅਪਲਾਈ ਕੀਤਾ ਜਾ ਸਕਦਾ ਹੈ ਜਾਂ ਕੈਦੀ ਜੇਲ੍ਹ ਅਧਿਕਾਰੀਆਂ ਨਾਲ ਵੀ ਸੰਪਰਕ ਕਰ ਸਕਦੇ ਹਨ।

# ਕਬੂਤਰਬਾਜ਼ੀ ਮਾਮਲੇ ਵਿਚ ਗਾਇਕ ਦਲੇਰ ਮਹਿੰਦੀ ਨੂੰ ਮਿਲੀ ਜ਼ਮਾਨਤ

ਚੰਡੀਗੜ੍ਹ, 15 ਸਤੰਬਰ (ਪੋਸਟ ਬਿਊਰੋ): ਪੰਜਾਬ ਦੇ ਮਸ਼ਹੂਰ ਗਾਇਕ ਦਲੇਰ ਮਹਿੰਦੀ ਨੂੰ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਕਬੂਤਰਬਾਜ਼ੀ ਮਾਮਲੇ 'ਚ ਵੱਡੀ ਰਾਹਤ ਦਿੱਤੀ ਹੈ . ਹਾਈਕੋਰਟ ਨੇ 2003 ਦੇ ਕਬੂਤਰਬਾਜ਼ੀ ਮਾਮਲੇ 'ਚ ਦਲੇਰ ਮਹਿੰਦੀ ਨੂੰ ਜ਼ਮਾਨਤ ਦੇ ਦਿੱਤੀ ਹੈ . ਜਿਕਰਯੋਗ ਹੈ ਕਿ ਅਦਾਲਤ ਨੇ ਦਲੇਰ ਮਹਿੰਦੀ ਨੂੰ ਕਬੂਤਰਬਾਜ਼ੀ ਮਾਮਲੇ 'ਚ 2 ਸਾਲ ਦੀ ਸਜ਼ਾ ਸੁਣਾਈ ਸੀ।



ਦੱਸ ਦੇਈਏ ਕਿ 2018 ਵਿੱਚ ਕਬੂਤਰਬਾਜ਼ੀ ਮਾਮਲੇ 'ਚ ਮਸ਼ਹੂਰ ਪੰਜਾਬੀ ਗਾਇਕ ਦਲੇਰ ਮਹਿੰਦੀ ਨੂੰ ਦੋਸ਼ੀ ਕਰਾਰ ਦੇ ਦਿੱਤਾ ਗਿਆ ਸੀ . 2003 ਦੇ ਇਸ ਕੇਸ 'ਚ 15 ਸਾਲਾਂ ਬਾਅਦ 2018 ਵਿੱਚ ਜੇ. ਐੱਮ. ਆਈ. ਸੀ. ਪਟਿਆਲਾ ਨਿਧੀ ਸੈਣੀ ਦੀ ਅਦਾਲਤ ਨੇ ਦਲੇਰ ਮਹਿੰਦੀ ਨੂੰ ਇਹ ਸਜ਼ਾ ਸੁਣਾਈ ਸੀ ਹਾਲਾਂਕਿ ਦਲੇਰ ਮਹਿੰਦੀ ਨੂੰ ਜ਼ਮਾਨਤ ਵੀ ਦੇ ਦਿੱਤੀ ਗਈ ਸੀ ਕਿਉਂ ਕਿ ਸਜ਼ਾ 3 ਸਾਲ ਤੋਂ ਘੱਟ ਸੀ। ਇਸ ਮਾਮਲੇ ਵਿਚ ਬੁਲਬੁਲ ਮਹਿਤਾ ਨੂੰ ਬਰੀ ਕਰ ਦਿੱਤਾ ਗਿਆ ਸੀ ਜਦਕਿ ਸ਼ਮਸ਼ੇਰ ਸਿੰਘ ਤੇ ਧਿਆਨ ਸਿੰਘ ਦੀ ਪਹਿਲਾਂ ਹੀ ਮੌਤ ਹੋ ਚੁੱਕੀ ਹੈ।

ਸਾਲ 2003 ਵਿਚ ਥਾਣਾ ਸਦਰ ਪਟਿਆਲਾ ਦੀ ਪੁਲਿਸ ਨੇ ਪਿੰਡ ਬਲਬੇੜਾ ਹਲਕਾ ਸਨੌਰ ਦੇ ਰਹਿਣ ਵਾਲੇ ਬਖਸ਼ੀਸ਼ ਸਿੰਘ ਦੀ ਸ਼ਿਕਾਇਤ 'ਤੇ ਦਲੇਰ ਮਹਿੰਦੀ, ਉਨ੍ਹਾਂ ਦੇ ਭਰਾ ਸ਼ਮਸ਼ੇਰ ਸਿੰਘ, ਧਿਆਨ ਸਿੰਘ ਤੇ ਬੁਲਬੁਲ ਮਹਿਤਾ ਖਿਲਾਫ ਮਾਮਲਾ ਦਰਜ ਕਰਵਾਇਆ ਸੀ। ਬਖਸ਼ੀਸ਼ ਸਿੰਘ ਦਾ ਕਹਿਣਾ ਸੀ ਕਿ ਦਲੇਰ ਮਹਿੰਦੀ ਨੇ ਉਸ ਤੋਂ ਵਿਦੇਸ਼ ਭੇਜਣ ਦੇ ਨਾਂ 'ਤੇ 20 ਲੱਖ ਰੁਪਏ ਲਏ ਸਨ। ਇਸ ਮਗਰੋਂ ਨਾ ਤਾਂ ਉਸ ਨੂੰ ਵਿਦੇਸ਼ ਭੇਜਿਆ ਗਿਆ ਤੇ ਨਾ ਹੀ ਉਸ ਦੇ ਪੈਸੇ ਵਾਪਸ ਕੀਤੇ ਗਏ ।

# ਮੋਗਾ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਨੇ ਮੋਗਾ ਡੀ.ਸੀ. ਦਫ਼ਤਰ ਦੇ ਬਾਹਰ ਦਿੱਤਾ ਧਰਨਾ



ਮੋਗਾ, 15 ਸਤੰਬਰ (ਪੋਸਟ ਬਿਊਰੋ): ਮੋਗਾ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਮੋਗਾ ਡੀ.ਸੀ ਦਫ਼ਤਰ ਦੇ ਬਾਹਰ ਰੋਸ਼ ਪ੍ਰਦਰਸ਼ਨ ਕੀਤਾ ਗਿਆ। ਜਾਣਕਾਰੀ ਦਿੰਦਿਆਂ ਯੂਨੀਅਨ ਆਗੂ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਲੋਕ ਸੋਚਦੇ ਸਨ ਕਿ ਪੰਜਾਬ ਵਿੱਚ ਬਦਲਾਅ ਆਵੇਗਾ ਅਤੇ ਪੰਜਾਬ ਸਰਕਾਰ ਕਿਸੇ ਤਰ੍ਹਾਂ ਕਿਸਾਨਾਂ ਦੀ ਸਮੱਸਿਆ ਨੂੰ ਹੱਲ ਕਰਨਗੇ।

ਪਰ ਪੰਜਾਬ ਸਰਕਾਰ ਕਿਸਾਨਾਂ ਦੀ ਇੱਕ ਨਹੀਂ ਸੁਣ ਰਹੀ . ਕਿਸਾਨ ਆਪਣੀਆਂ ਮੰਗਾਂ ਨੂੰ ਲੈ ਕੇ ਦਿੱਲੀ ਵਿੱਚ ਧਰਨੇ 'ਤੇ ਬੈਠੇ ਸਨ ਸੀ,ਕੇਂਦਰ ਸਰਕਾਰ ਨੇ ਫਸਲਾਂ 'ਤੇ ਐੱਮ.ਐੱਸ.ਪੀ 'ਤੇ ਕਾਨੂੰਨ ਲਾਗੂ ਕਰਨ ਦਾ ਵਾਅਦਾ ਕਰਕੇ ਕਿਸਾਨਾਂ ਨੂੰ ਗੁੰਮਰਾਹ ਕੀਤਾ . ਜਿਸ ਨੂੰ ਲੈ ਕੇ ਕਿਸਾਨ ਲਗਾਤਾਰ ਸੰਘਰਸ਼ ਕਰ ਰਿਹਾ ਹੈ .

ਉਨ੍ਹਾਂ ਕਿਹਾ ਕਿ ਫਿਰੋਜ਼ਪੁਰ ਦੇ ਕਸਵਾ ਜ਼ੀਰਾ ਵਿੱਚ ਸ਼ਰਾਬ ਫੈਕਟਰੀ ਦੇ ਗੰਦੇ ਪਾਣੀ ਕਾਰਨ ਕਿਸਾਨ ਦੀ ਏਕੜ ਫਸਲ ਖ਼ਰਾਬ ਹੋ ਰਹੀ ਹੈ। ਪੰਜਾਬ ਸਰਕਾਰ ਇਸ ਵੱਲ ਕੋਈ ਧਿਆਨ ਨਹੀਂ ਦੇ ਰਹੀ . ਕਿਸਾਨਾਂ ਦੀ ਮੰਗ ਹੈ ਕਿ ਫੈਕਟਰੀ ਨੂੰ ਬੰਦ ਕੀਤਾ ਜਾਵੇ ਤਾਂ ਜੋ ਕਿਸਾਨ ਦੀ ਫਸਲ ਖ਼ਰਾਬ ਨਾ ਹੋ ਸਕੇ . ਦੂਜੇ ਪਾਸੇ ਲਖੀਮਪੁਰ 'ਚ ਕੁਝ ਕਿਸਾਨਾਂ ਅਤੇ ਪੱਤਰਕਾਰਾਂ ਦੀ ਕਤਲ ਦੇ ਦੋਸ਼ੀ ਅਜੇ ਵੀ ਆਜ਼ਾਦ ਘੁੰਮ ਰਹੇ ਹਨ, ਉਨ੍ਹਾਂ ਨੂੰ ਸਜ਼ਾ ਦਿੱਤੀ ਜਾਵੇ, ਜਿਸ ਲਈ ਅੱਜ ਰੋਸ਼ ਪ੍ਰਦਰਸ਼ਨ ਕੀਤਾ ਗਿਆ।

# ਗੁਰਦਾਸਪੁਰ ਕੇਂਦਰੀ ਜੇਲ੍ਹ ਵਿਚ ਹਵਾਲਾਤੀਆਂ ਦੇ ਦੋ ਧਿਰ ਆਪਸ ਵਿਚ ਭਿੜੇ, 7 ਹਵਾਲਾਤੀ ਜ਼ਖਮੀ

ਗੁਰਦਾਸਪੁਰ, 15 ਸਤੰਬਰ (ਪੋਸਟ ਬਿਊਰੋ): ਗੁਰਦਾਸਪੁਰ ਦੀ ਕੇਂਦਰੀ ਜੇਲ੍ਹ ਵਿੱਚ ਦੋ ਦਿਨ ਬਾਅਦ ਹੀ ਮੁੜ ਤੋਂ ਦੋ ਧਿਰ ਆਪਸ ਵਿਚ ਭਿੜ ਗਏ, ਜਿਸ ਵਿੱਚ ਇੱਕ ਧਿਰ ਦੇ ਸੱਤ ਹਵਾਲਾਤੀਆਂ ਦੇ ਜ਼ਖ਼ਮੀ ਹੋਣ ਦੀ ਖ਼ਬਰ ਹੈ। ਮਿਲੀ ਜਾਣਕਾਰੀ ਅਨੁਸਾਰ ਬੈਰਕ ਨੰਬਰ 9 ਅਤੇ 10 ਦੀਆਂ ਚੱਕੀਆਂ ਦੇ ਕੁਝ ਹਵਾਲਾਤੀਆਂ ਦੀ ਦੋ ਦਿਨ ਪਹਿਲਾਂ ਕਿਸੇ ਗੱਲ ਨੂੰ ਲੈ ਕੇ ਬੈਰਕ ਨੰਬਰ 4 ਦੇ ਕੁਝ ਹਵਾਲਾਤੀਆਂ ਨਾਲ ਝੜਪ ਹੋਈ ਸੀ।

ਉਸਦੇ ਸਿੱਟੇ ਵਜੋਂ ਹੀ ਅੱਜ 9 ਅਤੇ 10 ਨੰਬਰ ਬੈਰਕ ਦੇ ਹਵਾਲਾਤੀਆਂ ਨੇ ਇਕੱਠੇ ਹੋ ਕੇ ਬੈਰਕ ਨੰਬਰ 4 ਦੇ ਹਵਾਲਾਤੀਆਂ ਤੇ ਹਮਲਾ ਕਰ ਦਿੱਤਾ। ਜਾਣਕਾਰੀ ਅਨੁਸਾਰ ਹਮਲਾਵਰਾਂ ਕੋਲ ਸਰੀਏ ਪਾਈਪਾਂ ਅਤੇ ਸਰੀਏ ਨੂੰ ਤਿੱਖੇ ਕਰਕੇ ਬਣਾਏ ਗਏ ਸੂਏ ਵੀ ਸੀ ਜੋ ਇਸ ਹਮਲੇ ਦੌਰਾਨ ਜੰਮ ਤੇ ਚਲਾਏ ਗਏ। ਇਸ ਝੜਪ ਦੌਰਾਨ 7 ਹਵਾਲਾਤੀ ਜ਼ਖ਼ਮੀ ਹੋਏ ਅਤੇ ਉਹਨਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਦਾਖਲ ਕਰਵਾਇਆ ਗਿਆ।



ਮੌਕੇ 'ਤੇ ਪਹੁੰਚੇ ਡੀ.ਐੱਸ.ਪੀ ਸਿਟੀ ਰਿਪੁਤਪਨ ਸਿੰਘ ਸੰਧੂ ਨੇ ਦੱਸਿਆ ਕਿ ਉਨ੍ਹਾਂ ਨੂੰ ਜੇਲ੍ਹ ਵਿੱਚ ਹੋਈ ਲੜਾਈ ਦੀ ਖ਼ਬਰ ਮਿਲੀ ਹੈ। ਜਾਣਕਾਰੀ ਅਨੁਸਾਰ ਦੋ ਧਿਰ ਆਪਸ ਵਿੱਚ ਭਿੜੇ ਹਨ ਅਤੇ ਕੁੱਲ 7 ਹਵਾਲਾਤੀ ਜ਼ਖ਼ਮੀ ਹੋਏ ਹਨ। ਉਨ੍ਹਾਂ ਕਿਹਾ ਕਿ ਇਸ ਬਾਰੇ ਜੇਲ੍ਹ ਅਧਿਕਾਰੀਆਂ ਦੀ ਰਿਪੋਰਟ ਦੇ ਅਨੁਸਾਰ ਹੀ ਪੁਲਿਸ ਵੱਲੋਂ ਕਾਰਵਾਈ ਕੀਤੀ ਜਾਵੇਗੀ।

ਜਾਣਕਾਰੀ ਦਿੰਦਿਆਂ ਇਕ ਜ਼ਖ਼ਮੀ ਹਵਾਲਾਤੀ ਨੇ ਦੱਸਿਆ ਕਿ ਉਹ ਅਤੇ ਉਸਦਾ ਭਰਾ ਪੇਸ਼ੀ ਤੋਂ ਵਾਪਸ ਆ ਕੇ ਖਾਣਾ ਬਣਾ ਰਹੇ ਸਨ ਕਿ ਬੈਰਕ ਨੰਬਰ 9 ਅਤੇ 10 ਦੇ 20-25 ਹਵਾਲਾਤੀਆਂ ਨੇ ਉਹਨਾਂ ਦੀ ਬੈਰਕ ਨੰਬਰ 4 ਦੇ ਹਵਾਲਾਤੀਆਂ 'ਤੇ ਹਮਲਾ ਕਰ ਦਿੱਤਾ। ਉਸ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਹੀ ਉਨ੍ਹਾਂ ਦੀ ਬੈਰਕ ਦੇ ਕੁਝ ਹਵਾਲਾਤੀਆਂ ਨਾਲ ਇਨ੍ਹਾਂ ਦਾ ਮਾਮੂਲੀ ਝਗੜਾ ਹੋਇਆ ਸੀ . ਜਿਸ ਦਾ ਬਦਲਾ ਲੈਣ ਲਈ ਹੀ ਉਹਨਾਂ ਨੇ ਹਮਲਾ ਕੀਤਾ ਹੈ।

# ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਸਾੜ ਰਹੇ ਸੇਵਾਮੁਕਤ ਫ਼ੌਜੀ ਨੂੰ ਅਚਾਨਕ ਲੱਗੀ ਅੱਗ

ਚੰਡੀਗੜ੍ਹ, 15 ਸਤੰਬਰ (ਪੋਸਟ ਬਿਊਰੋ): ਲੁਧਿਆਣਾ ਵਿਖੇ ਅੱਜ ਵੀ ਗਾਰਡੀਅਨਜ਼ ਆਫ਼ ਗਵਰਨੈਂਸ ਨੇ ਪੰਜਾਬ ਸਰਕਾਰ ਖ਼ਿਲਾਫ ਰੋਸ਼ ਪ੍ਰਦਰਸ਼ਨ ਕੀਤਾ . ਇਸ ਦੌਰਾਨ ਮਿੰਨੀ ਸਕੱਤਰੇਤ ਦੇ ਬਾਹਰ ਪੰਜਾਬ ਦੇ ਮੁੱਖ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਸਾੜ ਰਹੇ ਸੇਵਾਮੁਕਤ ਫ਼ੌਜੀ ਨੂੰ ਅਚਾਨਕ ਅੱਗ ਲੱਗ ਗਈ ਪਰ ਮੌਕੇ 'ਤੇ ਹੀ ਉਸ ਦੇ ਸਾਥੀਆਂ ਵਲੋਂ ਇਹ ਅੱਗ ਬੁਝਾ ਦਿੱਤੀ, ਜਿਸ ਨਾਲ ਵੱਡਾ ਹਾਦਸਾ ਹੁੰਦਾ ਟਲ ਗਿਆ । ਪ੍ਰਾਪਤ ਜਾਣਕਾਰੀ ਅਨੁਸਾਰ ਸੇਵਾਮੁਕਤ ਫ਼ੌਜੀਆਂ ਵਲੋਂ ਪੰਜਾਬ ਸਰਕਾਰ ਖ਼ਿਲਾਫ਼ ਪ੍ਰਦਰਸ਼ਨ ਕੀਤਾ ਜਾ ਰਿਹਾ ਸੀ ਅਤੇ ਪ੍ਰਦਰਸ਼ਨ ਦੌਰਾਨ ਮੁੱਖ ਮੰਤਰੀ ਦਾ ਪੁਤਲਾ ਸਾੜਨ ਦਾ ਪ੍ਰੋਗਰਾਮ ਸੀ। ਜਦੋਂ ਇਕ ਫ਼ੌਜੀ ਨੇ ਪੁਤਲੇ ਨੂੰ ਪੈਟਰੋਲ ਪਾ ਕੇ ਅੱਗ ਲਗਾਈ ਤਾਂ ਅਚਾਨਕ ਅੱਗ ਨੇ ਫ਼ੌਜੀ ਆਪਣੀ ਲਪੇਟ 'ਚ ਲੈ ਲਿਆ . ਇਸ ਦੌਰਾਨ ਭਗਦੜ ਮੱਚ ਗਈ। ਹਾਲਾਂਕਿ ਮੌਕੇ 'ਤੇ ਮੌਜੂਦ ਲੋਕਾਂ ਨੇ ਅੱਗ 'ਤੇ ਕਾਬੂ ਪਾਇਆ।

# ਕੋਟਕਪੂਰਾ ਗੋਲੀ ਕਾਂਡ ਮਾਮਲੇ ਵਿਚ ਐਸ.ਆਈ.ਟੀ.ਵਲੋਂ ਸੁਖਬੀਰ ਬਾਦਲ ਕੋਲੋਂ 6 ਘੰਟੇ ਪੁੱਛਗਿੱਛ

ਚੰਡੀਗੜ੍ਹ, 15 ਸਤੰਬਰ (ਪੋਸਟ ਬਿਊਰੋ): ਸ਼੍ਰੋਮਣੀ ਅਕਾਲੀ ਦਲ ਸੁਖਬੀਰ ਸਿੰਘ ਬਾਦਲ ਅੱਜ ਕੋਟਕਪੂਰਾ ਗੋਲੀ ਕਾਂਡ ਮਾਮਲੇ ਵਿੱਚ ਚੰਡੀਗੜ੍ਹ ਵਿਖੇ ਸੈਕਟਰ 32 ਵਿਚ ਐਸ.ਆਈ.ਟੀ. ਸਾਹਮਣੇ ਪੇਸ਼ ਹੋਏ . ਐਸ.ਆਈ.ਟੀ. ਨੇ ਕੋਟਕਪੂਰਾ ਗੋਲੀ ਕਾਂਡ ਮਾਮਲੇ ਵਿਚ ਸੁਖਬੀਰ ਸਿੰਘ ਬਾਦਲ ਕੋਲੋਂ ਲਗਭਗ 6 ਘੰਟੇ ਦੀ ਲੰਬੀ ਪੁੱਛਗਿੱਛ ਕੀਤੀ।

ਇਸ ਦੌਰਾਨ ਸੁਖਬੀਰ ਸਿੰਘ ਬਾਦਲ ਪੁੱਛਗਿੱਛ ਤੋਂ ਬਾਅਦ ਕੋਟਕਪੂਰਾ ਗੋਲੀ ਕਾਂਡ ਮਾਮਲੇ ਵਿੱਚ ਪੰਜਾਬ ਸਰਕਾਰ ਅਤੇ ਕਾਂਗਰਸ ਸਿਆਸਤ ਕਰ ਰਹੀ ਹੈ . ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿਚ ਪੂਰਾ ਸਹਿਯੋਗ ਕਰਨਗੇ ਭਾਵੇਂ 100 ਵਾਰ ਸੱਦੋ, ਪਰ ਪੰਜਾਬ ਸਰਕਾਰ ਬੇਅਦਬੀ ਅਤੇ ਗੋਲੀਕਾਂਡ ਦੇ ਅਸਲ ਦੋਸ਼ੀਆਂ ਨੂੰ ਫੜ੍ਹੇ।

ਉਨ੍ਹਾਂ ਕਿਹਾ ਪੰਜਾਬ ਸਰਕਾਰ ਸੰਮਨ ਜਾਰੀ ਕਰਵਾ ਕੇ ਹੋਰ ਮੁੱਦਿਆਂ ਤੋਂ ਲੋਕਾਂ ਦਾ ਧਿਆਨ ਭਟਕਾ ਰਹੀ ਹੈ . ਇਸਦੇ ਨਾਲ ਹੀ ਭਾਜਪਾ ਵਲੋਂ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਨੂੰ ਖਰੀਦਣ ਦੇ ਮਾਮਲੇ ਨੂੰ ਲੈ ਕੇ ਕਿਹਾ ਕਿ 'ਆਪ' ਆਗੂ ਮੰਡੀਆਂ ਵਿਚ ਖੜੇ ਹਨ ਤਾਂ ਹੀ ਉਨ੍ਹਾਂ ਨੂੰ ਖਰੀਦਿਆ ਜਾ ਰਿਹਾ ਹੈ।

# ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਵੱਲੋਂ ਪ੍ਰੋ. ਨਿਰਪਜੀਤ ਕੌਰ ਗਿੱਲ ਯਾਦਗਾਰੀ ਪੁਰਸਕਾਰ ਨਾਲ ਤਿੰਨ ਸ਼ਖਸੀਅਤਾਂ ਹੋਣਗੀਆਂ ਸਨਮਾਨਿਤ

ਚੰਡੀਗੜ੍ਹ, 15 ਸਤੰਬਰ (ਪੋਸਟ ਬਿਊਰੋ): ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ ਵੱਲੋਂ ਡਾ. ਇਕਬਾਲ ਕੌਰ ਸੌਂਧ, ਡਾ. ਵਨੀਤਾ ਤੇ ਡਾ. ਬਲਜੀਤ ਕੌਰ ਨੂੰ 16 ਸਤੰਬਰ ਸਵੇਰੇ 11ਵਜੇ ਰਾਮਗੜ੍ਹੀਆ ਗਰਲਜ਼ ਕਾਲਿਜ ਦੇ ਬਾਬਾ ਗੁਰਮੁਖ ਸਿੰਘ ਹਾਲ ਵਿਖੇ ਸਨਮਾਨਿਤ ਕੀਤਾ ਜਾਵੇਗਾ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਪੰਜਾਬ ਦੇ ਵਿਕਾਸ, ਖੇਤੀਬਾੜੀ ਤੇ ਪਰਵਾਸੀ ਮਾਮਲਿਆਂ ਦੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਪੁੱਜ ਰਹੇ ਹਨ। ਪ੍ਰਧਾਨਗੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਸਾਬਕਾ ਵਾਈਸ ਚਾਂਸਲਰ ਡਾ. ਸ ਪ ਸਿੰਘ ਕਰਨਗੇ ਜਦ ਕਿ ਡਾ. ਰਮੇਸ਼ ਇੰਦਰ ਕੌਰ ਬੱਲ ਤੇ ਰਣਜੋਧ ਸਿੰਘ ਵਿਸ਼ੇਸ਼ ਮਹਿਮਾਨ ਦੇ ਰੂਪ ਵਿੱਚ ਸ਼ਾਮਿਲ ਹੋਣਗੇ।

ਇਹ ਜਾਣਕਾਰੀ ਪੰਜਾਬੀ ਸਾਹਿੱਤ ਅਕਾਡਮੀ ਦੇ ਪ੍ਰਧਾਨ ਡਾ. ਲਖਵਿੰਦਰ ਸਿੰਘ ਜੌਹਲ, ਸੀਨੀਅਰ ਮੀਤ ਪ੍ਰਧਾਨ ਡਾ. ਸ਼ਯਾਮ ਸੁੰਦਰ ਦੀਪਤੀ ਅਤੇ ਜਨਰਲ ਸਕੱਤਰ ਡਾਃ ਗੁਰਇਕਬਾਲ ਸਿੰਘ ਨੇ ਦਿੰਦਿਆਂ ਦੱਸਿਆ ਕਿ ਇਹ ਪੁਰਸਕਾਰ ਸਾਲ 2014 ਵਿੱਚ ਸੁਰਗਵਾਸੀ ਪ੍ਰੋ. ਨਿਰਪਜੀਤ ਕੌਰ ਗਿੱਲ ਦੀ ਯਾਦ ਵਿੱਚ ਸਥਾਪਿਤ ਕੀਤਾ ਗਿਆ ਸੀ। ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ ਦੇ ਜਨਰਲ ਸਕੱਤਰ ਡਾ. ਗੁਰਇਕਬਾਲ ਸਿੰਘ ਨੇ ਦੱਸਿਆ ਕਿ ਇਸ ਪੁਰਸਕਾਰ ਵਿੱਚ ਹਰ ਸ਼ਖ਼ਸੀਅਤ ਨੂੰ ਇੱਕੀ ਇੱਕੀ ਹਜ਼ਾਰ ਰੁਪਏ ਦੀ ਧਨ ਰਾਸ਼ੀ ਤੋਂ ਇਲਾਵਾ ਸ਼ਲਾਘਾ ਪੱਤਰ ਤੇ ਫੁਲਕਾਰੀ ਭੇਂਟ ਕੀਤੀ ਜਾਵੇਗੀ।

ਪੁਰਸਕਾਰ ਪ੍ਰਾਪਤ ਕਰਨ ਵਾਲਿਆਂ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਸੇਵਾ ਮੁਕਤ ਪ੍ਰੋਫੈਸਰ ਡਾ. ਇਕਬਾਲ ਕੌਰ ਸੌਂਧ ਲੋਕ ਧਾਰਾ ਮਾਹਿਰ, ਆਲੋਚਕ ਅਤੇ ਕਵਿੱਤਰੀ ਹਨ ਜਿੰਨ੍ਹਾਂ ਨੇ ਗੁਰੂ ਨਾਨਕ ਬਾਣੀ ਵਿੱਚ ਰਾਜਨੀਤਕ, ਸਮਾਜਿਕ ਅਤੇ ਧਾਰਮਿਕ ਪ੍ਰਸਥਿਤੀਆਂ ਦੀ ਸਮੀਖਿਆ ਵਿਸ਼ੇ ਤੇ ਪੀ ਐੱਚ ਡੀ ਕੀਤੀ। ਉਨ੍ਹਾਂ ਦੀਆਂ ਮੌਲਿਕ ਪੁਸਤਕਾਂ ਵਿੱਚ ਪੰਜਾਬੀ ਲੋਕ ਯਾਨ, ਦਿਲ ਦੀਆਂ ਬਾਤੀਂ, ਨਾਮਦੇਵ ਰਚਨਾ ਸੰਸਾਰ, ਬਟਵਾਰਾ ਤੇ ਭਗਤ ਨਾਮਦੇਵ ਜੀਵਨ ਸ਼ਖਸੀਅਤ ਤੇ ਰਚਨਾ ਪੰਜਾਬ ਦੀ ਨਿਧੜਕ ਨਾਰੀ ਬੀਬੀ ਬੀਰ




ਕਲਸੀ, ਬੁੱਢੇ ਥੇਹ ਦੀ ਹੂਕ, ਮੈਂ ਕਹਾਂ ਤੂੰ ਕਹੇਂ, ਮਾਵਾਂ ਦੀ ਵਿਗਿਆਨਕ ਸੂਝ ਦ੍ਰਿਸ਼ਟੀ, ਇਹ ਵੀ ਇੱਕ ਸੰਗਰਾਮ ਸੀ ਅਤੇ ਸੱਜਰੀ ਪੈੜ ਦਾ ਰੇਤਾ ਪ੍ਰਮੁੱਖ ਹਨ।

ਦੂਜੀ ਸ਼ਖ਼ਸੀਅਤ ਨਵੀਂ ਦਿੱਲੀ ਤੋਂ ਸਿਰਕੱਢ ਕਵਿੱਤਰੀ ਅਤੇ ਦਿੱਲੀ ਯੂਨੀਵਰਸਿਟੀ ਦੀ ਪ੍ਰੋਫੈਸਰ ਡਾ. ਵਨੀਤਾ ਹਨ ਜਿੰਨ੍ਹਾਂ ਦੀ ਪੁਸਤਕ ਕਾਲ ਪਹਿਰ ਤੇ ਘੜੀਆਂ ਨੂੰ ਭਾਰਤੀ ਸਾਹਿੱਤ ਅਕਾਡਮੀ ਪੁਰਸਕਾਰ ਮਿਲ ਚੁਕਾ ਹੈ। ਸੰਗੀਤ ਅਤੇ ਪੰਜਾਬੀ ਵਿੱਚ ਐੱਮ ਏ ਕਰਕੇ ਆਪ ਨੇ ਦਿੱਲੀ ਯੂਨੀਵਰਸਿਟੀ ਤੋਂ ਉੱਤਰ ਆਧੁਨਿਕਤਾ ਨਾਲ ਸਬੰਧਿਤ ਵਿਸ਼ੇ ਤੇ ਪੀ ਐੱਚ ਡੀ ਕਰਕੇ ਗੁਰੂ ਤੇਗ ਬਹਾਦਰ ਖਾਲਸਾ ਕਾਲਿਜ ਦਿੱਲੀ ਵਿੱਚ ਪੜ੍ਹਾਉਣਾ ਆਰੰਭਿਆ। ਲਗ ਪਗ ਵੀਹ ਵਿਦਿਆਰਥੀਆਂ ਦੇ ਖੋਜ ਨਿਗਰਾਨ ਵਜੋਂ ਵੀ ਆਪ ਨੇ ਪੀ ਐੱਚ ਡੀ ਕਰਵਾਈ। ਕਵਿਤਾ, ਵਾਰਤਕ, ਆਲੋਚਨਾ, ਅਨੁਵਾਦ ਆਦਿ ਖੇਤਰ ਵਿੱਚ ਆਪਨੇ 56 ਕਿਤਾਬਾਂ ਦੀ ਰਚਨਾ ਕੀਤੀ ਹੈ।

ਵਿਸ਼ਵ ਪੰਜਾਬੀ ਕਾਨਫਰੰਸਾਂ ਵਿੱਚ ਵੀ ਆਪ ਦੀ ਸ਼ਮੂਲੀਅਤ ਮਹੱਤਵਪੂਰਨ ਰਹੀ ਹੈ। ਹੁਣ ਤੀਕ ਵੀਹ ਤੋਂ ਵੱਧ ਕੌਮੀ ਤੇ ਕੌਮਾਂਤਰੀ ਪੁਰਸਕਾਰ ਆਪ ਨੂੰ ਹਾਸਲ ਹੋ ਚੁਕੇ ਹਨ।

ਤੀਸਰੀ ਹਸਤੀ ਡਾ. ਬਲਜੀਤ ਕੌਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਖੇਤਰੀ ਕੇਂਦਰ ਜਲੰਧਰ ਦੀ ਰੀਟਾਇਰਡ ਪ੍ਰੋਫੈਸਰ ਤੇ ਮੁਖੀ ਪੰਜਾਬੀ ਵਿਭਾਗ ਹਨ ਜਿੰਨ੍ਹਾਂ ਨੇ ਪੰਜਾਬੀ ਕਾਵਿ ਆਲੋਚਨਾ ਦੇ ਖੇਤਰ ਵਿੱਚ ਵਿਸ਼ੇਸ਼ ਪਛਾਣ ਬਣਾਈ ਹੈ। ਸੁਲਤਾਨਪੁਰ ਲੋਧੀ ਦੀ ਜੰਮਪਲ ਇਸ ਵਿਦਵਾਨ ਬੀਬਾ ਦੀ ਨੇ ਪਹਿਲਾਂ ਪੰਜ ਸਾਲ ਡਿਗਰੀ ਕਾਲਿਜ ਵਿੱਚ ਤੇ ਮਗਰੋਂ 34 ਸਾਲ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਪੜ੍ਹਾਇਆ ਹੈ। ਆਪ ਦੀਆਂ ਲਿਖੀਆਂ ਮਹੱਤਵਪੂਰਨ ਪੁਸਤਕਾਂ ਵਿੱਚ ਆਧੁਨਿਕ ਪੰਜਾਬੀ ਕਾਵਿਃ ਸੁਹਜ ਦ੍ਰਿਸ਼ਟੀ, ਸੁਹਜ ਸ਼ਾਸਤਰ ਦੀ ਰੂਪ ਰੇਖਾ, ਤਿਖਾਵੰਤ, ਇੱਕ ਫੁੱਲ ਤੋਰੀਏ ਦਾ , ਗੁਰਬਾਣੀ ਧਰਮ ਤੇ ਸਾਹਿੱਤ, ਸੁਬਹ ਸੋਚਦੀ ਹੈ, ਵੀਹਵੀਂ ਸਦੀ ਦੀ ਪੰਜਾਬੀ ਕਵਿਤਾ ਸਰੂਪ ਤੇ ਵਿਕਾਸ ਅਤੇ ਰਾਗ ਵੈਰਾਗ ਸ਼ਾਮਿਲ ਹਨ।

ਹੁਣ ਤੀਕ ਪਿਛਲੇ ਸਾਲੀਂ ਇਹ ਪੁਰਸਕਾਰ ਪ੍ਰੋ. ਤੇਜ ਕੌਰ ਦਰਦੀ, ਡਾਃ ਜਸਬੀਰ ਕੌਰ ਕੇਸਰ, ਡਾ. ਗੁਰਨਾਮ ਕੌਰ ਬੇਦੀ ਤੇ ਡਾ. ਰਮੇਸ਼ ਇੰਦਰ ਕੌਰ ਬੱਲ ਜੀ ਨੂੰ ਪ੍ਰਦਾਨ ਕੀਤੇ ਜਾ ਚੁਕੇ ਹਨ। ਕਾਲਿਜ ਪ੍ਰਿੰਸੀਪਲ ਡਾਃ ਰਾਜੇਸ਼ਵਰ ਕੌਰ ਨੇ ਦੱਸਿਆ ਕਿ 1983 ਤੋਂ 1993 ਤੀਕ ਜਿਸ ਸ਼ਿੱਦਤ ਨਾਲ ਸੁਰਗਵਾਸੀ ਪ੍ਰੋ. ਨਿਰਪਜੀਤ ਕੌਰ ਗਿੱਲ ਨੇ ਇਸ ਸੰਸਥਾ ਨੂੰ ਗਿਆਨੀ ਭਗਤ ਸਿੰਘ ਜੀ ਦੀ ਛਤਰ ਛਾਇਆ ਤੇ ਸਵ. ਪ੍ਰਿੰਸੀਪਲ ਹਰਮੀਤ ਕੌਰ ਜੀ ਦੀ ਅਗਵਾਈ ਹੇਠ ਕੌਮੀ ਪਛਾਣ ਦਿਵਾਉਣ ਵਿੱਚ ਵਡਮੁੱਲਾ ਯੋਗਦਾਨ ਪਾਇਆ, ਉਸ ਨੂੰ ਭੁਲਾਉਣਾ ਆਸਾਨ ਨਹੀਂ। ਸਾਨੂੰ ਮਾਣ ਹੈ ਕਿ ਉਨ੍ਹਾਂ ਦੀ ਯਾਦ ਵਿੱਚ ਇਹ ਸਮਾਗਮ ਉਨ੍ਹਾਂ ਦੇ ਹੀ ਕਰਮਭੂਮੀ ਵਾਲੇ ਕਾਲਿਜ ਚ ਹੋ ਰਿਹਾ ਹੈ।

# ਫਿਲਮੀ ਦੁਨੀਆਂ

## ਕ੍ਰਿਤੀ ਨੇ ਅਗਲੀ ਫਿਲਮ ਲਈ ਐਕਟਿੰਗ ਵਰਕਸ਼ਾਪ ਕੀਤੀ ਸ਼ੁਰੂ



ਫਿਲਮ ਅਦਾਕਾਰਾ ਕ੍ਰਿਤੀ ਸੈਨਨ ਨੇ ਅਨੁਰਾਗ ਕਸ਼ਯਪ ਦੇ ਨਿਰਦੇਸ਼ਨ ਹੇਠ ਬਣਨ ਵਾਲੀ ਅਗਲੀ ਐਕਸ਼ਨ-ਡਰਾਮਾ ਫਿਲਮ ਲਈ ਤਿਆਰੀ ਸ਼ੁਰੂ ਕਰ ਦਿੱਤੀ ਹੈ। ਨਿਰਦੇਸ਼ਕ ਅਨੁਰਾਗ ਕਸ਼ਯਪ ਦੀ ਅਗਵਾਈ ਹੇਠ ਕ੍ਰਿਤੀ ਨੇ ਅਗਲੇ ਪ੍ਰਾਜੈਕਟ ਲਈ ਅਦਾਕਾਰੀ ਵਰਕਸ਼ਾਪ, ਡਾਇਲਾਗ ਅਤੇ ਭਾਸ਼ਾ ਦੀ ਕੋਚਿੰਗ 'ਤੇ ਕੰਮ ਸ਼ੁਰੂ ਕਰ ਦਿੱਤਾ ਹੈ। ਸੂਤਰਾਂ ਅਨੁਸਾਰ ਕਸ਼ਯਪ ਵੱਲੋਂ ਹੁਣ ਤੱਕ ਹਿੰਦੀ ਸਿਨੇਮਾ ਵਿੱਚ ਸਿਰਜੇ ਔਰਤਾਂ ਦੇ ਕਿਰਦਾਰਾਂ ਵਿੱਚੋਂ ਇਹ ਕਿਰਦਾਰ ਸਭ ਤੋਂ ਕਰੂਰਤਾ ਵਾਲਾ ਹੋਵੇਗਾ। ਇਹ ਫਿਲਮ ਬੇਹੱਦ ਭਾਵੁਕ ਹੋਵੇਗੀ। ਇਸ 'ਚ ਕ੍ਰਿਤੀ ਨੂੰ ਜਿਸ ਤਰ੍ਹਾਂ ਬਦਲਾ ਲੈਂਦਿਆਂ ਦਿਖਾਇਆ ਜਾਵੇਗਾ, ਅਜਿਹਾ ਪਹਿਲਾਂ ਕਦੇ ਨਹੀਂ ਦਿਖਾਇਆ ਗਿਆ। ਫਿਲਮ 'ਵੀਰੇ ਦੀ ਵੈਡਿੰਗ' ਤੋਂ ਬਤੌਰ ਨਿਰਮਾਤਾ ਆਪਣੇ ਸਫ਼ਰ ਦੀ ਸ਼ੁਰੂਆਤ ਕਰਨ ਵਾਲਾ ਨਿਖਿਲ ਦਿਵੇਦੀ ਇਸ ਫਿਲਮ ਦਾ ਨਿਰਮਾਣ ਕਰ ਰਿਹਾ ਹੈ। ਇਸ ਫਿਲਮ ਬਾਰੇ ਚਰਚੇ ਹਨ ਕਿ ਇਹ ਫਿਲਮ ਹੌਲੀਵੁੱਡ ਫਿਲਮ 'ਕਿੱਲ ਬਿੱਲ' ਦਾ ਰੀਮੇਕ ਹੈ ਪਰ ਦੂਜੇ ਪਾਸੇ ਅਨੁਰਾਗ ਕਸ਼ਯਪ ਨੇ ਇਸ ਤੋਂ ਇਨਕਾਰ ਕੀਤਾ ਹੈ। ਇਸ ਬਾਰੇ ਕੀਤੇ ਸਵਾਲ ਦੇ ਜਵਾਬ ਵਿੱਚ ਉਸ ਨੇ ਕਿਹਾ ਕਿ ਇਹ ਕਿਸੇ ਫਿਲਮ ਦਾ ਰੀਮੇਕ ਨਹੀਂ ਹੈ ਬਲਕਿ ਇਹ ਮੂਲ ਫਿਲਮ ਹੈ। ਇਸ ਦਾ ਫਿਲਮਾਂਕਣ ਨਵੰਬਰ ਮਹੀਨੇ ਸ਼ੁਰੂ ਹੋਵੇਗਾ। ਇਸ ਫਿਲਮ ਤੋਂ ਇਲਾਵਾ ਕ੍ਰਿਤੀ 'ਭੇੜੀਆ', 'ਗਨਪਥ', 'ਆਦਿਪੁਰਸ਼' ਅਤੇ 'ਸ਼ਹਿਜ਼ਾਦਾ' ਵਿੱਚ ਵੀ ਨਜ਼ਰ ਆਵੇਗੀ।

## ਦਿਲਜੀਤ ਕਹਿੰਦਾ: 'ਜੋਗੀ' ਵਿੱਚ ਅਲੀ ਤੇ ਹਿਮਾਂਸ਼ੂ ਨਾਲ ਕੰਮ ਕਰਨ ਦਾ ਤਜ਼ਰਬਾ ਸ਼ਾਨਦਾਰ ਰਿਹਾ



ਅਦਾਕਾਰ ਦਿਲਜੀਤ ਦੋਸਾਂਝ ਦੀ ਫ਼ਿਲਮ 'ਜੋਗੀ' ਦਾ 16 ਸਤੰਬਰ ਨੂੰ ਨੈੱਟਫਲਿਕਸ 'ਤੇ ਪ੍ਰੀਮੀਅਰ ਹੋਣ ਜਾ ਰਿਹਾ ਹੈ। ਦਿਲਜੀਤ ਨੇ ਫ਼ਿਲਮ 'ਚ ਅਲੀ ਅੱਬਾਸ ਜ਼ਫ਼ਰ ਤੇ ਹਿਮਾਂਸ਼ੂ ਮਹਿਰਾ ਨਾਲ ਕੀਤੇ ਕੰਮ ਬਾਰੇ ਆਪਣਾ ਤਜਰਬਾ ਸਾਂਝਾ ਕੀਤਾ। ਉਸ ਨੇ ਆਖਿਆ ਕਿ ਇਹ ਅਹਿਮ ਹੈ ਕਿ ਫ਼ਿਲਮ ਦੀ ਕਹਾਣੀ ਭਰੋਸੇਯੋਗ ਅਤੇ ਸੰਵੇਦਨਸ਼ੀਲ ਹੈ। ਫ਼ਿਲਮ ਦੀ ਸ਼ੂਟਿੰਗ ਕੌਮੀ ਰਾਜਧਾਨੀ ਵਿੱਚ ਕੀਤੀ ਗਈ ਹੈ, ਜੋ ਸਾਲ 1984 'ਚ ਵਾਪਰੇ ਸਿੱਖ ਕਤਲੇਆਮ 'ਤੇ ਆਧਾਰਿਤ ਹੈ। ਫ਼ਿਲਮ 'ਚ ਤਿੰਨ ਦੋਸਤ ਆਪਣੇ ਇਲਾਕੇ ਵਿੱਚ ਸੈਂਕੜੇ ਲੋਕਾਂ ਦੀ ਜਾਨ ਬਚਾਉਂਦੇ ਨਜ਼ਰ ਆਉਂਦੇ ਹਨ। ਫ਼ਿਲਮ ਵਿੱਚ ਦਿਲਜੀਤ ਦੋਸਾਂਝ, ਕੇ. ਮਿਸ਼ਰਾ, ਮੁਹੰਮਦ ਜ਼ੀਸ਼ਾਨ ਅਯੂਬ, ਹਿਤੇਨ ਤੇਜਵਾਨੀ ਤੇ ਅਮਾਇਰਾ ਦਸਤੂਰੀ ਅਹਿਮ ਭੂਮਿਕਾਵਾਂ ਵਿੱਚ ਹਨ। ਫ਼ਿਲਮ 'ਚ ਦਿਲਜੀਤ, ਜੋਗੀ ਦਾ ਕਿਰਦਾਰ ਨਿਭਾਅ ਰਿਹਾ ਹੈ, ਜੋ ਭਾਈਚਾਰੇ ਅਤੇ ਏਕਤਾ ਦਾ ਹਾਮੀ ਹੈ ਅਤੇ ਆਪਣਿਆਂ ਦੀ ਹਿਫਾਜ਼ਤ ਲਈ ਹਰ ਸਥਿਤੀ ਨਾਲ ਮੱਥਾ ਲਾਉਣ ਦਾ ਫੈਸਲਾ ਕਰਦਾ ਹੈ। ਅਲੀ ਤੇ ਹਿਮਾਂਸ਼ੂ ਨਾਲ ਕੰਮ ਕਰਨ ਦਾ ਆਪਣਾ ਤਜਰਬਾ ਸਾਂਝਾ ਕਰਦਿਆਂ ਦਿਲਜੀਤ ਨੇ ਕਿਹਾ, "ਅਲੀ ਤੇ ਹਿਮਾਂਸ਼ੂ ਭਾਜੀ ਨਾਲ ਇਸ ਪ੍ਰਾਜੈਕਟ 'ਤੇ ਕੰਮ ਕਰਨਾ ਬਹੁਤ ਸ਼ਾਨਦਾਰ ਰਿਹਾ। ਇਹ ਕਾਫ਼ੀ ਅਹਿਮ ਹੁੰਦਾ ਹੈ ਕਿ ਕਹਾਣੀ ਭਰੋਸੇਯੋਗ ਅਤੇ ਗੰਭੀਰ ਹੋਵੇ। ਮੈਂ ਬਹੁਤ ਖੁਸ਼ ਹਾਂ ਕਿ ਅਲੀ ਤੇ ਹਿਮਾਂਸ਼ੂ ਭਾਜੀ ਨੇ ਕਹਾਣੀ ਦੀ ਗੰਭੀਰਤਾ ਨੂੰ ਸਮਝਿਆ। ਮੈਂ ਉਮੀਦ ਕਰਦਾ ਹਾਂ ਕਿ ਦਰਸ਼ਕ ਸਾਡੇ ਕੰਮ ਨੂੰ ਪਸੰਦ ਕਰਨਗੇ। 'ਜੋਗੀ' ਦਾ ਨਿਰਦੇਸ਼ਨ ਅਲੀ ਅੱਬਾਸ ਜ਼ਫਰ ਨੇ ਕੀਤਾ ਜਦਕਿ ਹਿਮਾਂਸ਼ੂ ਕਿਸ਼ਨ ਮਹਿਰਾ ਤੇ ਅਲੀ ਅੱਬਾਸ ਜ਼ਫਰ ਮਿਲ ਕੇ ਫਿਲਮ ਪ੍ਰੋਡਿਊਸ ਕਰ ਰਹੇ ਹਨ।

## 'ਕੋਬਰਾ' ਦਾ ਟ੍ਰੇਲਰ ਰਿਲੀਜ਼, ਕਾਪ ਦੇ ਰੋਲ ਵਿੱਚ ਆਉਣਗੇ ਇਰਫਾਨ ਪਠਾਨ



ਵਿਕਰਮ ਸਟਾਰਰ ਫਿਲਮ 'ਕੋਬਰਾ' ਦਾ ਟ੍ਰੇਲਰ ਰਿਲੀਜ਼ ਹੋ ਗਿਆ ਹੈ। ਇਸ ਵਿੱਚ ਸਾਬਕਾ ਭਾਰਤੀ ਕ੍ਰਿਕਟਰ ਇਰਫਾਨ ਪਠਾਨ ਵੀ ਹਨ। ਫਿਲਮ ਵਿੱਚ ਇਰਫਾਨ ਇੱਕ ਪੁਲਸ ਅਫਸਰ ਦੇ ਕਿਰਦਾਰ ਵਿੱਚ ਆਉਣਗੇ, ਜੋ ਵਿਕਰਮ ਨੂੰ ਲੱਭਣ ਦੇ ਸਰਚ ਆਪੇਰਸ਼ਨ ਨੂੰ ਲੀਡ ਕਰ ਰਹੇ ਹਨ। ਇਰਫਾਨ ਇਸ ਫਿਲਮ ਦੀ ਤਿਆਰੀ ਲੰਬੇ ਸਮੇਂ ਤੋਂ ਕਰ ਰਹੇ ਹਨ। ਇਸ ਵਿੱਚ ਉਹ ਯਸ਼ਲਾਨ ਯਿਮਲਾਜ ਦਾ ਕਿਰਦਾਰ ਨਿਭਾ ਰਹੇ ਹਨ, ਜੋ ਇੱਕ ਫਰਾਂਸੀਸੀ ਇੰਟਰਪੋਲ ਅਧਿਕਾਰੀ ਹਨ।

ਸਾਲ 2020 ਵਿੱਚ ਇਰਫਾਨ ਦੇ ਜਨਮ ਦਿਨ ਉਤੇ ਅਜੈ ਗਨਾਨਾਮੁੱਥੂ ਨੇ ਉਨ੍ਹਾਂ ਦਾ ਪਹਿਲਾ ਲੁਕ ਸ਼ੇਅਰ ਕਰਦੇ ਹੋਏ ਉਨ੍ਹਾਂ ਦੇ ਕਿਰਦਾਰ ਦੇ ਬਾਰੇ ਦੱਸਿਆ ਸੀ। ਪਹਿਲਾਂ ਇਹ ਫਿਲਮ ਮਈ 2020 ਵਿੱਚ ਰਿਲੀਜ਼ ਹੋਣੀ ਸੀ। ਵਿਕਰਮ ਇਸ ਫਿਲਮ ਨੂੰ ਸੱਤ ਤੋਂ ਜ਼ਿਆਦਾ ਕਿਰਦਾਰ ਨਿਭਾ ਰਹੇ ਹਨ। ਫਿਲਮ ਦਾ ਸੰਗੀਤ ਏ ਆਰ ਰਹਿਮਾਨ ਨੇ ਕੰਪੋਜ ਕੀਤਾ ਹੈ। ਇਹ ਫਿਲਮ 31 ਅਗਸਤ ਨੂੰ ਰਿਲੀਜ਼ ਹੋਵੇਗੀ।

## 'ਐਮਰਜੈਂਸੀ' ਵਿੱਚ ਸੈਮ ਮਾਨੇਕਸ਼ਾਅ ਦਾ ਕਿਰਦਾਰ ਨਿਭਾਉਣਗੇ ਮਿਲਿੰਦ ਸੋਮਨ



ਕੰਗਨਾ ਰਣੌਤ ਦੀ ਫਿਲਮ 'ਐਮਰਜੈਂਸੀ' ਦੇ ਸਾਰੇ ਕਿਰਦਾਰਾਂ ਦੇ ਲੁਕ ਇੱਕ-ਇੱਕ ਕਰ ਕੇ ਸਾਹਮਣੇ ਆ ਰਹੇ ਹਨ। ਮਿਲਿੰਦ ਸੋਮਨ ਦਾ ਵੀ ਫਸਟ ਲੁਕ ਆਊਟ ਹੋ ਗਿਆ ਹੈ। ਉਹ ਫਿਲਮ ਵਿੱਚ ਫੀਲਡ ਮਾਰਸ਼ਲ ਸੈਮ ਮਾਨੇਕਸ਼ਾਅ ਦੀ ਭੂਮਿਕਾ ਨਿਭਾ ਰਿਹਾ ਹੈ। ਫੌਜੀ ਯੂਨੀਫਾਰਮ ਅਤੇ ਰੋਹਬਦਾਰ ਮੁੱਛਾਂ ਵਿੱਚ ਮਿਲਿੰਦ ਨੂੰ ਪਛਾਣਨਾ ਬੇਹੱਦ ਮੁਸ਼ਕਲ ਹੈ। ਮਿਲਿੰਦ ਦਾ ਇਹ ਲੁਕ ਕੰਗਨਾ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ ਉੱਤੇ ਸ਼ੇਅਰ ਕੀਤਾ ਹੈ। ਉਸ ਨੇ ਸੋਸ਼ਲ ਮੀਡੀਆ ਉੱਤੇ ਲੁਕ ਸ਼ੇਅਰ ਕਰਦੇ ਹੋਏ ਲਿਖਿਆ, "ਮਿਲਿੰਦ ਸੋਮਨ, ਸੈਮ ਮਾਨੇਕਸ਼ਾਅ ਦੇ ਰੂਪ ਵਿੱਚ ਪੇਸ਼ ਹਨ, ਭਾਰਤ-ਪਾਕਿ ਜੰਗ ਦੌਰਾਨ ਅਹਿਮ ਭੂਮਿਕਾ ਨਿਭਾਉਣ ਵਾਲੇ ਫੌਜੀ ਅਫਸਰ, ਜਿਨ੍ਹਾਂ ਦੀ ਦੇਸ਼ ਸੇਵਾ ਨੂੰ ਅੱਜ ਵੀ ਯਾਦ ਕੀਤਾ ਜਾਂਦਾ ਹੈ।" ਕੰਗਨਾ ਨੇ ਅੱਗੇ ਲਿਖਿਆ, "ਇੱਕ ਦਮਦਾਰ ਸ਼ਖਸੀਅਤ, ਇੱਕ ਜੰਗੀ ਨਾਇਕ ਤੇ ਇੱਕ ਲੀਡਰ।" ਤਿੰਨ ਅਪ੍ਰੈਲ 1914 ਨੂੰ ਪੰਜਾਬ ਦੇ ਅੰਮ੍ਰਿਤਸਰ ਵਿੱਚ ਜਨਮੇ ਸੈਮ ਮਾਨੇਕਸ਼ਾਅ ਦਾ ਨਾਂਅ ਫੌਜੀ ਇਤਿਹਾਸ ਵਿੱਚ ਸੁਨਹਿਰੇ ਅੱਖਰਾਂ ਵਿੱਚ ਦਰਜ ਹੈ। ਭਾਰਤ ਸਮੇਤ ਪਾਕਿਸਤਾਨ ਵਿੱਚ ਵੀ ਉਨ੍ਹਾਂ ਦੀ ਬਹਾਦਰੀ ਦੇ ਚਰਚੇ ਰਹੇ ਹਨ। ਸੈਮ 1934 ਵਿੱਚ ਭਾਰਤੀ ਫੌਜ ਵਿੱਚ ਭਰਤੀ ਹੋਏ ਸਨ, ਜਦ ਦੇਸ਼ ਗੁਲਾਮ ਸੀ। ਉਸ ਸਮੇਂ ਸੈਮ ਦੂਸਰੇ ਵਰਲਡ ਵਾਰ ਦੇ ਬਰਮਾ ਮੋਰਚੇ ਉੱਤੇ ਭੇਜੇ ਗਏ ਸਨ, ਜਿੱਥੇ ਉਨ੍ਹਾਂ ਨੇ ਜਾਪਾਨੀ ਫੌਜ ਦਾ ਮੁਕਾ-ਬਲਾ ਕੀਤਾ ਸੀ।

## ਵਿੱਕੀ ਮੇਰੀ ਤਕਦੀਰ ਵਿੱਚ ਲਿਖਿਆ ਸੀ ਅਤੇ ਉਸ ਨੇ ਹਰ ਹੀਲੇ ਮਿਲਣਾ ਹੀ ਸੀ : ਕੈਟਰੀਨਾ



ਅਦਾਕਾਰਾ ਕੈਟਰੀਨਾ ਕੈਫ਼ ਨੇ ਆਖਿਆ ਕਿ ਉਸ ਨੇ ਕਦੇ ਵਿੱਕੀ ਕੌਸ਼ਲ ਬਾਰੇ ਸੋਚਿਆ ਨਹੀਂ ਸੀ। ਉਹ ਉਸ ਦੀ ਤਕਦੀਰ ਵਿੱਚ ਲਿਖਿਆ ਸੀ ਅਤੇ ਉਸ ਨੇ ਹਰ ਹੀਲੇ ਮਿਲਣਾ ਹੀ ਸੀ। ਅਦਾਕਾਰਾ ਨੇ ਇਹ ਖੁਲਾਸਾ ਕਰਨ ਜੌਹਰ ਦੇ ਸ਼ੋਅ 'ਕੌਫ਼ੀ ਵਿੱਦ ਕਰਨ-7' ਦੇ ਦਸਵੇਂ ਐਪੀਸੋਡ ਦੌਰਾਨ ਕੀਤਾ। ਇਸ ਸ਼ੋਅ 'ਚ ਈਸ਼ਾਨ ਖੱਟਰ ਤੇ ਸਿਧਾਰਥ ਚਤੁਰਵੇਦੀ ਨਾਲ ਮਹਿਮਾਨ ਵਜੋਂ ਸ਼ਾਮਲ ਹੋਈ ਕੈਟਰੀਨਾ ਕੈਫ਼ ਨੇ ਕਿਹਾ, 'ਮੈਂ ਵਿੱਕੀ ਬਾਰੇ ਕੁਝ ਨਹੀਂ ਸੀ ਜਾਣਦੀ। ਮੈਨੂੰ ਬੱਸ ਇਹ ਪਤਾ ਸੀ ਕਿ ਇਸ ਨਾਂ ਦਾ ਕੋਈ ਸ਼ਖ਼ਸ ਹੈ। ਅਸੀਂ ਕਦੇ ਮਿਲੇ ਵੀ ਨਹੀਂ ਸੀ, ਪਰ ਜਦੋਂ ਅਸੀਂ ਮਿਲੇ, ਉਸ ਨੇ ਮੇਰਾ ਦਿਲ ਜਿੱਤ ਲਿਆ।' ਅਦਾਕਾਰਾ ਨੇ ਦੱਸਿਆ ਕਿ ਵਿੱਕੀ ਨੂੰ ਪਸੰਦ ਕਰਨ ਵਾਲੀ ਗੱਲ ਉਸ ਨੇ ਸਭ ਤੋਂ ਪਹਿਲਾਂ ਨਿਰਦੇਸ਼ਕਾ ਜ਼ੋਇਆ ਅਖ਼ਤਰ ਨਾਲ ਸਾਂਝੀ ਕੀਤੀ ਸੀ, ਜਿਸ ਦੀ ਪਾਰਟੀ ਵਿੱਚ ਉਹ ਦੋਵੇਂ ਮਿਲੇ ਸਨ। ਵਿੱਕੀ ਨਾਲ ਆਪਣਾ ਰਿਸ਼ਤਾ ਅਚਾਨਕ ਹੋਣ ਬਾਰੇ ਕੈਟਰੀਨਾ ਨੇ ਆਖਿਆ, 'ਉਹ ਮੇਰੀ ਕਿਸਮਤ ਵਿੱਚ ਲਿਖਿਆ ਸੀ ਤੇ ਅਸੀਂ ਮਿਲਣਾ ਹੀ ਸੀ। ਅਜਿਹੇ ਕਈ ਮੌਕੇ ਹੁੰਦੇ ਹਨ, ਜਦੋਂ ਇਹ ਸਭ ਕੁਝ ਸੁਫ਼ਨਾ ਲੱਗਦਾ ਹੈ।

## ਮੈਂ ਵਿਲੇਨ ਦੇ ਰੋਲ ਕਰਨਾ ਚਾਹੁੰਦਾ ਹਾਂ : ਰਣਬੀਰ ਕਪੂਰ

ਰਣਬੀਰ ਕਪੂਰ ਦੀ 'ਸ਼ਮਸ਼ੇਰਾ' 22 ਜੁਲਾਈ ਨੂੰ ਰਿਲੀਜ਼ ਹੋਈ, ਜੋ ਬੁਰੀ ਤਰ੍ਹਾਂ ਫਲਾਪ ਸਾਬਤ ਹੋਈ। ਉਸ ਦੀ 'ਬ੍ਰਹਮਾਸਤਰ' 9 ਸਤੰਬਰ ਨੂੰ ਰਿਲੀਜ਼ ਹੋਣ ਵਾਲੀ ਹੈ। ਡਾਇਰੈਕਟਰ ਸੰਦੀਪ ਰੈੱਡੀ ਵਾਂਗਾ ਦੇ ਨਿਰਦੇਸ਼ਨ ਵਾਲੀ ਰਣਬੀਰ ਕਪੂਰ ਦੀ 'ਐਨੀਮਲ' ਅਗਲੇ ਸਾਲ 11 ਅਗਸਤ ਨੂੰ ਰਿਲੀਜ਼ ਹੋਵੇਗੀ। 'ਐਨੀਮਲ' ਵਿੱਚ ਅਨਿਲ ਕਪੂਰ, ਰਣਬੀਰ ਦੇ ਪਿਤਾ ਅਤੇ ਪਰਿਣੀਤੀ ਚੋਪੜਾ ਉਸ ਦੀ ਪਤਨੀ ਦੇ ਕਿਰਦਾਰ ਵਿੱਚ ਆਏਗੀ। ਇੱਕ ਮਹੱਤਵ ਪੂਰਨ ਕਿਰਦਾਰ ਵਿੱਚ ਬੌਬੀ ਦਿਓਲ ਵੀ ਆਉਣਗੇ। ਇਸ ਗੈਂਗਸਟਾਰ ਕਰਾਈਮ ਡਰਾਮਾ ਫਿਲਮ ਨੂੰ ਭੂਸ਼ਣ ਕੁਮਾਰ ਅਤੇ ਕ੍ਰਿਸ਼ਨ ਕੁਮਾਰ ਦੀ ਟੀ-ਸੀਰੀਜ਼ ਪ੍ਰਣਯ ਰੈਡੀ ਵਾਂਗਾ ਦੀ ਭਦਰਕਾਲੀ ਫਿਲਮਜ਼ ਅਤੇ ਮੁਰਾਦ ਖੇਤਾਨੀ ਦੇ ਸਿਨੇ ਸਟੂਡੀਓ ਵੱਲੋਂ ਪ੍ਰੋਡਿਊਸ ਕੀਤਾ ਜਾ ਰਿਹਾ ਹੈ। 'ਐਨੀਮਲ' ਅਜਿਹੇ ਉਲਝੇ ਹੋਏ ਰਿਸ਼ਤਿਆਂ ਦੀਆਂ ਪ੍ਰੇਸ਼ਾਨੀਆਂ ਉੱਤੇ ਆਧਾਰਤ ਹੈ, ਜਿਸ ਵਿੱਚ ਅਜਿਹਾ ਸਮਾਂ ਆਉਂਦਾ ਹੈ, ਜੋ ਲੀਡ ਐਕਟਰ ਨੂੰ ਐਨੀਮਲ ਵਰਗਾ ਵਿਹਾਰ ਕਰਨ ਨੂੰ ਮਜਬੂਰ ਕਰ ਦਿੰਦਾ ਹੈ। ਆਮਿਰ ਅਤੇ ਰਣਬੀਰ ਕਪੂਰ ਪਹਿਲੀ ਵਾਰ ਰਾਜ ਕੁਮਾਰ ਹਿਰਾਨੀ ਦੀ ਫਿਲਮ 'ਪੀਕੇ' ਵਿੱਚ ਨਜ਼ਰ ਆਏ ਸਨ। ਰਣਬੀਰ ਦਾ ਉਸ ਫਿਲਮ ਵਿੱਚ ਇੱਕ ਬੇਹੱਦ ਛੋਟਾ ਜਿਹਾ ਕੈਮਿਓ ਸੀ। ਆਮਿਰ ਦੇ ਪ੍ਰੋਡਕਸ਼ਨ ਹਾਊਸ ਦੁਆਰਾ ਬਣਾਈ ਜਾਣ ਵਾਲੀ ਫਿਲਮ ਦੀ ਸਕ੍ਰਿਪਟ ਰਣਬੀਰ ਨੂੰ ਪਸੰਦ ਆਈ ਹੈ। ਰਣਬੀਰ ਕਪੂਰ ਨੇ ਇਸ ਦਾ ਹਿੱਸਾ ਬਣਨ ਦੇ ਲਈ ਆਪਣੀ ਹਾਮੀ ਭਰ ਦਿੱਤੀ ਹੈ। ਅਗਲੇ ਸਾਲ ਦੇ ਅੱਧ ਤੱਕ ਫਿਲਮ ਦੀ ਸ਼ੂਟਿੰਗ ਸ਼ੁਰੂ ਹੋ ਸਕਦੀ ਹੈ। ਪੇਸ਼ ਹਨ ਰਣਬੀਰ ਕਪੂਰ ਨਾਲ ਗੱਲਬਾਤ ਦੇ ਅੰਸ਼ :

* 'ਸ਼ਮਸ਼ੇਰਾ' ਤੋਂ ਤੁਹਾਨੂੰ ਕਾਫੀ ਆਸਾਂ ਸਨ, ਪਰ ਦਰਸ਼ਕਾਂ ਨੇ ਫਿਲਮ ਵਿੱਚ ਕੁਝ ਖਾਸ ਦਿਲਚਸਪੀ ਨਹੀਂ ਲਈ। ਤੁਸੀਂ ਫਿਲਮ ਵਿੱਚ ਜੋ ਕਿਰਦਾਰ ਨਿਭਾਇਆ ਉਹ ਤੁਹਾਡੀ ਸਥਾਪਤ ਇਮੇਜ਼ ਦੇ ਉਲਟ ਸੀ। ਕੀ ਫਿਲਮ ਨੂੰ ਨਕਾਰੇ ਜਾਣ ਦੀ ਵਜ੍ਹਾ ਇਹੀ ਤਾਂ ਨਹੀਂ ਸੀ?

- ਮੈਨੂੰ ਲੱਗਦਾ ਹੈ ਕਿ ਮੈਂ ਟਾਈਪਕਾਸਟ ਹੋ ਰਿਹਾ ਸੀ। ਮੇਰੀ ਰੋਮਾਂਟਿਕ ਇਮੇਜ਼ ਬਣ ਗਈ ਸੀ। ਇੱਕ ਹੀ ਤਰ੍ਹਾਂ ਦੇ ਕਿਰਦਾਰ ਕਰਦੇ ਹੋਏ ਮੈਂ ਖੁਦ ਤੋਂ ਬੋਰ ਹੋਣ ਲੱਗਾ ਸੀ। ਦਰਸ਼ਕ ਵੀ ਮੇਰੇ ਤੋਂ ਬੋਰ ਨਾ ਹੋਣ, ਇਸ ਦੇ ਲਈ ਮੈਂ ਆਪਣੇ ਕੰਫਰਟ ਜ਼ੋਨ ਤੋਂ ਨਿਕਲ ਕੇ ਕੁਝ ਚੈਲੇਂਜਿੰਗ ਕਰਨਾ ਕਰਨਾ ਚਾਹੁੰਦਾ ਸੀ। ਹਰ ਕਿਸੇ ਨੂੰ ਮੇਰਾ ਕੰਮ ਅਤੇ ਕਿਰਦਾਰ ਪਸੰਦ ਆਇਆ ਹੈ।

* ਜਦ ਤੁਹਾਨੂੰ ਇਸ ਫਿਲਮ ਦਾ ਆਫਰ ਮਿਲਿਆ, ਤਦ ਤੁਹਾਡੀ ਸਭ ਤੋਂ ਪਹਿਲੀ ਪ੍ਰਤੀਕਿਰਿਆ ਕੀ ਸੀ?

-ਜ਼ਿਆਦਾਤਰ ਫਿਲਮਮੇਕਰਸ ਮੈਨੂੰ ਇਸ ਤਰ੍ਹਾਂ ਦੇ ਰੋਲ ਆਫਰ ਨਹੀਂ ਕਰਦੇ। 'ਸ਼ਮਸ਼ੇਰਾ' ਵਿੱਚ ਮੇਰਾ ਬਿਲਕੁਲ ਅਲੱਗ ਤਰ੍ਹਾਂ ਦਾ ਰੋਲ ਸੀ। 10 ਸਾਲ ਪਹਿਲਾਂ ਜੇ ਇਹ ਆਫਰ ਮੇਰੇ ਕੋਲ ਆਇਆ ਹੁੰਦਾ ਤਾਂ ਪੱਕਾ ਹੀ ਮੈਂ ਇਸ ਦੇ ਲਈ ਮਨ੍ਹਾ ਕਰ ਦਿੰਦਾ। ਮੈਨੂੰ ਪਹਿਲੀ ਵਾਰ ਡਬਲ ਰੋਲ ਆਫਰ ਹੋਇਆ ਸੀ ਤੇ ਸਕਰੀਨ ਉੱਤੇ ਡਬਲ ਰੋਲ ਕਰਨਾ ਮੇਰੇ ਲਈ ਖੁਸ਼ੀ ਦੀ ਗੱਲ ਸੀ ਇਸ ਲਈ ਮੈਂ ਤੁਰੰਤ ਹਾਂ ਦਿੱਤੀ ਸੀ।

*ਕੀ ਅੱਗੇ ਵੀ ਆਪਣੀ ਸਥਾਪਤ ਇਮੇਜ਼ ਦੇ ਉਲਟ ਇਸੇ ਤਰ੍ਹਾਂ ਦੇ ਰੋਲ ਕਰਦੇ ਰਹੋਗੇ?

-ਇੱਕ ਐਕਟਰ ਹੋਣ ਦੇ ਨਾਤੇ ਮੇਰਾ ਫਰਜ਼ ਹੈ ਕਿ ਮੈਂ ਹਰ ਤਰ੍ਹਾਂ ਦੇ ਕਿਰਦਾਰ ਨਿਭਾਵਾਂ। ਮੈਂ ਵਿਲੇਨ ਦਾ ਰੋਲ ਵੀ ਕਰਨਾ ਚਾਹੁੰਦਾ ਹਾਂ। ਮੇਰਾ ਸੁਫਨਾ ਰਿਹਾ ਹੈ ਕਿ ਮੈਂ ਨੈਗੇਟਿਵ ਰੋਲ ਕਰਾਂ ਤੇ ਲੋਕ ਆਪਣੇ ਬੱਚਿਆਂ ਨੂੰ ਕਹਿਣ ਸੋ ਜਾ ਬੇਟਾ ਨਹੀਂ ਤਾਂ ਰਣਬੀਰ ਆ ਜਾਏਗਾ। ਸਾਡੀਆਂ ਫਿਲਮਾਂ ਹਮੇਸ਼ਾ ਹੀਰੋ ਦੀ ਸਾਈਡ ਲੈਂਦੀਆਂ ਹਨ, ਪਰ ਵਿਲੇਨ ਬਿਨਾਂ ਹੀਰੋ ਆਪਣੀ ਹੀਰੋਗਿਰੀ ਕਿਵੇਂ ਦਿਖਾ ਸਕੇਗਾ।

*ਕੋਈ ਵੀ ਐਕਟਰ ਇਸ ਇੰਡਸਟਰੀ ਵਿੱਚ ਜਦ ਆਪਣਾ ਪਹਿਲਾ ਕਦਮ ਰੱਖਦਾ ਹੈ, ਉਸ ਦੇ ਦਿਲੋ ਦਿਮਾਗ ਵਿੱਚ ਇੱਕ ਸਥਾਪਤ ਐਕਟਰ ਦੀ ਇਮੇਜ਼ ਹੁੰਦੀ ਹੈ ਜਿਸ ਦੀ ਤਰ੍ਹਾਂ ਦਾ ਐਕਟਰ ਉਹ ਬਣਨਾ ਚਾਹੁੰਦਾ ਹੈ। ਕੀ ਤੁਹਾਡੇ ਦਿਮਾਗ ਵਿੱਚ ਵੀ ਕੋਈ ਅਜਿਹੀ ਇਮੇਜ਼ ਸੀ?

- ਮੈਂ ਜਦ ਸਿਰਫ ਸੱਤ ਸਾਲ ਦਾ ਸੀ ਅਮਿਤਾਭ ਬੱਚਨ ਵਰਗਾ ਹੀਰੋ ਬਣਨਾ ਚਾਹੁੰਦਾ ਸੀ। ਜਦ ਥੋੜ੍ਹਾ ਹੋਰ ਵੱਡਾ ਹੋਇਆ, ਤਦ ਦੂਸਰਾ ਸ਼ਾਹਰੁਖ ਖਾਨ ਬਣਨ ਦਾ ਖਾਹਿਸ਼ ਹੋਣ ਲੱਗੀ। ਜਿਸ ਸਮੇਂ ਐਕਟਰ ਵਜੋਂ ਸ਼ੁਰੂਆਤ ਕੀਤੀ, ਉਸ ਵੇਲੇ ਹਿੰਦੀ ਫਿਲਮ ਇੰਡਸਟਰੀ ਦੇ ਇਹ ਹੀਰੋ ਮੇਰਾ ਅਸਲ ਜੀਵਨ ਦੇ ਹੀਰੋ ਸਨ, ਪਰ ਜਿਵੇਂ-ਜਿਵੇਂ ਮੇਰੀ ਐਕਟਿੰਗ ਪਾਰੀ ਅੱਗੇ ਵਧਦੀ ਗਈ, ਮੈਨੂੰ ਲੱਗਣ ਲੱਗਾ ਕਿ ਮੇਰੇ ਲਈ ਇਨ੍ਹਾਂ ਵਾਂਗ ਬਣ ਸਕਣਾ ਨਾਮੁਮਕਿਨ ਹੈ ਤੇ ਆਖਰ ਮੈਨੂੰ ਰਣਬੀਰ ਕਪੂਰ ਬਣ ਕੇ ਸੰਤੋਸ਼ ਕਰਨਾ ਪਿਆ।

*ਹਾਲ ਹੀ ਵਿੱਚ ਲਵ ਰੰਜਨ ਦੀ ਫਿਲਮ ਦੀ ਸ਼ੂਟਿੰਗ ਦੌਰਾਨ ਅੰਧੇਰੀ ਵਿੱਚ ਸੈੱਟ ਉੱਤੇ ਅੱਗ ਲੱਗ ਗਈ ਸੀ, ਜਿਸ ਵਿੱਚ ਦੋ ਜਣਿਆਂ ਦੀ ਜਾਨ ਵੀ ਚਲੀ ਗਈ। ਇਸ ਫਿਲਮ ਦੇ ਬਾਰੇ ਕੁਝ ਦੱਸੋ?

- ਇਸ ਫਿਲਮ ਦੇ ਪਹਿਲੇ ਸ਼ਡਿਊਲ ਦੀ ਸ਼ੂਟਿੰਗ ਦਿੱਲੀ ਵਿੱਚ ਕਰਨ ਦੇ ਬਾਅਦ ਦੂਸਰਾ ਸ਼ਡਿਊਲ ਮੁੰਬਈ ਵਿੱਚ ਸ਼ੁਰੂ ਹੋਇਆ ਸੀ ਕਿ ਇਹ ਹਾਦਸਾ ਹੋ ਗਿਆ। ਅਜੇ ਫਿਲਮ ਦਾ ਟਾਈਟਲ ਤੈਅ ਨਹੀਂ ਹੋਇਆ। ਇਸ ਵਿੱਚ ਮੇਰੇ ਨਾਲ ਸ਼ਰਧਾ ਕਪੂਰ ਹੈ। ਇਸ ਵਿੱਚ ਬੋਨੀ ਸਰ ਮੇਰੇ ਡੈਡੀ ਅਤੇ ਡਿੰਪਲ ਮੇਰੀ ਮੰਮੀ ਦੇ ਕਿਰਦਾਰ ਵਿੱਚ ਨਜ਼ਰ ਆਉਣਗੇ।

* ਆਲੀਆ ਭੱਟ ਇਸ ਇੰਡਸਟਰੀ ਦੀ ਸ਼ਾਨਦਾਰ ਅਭਿਨੇਤਰੀ ਹੈ। ਜਦ ਆਲੀਆ ਤੇ ਤੁਸੀਂ ਵਿਆਹ ਕੀਤਾ, ਲੋਕਾਂ ਨੂੰ ਸ਼ੱਕ ਸੀ ਕਿ ਵਿਆਹ ਪਿੱਛੋਂ ਆਲੀਆ ਇੰਡਸਟਰੀ ਤੋਂ ਕਿਨ-ਾਰਾ ਕਰ ਲਵੇਗੀ, ਪਰ ਵਿਆਹ ਪਿੱਛੋਂ ਉਨ੍ਹਾਂ ਦੀ ਐਕਟਿੰਗ ਪਾਰੀ ਪਹਿਲਾਂ ਵਾਂਗ ਜਾਰੀ ਰਹੀ। ਉਹ ਮਾਂ ਬਣਨ ਵਾਲੀ ਹੈ। ਕੀ ਉਨ੍ਹਾਂ ਦੇ ਮਾਂ ਬਣਨ ਦੇ ਬਾਅਦ ਵੀ ਕੰਮ ਕਰਦੀ ਰਹੇਗੀ?

- ਮੈਂ ਕਦੇ ਵੀ ਇਸ ਹੱਕ ਵਿੱਚ ਨਹੀਂ ਸੀ ਕਿ ਆਲੀਆ ਵਿਆਹ ਕਰਨ ਜਾਂ ਮਾਂ ਬਣਨ ਦੇ ਬਾਅਦ ਆਪਣੇ ਸੁਫਨਿਆਂ ਦਾ ਬਲਿਦਾਨ ਦੇਵੇ। ਆਲੀਆ ਅਤੇ ਮੈਂ ਪਿਛਲੇ ਕਾਫੀ ਸਮੇਂ ਤੋਂ ਇਸ ਮਸਲੇ ਉੱਤੇ ਲਗਾਤਾਰ ਵਿਚਾਰ ਵਟਾਂਦਰਾ ਕਰ ਰਹੇ ਹਾਂ ਕਿ ਮਾਤਾ-ਪਿਤਾ ਬਣਨ ਦੇ ਬਾਅਦ ਅਸੀਂ ਆਪਣੀਆਂ ਜ਼ਿੰਮੇਵਾਰੀਆਂ ਨੂੰ ਕਿਵੇਂ ਸਾਂਝੀਆਂ ਕਰਾਂਗੇ।




Tri-City
Professional Realty Inc., Brokerage.
The Future of Real Estate
www.TriCityPro.com

Number 1. Tri-City agent in Canada on basis of sales volume 2021

ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 36 ਸਾਲਾ ਤਜਰਬੇ ਵਾਲੇ

ਅਵਤਾਰ ਸਿੰਘ ਟਿਵਾਣਾ

NEED MORE LISTINGS

- Free Evaluation of your Property
- Special Packages for First Time Buyer
- Arrangement of Low Mortgage rate Lawyer
- Arrangement of Home Inspection

Avtar Singh Tiwana
Sales Representative

Tel: 905.793.5777

416.802.5866

31 Melanie Dr. Unit #4 Brampton, ON L6T 5H8




CASTLEMORE/GOREWAY

ਬਰੈਂਪਟਨ ਵਿਚ ਬਹੁਤ ਹੀ ਸੁੰਦਰ ਅਤੇ ਨਵਾਂ ਬਣਿਆ 3500-5000 ਵਰਗ ਫੁੱਟ ਦਾ 4 ਬੈੱਡਰੂਮ ਅਤੇ 5 ਵਾਸ਼ਰੂਮ ਦਾ ਘਰ, ਫਿਨਿਸ਼ਡ ਬੇਸਮੈਂਟ ਵਿਚ ਕਿਚਨ ਅਤੇ ਸੈਪਰੇਟ ਐਂਟਰੈਂਸ, ਮੇਨ ਫਲੋਰ 'ਤੇ 9 ਫੁੱਟ ਦੀ ਸੀਲਿੰਗ, ਫਾਰਮਲ ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ, ਮੇਨ ਫਲੋਰ ਤੇ ਡੈਨ, ਅਪਗ੍ਰੇਡ ਕਿਚਨ ਅਤੇ ਗ੍ਰੇਨਾਈਟ ਕਾਊਂਟਰ ਟਾਪ, 2 ਫਰਿਜ, 2 ਸਟੋਵ, 1 ਡਿਸ਼ਵਾਸ਼ਰ, ... ਸਾਰੀਆਂ ਸਹੂਲਤਾਂ ਦੇ ਨੇੜੇ




8337 ਗਲਫ ਲਾਈਨ

401 & ਗਲਫ ਲਾਈਨ ਏਰੀਆ ਵਿਚ 2.61 ਏਕੜ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 2 ਬੈਡਰੂਮ, 1 ਵਾਸ਼ਰੂਮ ਹੈ। ਆਪਣਾ ਮਨਪਸੰਦ ਦਾ ਕਸਟਮ ਡਰੀਮ ਹਾਊਸ ਬਣਾਉਣ ਲਈ ਪਰਮਿਟ ਅਪਰੂਵਡ। ਹਾਈਵੇ 410 ਅਤੇ ਟਾਊਨ ਆਫ ਮਿਲਟਨ ਦੇ ਨਜ਼ਦੀਕ। ਏਅਰਪੋਰਟ ਤੋਂ ਕੁੱਝ ਹੀ ਮਿੰਟਾਂ ਦੀ ਦੂਰੀ ਉਤੇ। ਹੋਰ ਜਿਆਦਾ ਜਾਣਕਾਰੀ ਲਈ ਕਾਲ ਕਰੋ: 416-802-5866




26 Yellow RomeRd

ਕੈਸਲਮੋਰ/ਗੋਰਵੇ
ਕੈਸਲਮੋਰ/ਗੋਰਵੇ ਦੇ ਏਰੀਆ ਵਿਚ ਬਹੁਤ ਹੀ ਸੁੰਦਰ ਫੁਲੀ ਅਪਗ੍ਰੇਡਡ ਘਰ। 4 ਬੈਡਰੂਮ ਵਿਦ ਇਨਸੂਟ ਅਤੇ ਵਾਕਇਨ ਕਲਾਜ਼ਿਟ, ਮਾਡਰਨ ਕਿਚਨ ਗ੍ਰੇਨਾਈਟ ਕਊਂਟਰ ਟਾਪ ਦੇ ਨਾਲ। 2 ਬੈਡਰੂਮਜ਼ ਦੀ ਫਿਨਿਸ਼ਡ ਬੇਸਮੈਂਟ ਵਿਦ ਸੈਪਰੇਟ ਐਂਟਰੈਂਸ, 6 ਵਾਸ਼ਰੂਮ, 2 ਫਰਿਜ, 2 ਸਟੋਵ, ਦੂਸਰੀ ਮੰਜਲ ਉਤੇ ਲਾਂਡਰੀ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ





Urgently Need New Listings in Brampton/Caledon
visit: www.teamjagaujla.com
Call JAG AUJLA
MCNE, REAL ESTATE BROKER
DIR: 416-371-7777
j.aujla@rogers.com
www.jagaujla.com
Follow Us:
GUARANTEED
MCNE
CALL JAG FOR A QUICK & FREE HOME EVALUATION
www.BramptonTopRealtor.com
www.BramptonTopAgent.com
URGENTLY NEED NEW LISTINGS IN THIS AREA
RECENTLY LISTED/SOLD IN YOUR NEIGHBOURHOOD BY JAG AUJLA
JUST LISTED FOR SALE IN BRANTFORD
SHELLARD LN / CONKLIN RD
2000 sq feet ਦਾ Semi-Detached ਘਰ
4 ਬੈੱਡਰੂਮ+4 ਵਾਸ਼ਰੂਮ+3 ਕਾਰ ਪਾਰਕਿੰਗ
ਸਟੇਨਲੇਸ ਸਟੀਲ ਉਪਕਰਨ
ਫਨਿਸ਼ਿਡ ਬੇਸਮੈਂਟ
ਰਸੋਈ ਵਿੱਚ ਪੋਰਸਲਿਨ ਫਲੋਰ ਟਾਇਲਸ
ਕੁਆਰਟਜ਼ ਕਾਊਂਟਰ ਟੌਪ
ਮਾਸਟਰ ਬੈੱਡਰੂਮ ਵਿੱਚ 4 ਪੀਸੀਐਸ ਐਨ ਸੁਟ ਅਤੇ ਵਾਕ ਇਨ ਅਲਮਾਰੀ
JUST LISTED FOR SALE IN BRAMPTON
WILLIAMS PKWY / CHINGUACOUSY RD
2500 - 3000 sq feet
Detach ਘਰ, ਡਬਲ ਡੋਰ ਐਂਟਰੀ
4 ਬੈੱਡਰੂਮ + ਕੰਪਿਊਟਰ ਲੋਫਟ + 3 ਵਾਸ਼ਰੂਮ + 2 ਕਾਰ ਗੈਰੇਜ
ਮਾਸਟਰ ਬੈੱਡਰੂਮ ਵਿੱਚ 5 ਪੀਸੀਐਸ ਐਨ ਸੁਟ ਅਤੇ ਵਾਕ ਇਨ ਅਲਮਾਰੀ
ਸਟੇਨਲੇਸ ਸਟੀਲ ਉਪਕਰਨ
ਹਾਈਵੇਅ 403 ਦੇ ਨੇੜੇ
SOLD
WILLIAMS PKWY / CENTRE ST
SOLD
WILLIAMS PKWY / ROYAL ORCHARD
SOLD
QUEEN ST / DIXIE RD
SOLD
SANDALWOOD / BRAIDWOOD LAKE
SOLD
HOWDEN BLVD / WILLIAM PRWY
SOLD
QUEEN ST / MCLAUGHLIN
SOLD
HWY 10 / BOVAID DR
SOLD
GOREWAY DR / QUEEN ST E
FREE
Full MLS Services
Consistently Marketing Your Property Until SOLD
Competitive Rates, Exceptional Service & Award Winning Results
Staging Consultation
Billboard, Flyer, Newspaper
Online Promotion
Professional Pictures and Virtual Tour
Social media & Radio Advertisement
Open House Until Sold
RE/MAX Realty Specialists Inc. Brokerage (Independently Owned and Operated)
Off: 905-456-3232
*(Based on units sold & commissions)* *Some Conditions Apply.
Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
JUNE 2022


Fresh Bite & Meats
FRESH, CLEAN & SAFE QUALITY MEATS
SERVING BRAMPTON SINCE 8 YEARS
Afgani Chicken Tikka $8.99 lb.
Goat Leg $5.99 lb.
Amritsari Fish Pakora $5.99 lb.
and much more!
SERVING AT 3 LOCATIONS
25 KINGS CROSS RD, #1, BRAMPTON, ON | (905) 790-3486
25 CHERRY CREST DR, BRAMPTON , ON | 905-913-1114
65 BRAYDON BLVD, #7A, BRAMPTON, ON | 905-913-1221
SUNDAY - THURSDAY: 10AM - 10PM | FRIDAY - SATURDAY: 10AM - 11PM
WE DO CATERERING (MINIMUM 30 PEOPLE)
Visit: www.freshbiteandmeat.com


ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas
SERVING FROM ALL LOCATIONS IN GTA AREA:
10 Westmore Drive Etobicoke ON M9V-3Z7 416-740-3262
21 Lacoste Blvd, Brampton, ON L6P 2K2 905 794-8109
621 Wanless drive, # 122 Brampton ON L7A 0A9 905-495-3336
1075 Ceremonial Drive Mississauga ON L5R 2Z4 905-502-1600
80 Pertosa Drive Brampton ON L5X-5E9 905-460-0009
10510 Torbram Road, Brampton 905-790-0030
2120 North park Drive Brampton ON L6S 0C9 905-793-1338
10 Pannahill Dr, Brampton 905 913-8017